ਰੋਜ਼ਾਨਾ ਲੋਕ ਬਾਣੀ
ਨੂੰ ਪੱਤਰਕਾਰਾਂ ਦੀ
ਲੋੜ
99155-94111

ਰੋਜ਼ਾਨਾ ਸੱਚ ਤੇ ਨਿਡਰ ਆਵਾਜ਼

# ਲੋਕ ਬਾਣੀ

Email : lokbani08@gmail.com | ਸ਼ਨਿਵਾਰ, 30 ਅਪ੍ਰੈਲ 2022 | ਮੁੱਖ ਸੰਪਾਦਕ :- ਅਮਨ ਮਹਿਰਾ (ਜਲੰਧਰ)

R.N.I. Punpun/29016/2008 ✲ ਸਾਲ : 14 ✲ ਅੰਕ : 414 ✲ ਮੁੱਲ : 5 .00 ਰੁਪਏ ✲ ਕੁੱਲ ਪੇਜ਼ : 10 ✲ ਫੈਕਸ : 0181-2211009 ✲ M. 99155-94111

ਇਸ਼ਤਿਹਾਰ ਲਵਾਓ
ਵਪਾਰ ਵਧਾਓ
ਰੋਜਾਨਾ ਲੋਕ ਬਾਣੀ
ਅਖਬਾਰ ਵਿਚ ਸੰਪਰਕ ਕਰੋ
0181-2211009
Newslokbani@gmail.com

## ਚੀਨ ਦੇ 27 ਸ਼ਹਿਰਾਂ ਵਿੱਚ ਲੱਗਾ ਲਾਕਡਾਊਨ



ਕੋਰੋਨਾ ਮਹਾਮਾਰੀ ਨੂੰ ਲੈ ਕੇ ਸਰਕਾਰ ਦੀ ਜ਼ੀਰੋ ਕੋਵਿਡ ਨੀਤੀ ਕਾਰਨ ਚੀਨ ਵਿਚ ਹੰਗਾਮਾ ਮਚ ਗਿਆ ਹੈ। ਜ਼ੀਰੋ ਕੋਵਿਡ ਨੀਤੀ ਦੇ ਕਾਰਨ, ਕੁਝ ਮਾਮਲਿਆਂ ਦੇ ਸਾਹਮਣੇ ਆਉਣ ਤੋਂ ਬਾਅਦ ਵੀ, ਕਰੋੜਾਂ ਦੀ ਆਬਾਦੀ ਵਾਲੇ ਸ਼ਹਿਰ ਵਿੱਚ ਤੁਰੰਤ ਤਾਲਾਬੰਦੀ ਲਗਾਈ ਜਾ ਰਹੀ ਹੈ। ਸਖਤੀ ਦਾ ਅੰਦਾਜ਼ਾ ਇਸ ਗੱਲ ਤੋਂ ਲਗਾਇਆ ਜਾ ਸਕਦਾ ਹੈ ਕਿ ਇਸ ਸਮੇਂ ਚੀਨ ਦੇ 27 ਸ਼ਹਿਰਾਂ @ਚ ਲਾਕਡਾਊਨ ਹੈ। ਇਨ੍ਹਾਂ ਸ਼ਹਿਰਾਂ ਵਿੱਚ ਰਹਿਣ ਵਾਲੀ 165 ਮਿਲੀਅਨ ਦੀ ਆਬਾਦੀ ਆਪਣੇ ਘਰਾਂ ਵਿੱਚ ਕੈਦ ਹੈ। ਇਨ੍ਹਾਂ ਵਿੱਚੋਂ ਸਭ ਤੋਂ ਮਾੜਾ ਹਾਲ ਚੀਨ ਦੀ ਆਰਥਿਕ ਰਾਜਧਾਨੀ ਸ਼ੰਘਾਈ ਅਤੇ ਸਿਆਸੀ ਰਾਜਧਾਨੀ ਬੀਜਿੰਗ ਦਾ ਹੈ। ਇੱਥੇ ਹਫ਼ਤੇ ਵਿੱਚ ਤਿੰਨ ਵਾਰ ਲੋਕਾਂ ਦੀ ਜਾਂਚ ਕੀਤੀ ਜਾ ਰਹੀ ਹੈ। ਇਸ ਦੇ ਨਾਲ ਹੀ 25 ਮਿਲੀਅਨ ਦੀ ਆਬਾਦੀ ਵਾਲੇ ਚੀਨ ਦੇ ਬੀਜਿੰਗ @ਚ ਸਾਰੇ ਸਕੂਲ ਬੰਦ ਕਰ ਦਿੱਤੇ ਗਏ ਹਨ ਅਤੇ ਵਿਆਹ ਅਤੇ ਅੰਤਿਮ ਸੰਸਕਾਰ @ਤੇ ਪਾਬੰਦੀ ਲਗਾ ਦਿੱਤੀ ਗਈ ਹੈ। ਮਹਾਂਮਾਰੀ ਦੇ ਦੌਰਾਨ, ਚੀਨ ਆਪਣੀ ਜ਼ੀਰੋ ਕੋਵਿਡ ਨੀਤੀ @ਤੇ ਕਾਇਮ ਹੈ। ਇਸ ਦੇ ਤਹਿਤ ਵਾਇਰਸ ਨੂੰ ਰੋਕਣ ਲਈ ਲਾਕਡਾਊਨ, ਮਾਸ ਟੈਸਟਿੰਗ, ਕੁਆਰੰਟੀਨ ਅਤੇ ਬਾਰਡਰ ਬੰਦ ਕਰਨ ਵਰਗੇ ਸਖ਼ਤ ਕਦਮ ਚੁੱਕੇ ਜਾ ਰਹੇ ਹਨ ਪਰ ਬਹੁਤ ਜ਼ਿਆਦਾ ਸੰਕਰਮਣ ਵਾਲੇ ਓਮਾਈਕਰੋਨ ਵੇਰੀਐਂਟ ਕਾਰਨ ਤੇਜ਼ੀ ਨਾਲ ਵਧ ਰਹੇ ਮਾਮਲਿਆਂ ਨੇ ਚੀਨ ਦੀ ਇਸ ਨੀਤੀ @ਤੇ ਸਵਾਲੀਆ ਨਿਸ਼ਾਨ ਲਗਾ ਦਿੱਤਾ ਹੈ। ਚੀਨ ਦੇ ਵੱਖ-ਵੱਖ ਸੂਬਿਆਂ ਅਤੇ ਸ਼ਹਿਰਾਂ @ਚ ਕੋਰੋਨਾ ਵਾਇਰਸ ਤੇਜ਼ੀ ਨਾਲ ਫੈਲ ਰਿਹਾ ਹੈ। ਅਜਿਹੇ @ਚ ਚੀਨ ਦੀ ਜ਼ੀਰੋ ਕੋਵਿਡ ਨੀਤੀ ਦੇ ਸਖਤ ਪਾਬੰਦੀਆਂ ਦਾ ਅਸਰ ਨਜ਼ਰ ਨਹੀਂ ਆ ਰਿਹਾ ਹੈ।

## ਵਿਅਕਤੀ ਮੋਬਾਈਲ ਟਾਵਰ ਤੇ ਚੜ੍ਹਿਆ

### ਮਾਮਲਾ ਬੰਦੀ ਸਿੰਘਾਂ ਦੀ ਰਿਹਾਈ ਦਾ......



**ਮੋਗਾ/ਬਿੱਟੂ**

**ਥਾਣਾ ਬਾਘਾਪੁਰਾਣਾ** ਅਧੀਨ ਪਿੰਡ ਰੋਡੇ ਵਿੱਚ ਅਮ੍ਰਿੰਤਧਾਰੀ ਵਿਅਕਤੀ ਜੇਲ੍ਹਾਂ ਵਿੱਚ ਸਜ਼ਾ ਕੱਟ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ, ਜਗਤਾਰ ਸਿੰਘ ਹਵਾਰਾ ਨੂੰ ਪੰਜਾਬ ਦੀ ਜੇਲ੍ਹ ਵਿੱਚ ਤਬਦੀਲ ਕਰਨ ਅਤੇ ਸੂਬੇ ’ਚ ਧਾਰਮਿਕ ਗ੍ਰੰਥਾਂ ਦੀਆਂ ਬੇਅਦਬੀਆਂ ਰੋਕਣ ਲਈ ਕਾਨੂੰਨ ਦੀ ਮੰਗ ਨੂੰ ਲੈ ਕੇ ਟਾਵਰ ਉੱਤੇ ਚੜ੍ਹ ਗਿਆ ਹੈ।

ਵੇਰਵਿਆਂ ਅਨੁਸਾਰ ਬਲਵਿੰਦਰ ਸਿੰਘ ਪਿੰਡ ਕੋਕਰੀ ਫੂਲਾ ਸਿੰਘ ਦਾ ਰਹਿਣ ਵਾਲਾ ਹੈ ਅਤੇ ਪਿੰਡ ਰੋਡੇ ਉਸ ਦਾ ਨਾਨਕਾ ਪਿੰਡ ਹੈ। ਉਹ ਅੱਜ ਤੜਕੇ 5 ਵਜੇ ਪਿੰਡ ਰੋਡੇ ਵਿਖੇ ਰਿਲਾਂਇਸ ਮੋਬਾਈਲ ਟਾਵਰ ਉੱਤੇ ਚੜ੍ਹ ਗਿਆ। ਟਾਵਰ ਉੱਤੇ ਕੇਸਰੀ ਝੰਡਾ ਲਗਾ ਕੇ ਬੈਠ ਗਿਆ ਹੈ। ਉਸਦਾ ਮੋਟਰਸਾਈਕਲ ਟਾਵਰ ਹੇਠ ਖੜ੍ਹਾ ਹੈ। ਮੋਟਰਸਾਈਕਲ ਉੱਤੇ ਖਾਲਸਾ ਏਡ ਦਾ ਸਟਿੱਕਰ ਲੱਗਾ ਹੈ। ਇਸ ਵਿਅਕਤੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਨਾਮ ਲਿਖੇ ਪੱਤਰ ਵਿੱਚ ਮੰਗਾਂ ਦਾ ਜ਼ਿਕਰ ਕੀਤਾ ਹੈ। ਇਸ ਤੋਂ ਅੱਗੇ ਬਾਪੂ ਸੂਰਤ ਸਿੰਘ ਦੀ ਘਰ ਵਾਪਸੀ ਬਾਰੇ ਵੀ ਕਿਹਾ ਹੈ।

## ਕੋਰੋਨਾ ਦੇ ਆਸਟ੍ਰੇਲੀਆ ਵਿੱਚ 47 ਹਜ਼ਾਰ ਤੋ ਨਵੇਂ ਮਾਮਲੇ ਨਵੇਂ ਮਿਲੇ



**ਸਿਡਨੀ/ਲੋਕ ਬਾਣੀ**

ਆਸਟ੍ਰੇਲੀਆ ਵਿਚ ਕੋਰੋਨਾ ਵਾਇਰਸ ਦਾ ਕਹਿਰ ਜਾਰੀ ਹੈ। ਅੱਜ ਦੇਸ਼ ਭਰ ਵਿੱਚ ਕੋਵਿਡ-19 ਦੇ 47,400 ਤੋਂ ਵੱਧ ਨਵੇਂ ਕੇਸ ਦਰਜ ਕੀਤੇ ਗਏ, ਜਿਨ੍ਹਾਂ ਵਿੱਚੋਂ ਤਕਰੀਬਨ ਅੱਧੇ ਨਿਊ ਸਾਊਥ ਵੇਲਜ਼ ਅਤੇ ਵਿਕਟੋਰੀਆ ਵਿੱਚ ਪਾਏ ਗਏ ਹਨ।ਦੇਸ਼ ਭਰ ਵਿਚ 47,430 ਨਵੇਂ ਮਾਮਲੇ ਦਰਜ ਕੀਤੇ ਗਏ ਹਨ। ਦੋਵਾਂ ਰਾਜਾਂ ਨਿਊ ਸਾਊਥ ਵੇਲਜ਼ ਅਤੇ ਵਿਕਟੋਰੀਆ ਵਿੱਚ ਸਮੂਹਿਕ ਤੌਰ @ਤੇ ਕੋਵਿਡ-19 ਦੇ 22,986 ਨਵੇਂ ਕੇਸ ਅਤੇ 14 ਮੌਤਾਂ (ਹਰੇਕ ਰਾਜ ਵਿੱਚ ਸੱਤ ਮੌਤਾਂ) ਦਰਜ ਕੀਤੀਆਂ ਗਈਆਂ।

ਵਿਕਟੋਰੀਆ ਵਿੱਚ 11,083 ਨਵੇਂ ਕੇਸ ਦਰਜ ਕੀਤੇ ਗਏ ਹਨ, ਜਦੋਂ ਕਿ ਵਾਇਰਸ ਨਾਲ ਹਸਪਤਾਲ ਵਿੱਚ 428 ਲੋਕ ਇਲਾਜ ਅਧੀਨ ਹਨ।ਇਹਨਾਂ ਵਿੱਚੋਂ 35 ਲੋਕ ਆਈਸੀਯੂ ਵਿੱਚ ਅਤੇ ਪੰਜ ਲੋਕ ਵੈਂਟੀਲੇਟਰ @ਤੇ ਹਨ।ਨਿਊ ਸਾਊਥ ਵੇਲਜ਼ ਵਿੱਚ 11,903 ਸਕਾਰਾਤਮਕ ਟੈਸਟ ਦਰਜ ਕੀਤੇ ਗਏ ਹਨ।ਇੱਥੇ 1645 ਲੋਕ ਹਸਪਤਾਲ ਵਿੱਚ ਹਨ, ਜਿਹਨਾਂ ਵਿਚੋਂ 68 ਲੋਕ ਆਈਸੀਯੂ ਵਿੱਚ ਇਲਾਜ ਅਧੀਨ ਹਨ।ਕੁਈਨਜ਼ਲੈਂਡ ਵਿੱਚ ਤਾਜ਼ਾ 24 ਘੰਟਿਆਂ ਦੀ ਰਿਪੋਰਟਿੰਗ ਮਿਆਦ ਵਿੱਚ ਕੋਵਿਡ-19 ਦੇ 4477 ਨਵੇਂ ਕੇਸ ਦਰਜ ਕੀਤੇ ਗਏ ਹਨ।ਛੇ ਲੋਕਾਂ ਦੀ ਮੌਤ ਹੋ ਗਈ ਜਦੋਂ ਕਿ 492 ਲੋਕ ਰਾਜ ਭਰ ਦੇ ਹਸਪਤਾਲਾਂ ਵਿੱਚ ਹਨ, 11 ਮਰੀਜ ਆਈਸੀਯੂ ਵਿੱਚ ਹਨ।ਦੱਖਣੀ ਆਸਟ੍ਰੇਲੀਆ ਵਿੱਚ ਹਸਪਤਾਲ ਵਿੱਚ 222 ਦੇ ਨਾਲ 3924 ਨਵੇਂ ਕੇਸ ਦਰਜ ਕੀਤੇ ਗਏ ਹਨ।ਉੱਤਰੀ ਖੇਤਰ ਵਿੱਚ 428 ਨਵੇਂ ਕੇਸ ਦਰਜ ਕੀਤੇ ਗਏ ।ਪੱਛਮੀ ਆਸਟ੍ਰੇਲੀਆ ਵਿੱਚ ਕੁੱਲ 8117 ਨਵੇਂ ਮਾਮਲੇ ਸਾਹਮਣੇ ਆਏ ਹਨ।ਨਿਊ ਸਾਊਥ ਵੇਲਜ਼ ਨੇ ਓਮੀਕਰੋਨ 21.4 ਸਬ-ਵੇਰੀਐਂਟ ਦੇ ਆਪਣੇ ਪਹਿਲੇ ਕੇਸ ਦਾ ਪਤਾ ਲਗਾਇਆ ਹੈ, ਜਿਸ ਨਾਲ ਸਿਹਤ ਮਾਹਿਰਾਂ ਵੱਲੋਂ ਕੋਰੋਨਾ ਵਾਇਰਸ ਮੁੜ ਲਾਗਾਂ ਬਾਰੇ ਚੇਤਾਵਨੀ ਦਿੱਤੀ ਗਈ ਹੈ।ਐੱਨ.ਐੱਸ.ਡਬਲਊ. ਹੈਲਥ ਨੇ ਕੱਲ੍ਹ ਦੱਖਣੀ ਅਫ਼ਰੀਕਾ ਤੋਂ ਵਾਪਸ ਆਏ ਇੱਕ ਯਾਤਰੀ ਵਿੱਚ 21.4 ਦੀ ਲਾਗ ਦੀ ਪੁਸ਼ਟੀ ਕੀਤੀ।

## ਪਟਿਆਲਾ ਹਿੰਸਕ ਟਕਰਾਅ ਮਾਮਲੇ ਵਿੱਚ ਘੱਟ ਗਿਣਤੀ ਕਮਿਸ਼ਨ ਸਖਤ



**ਪਟਿਆਲਾ/ਇਕਬਾਲ ਸਿੰਘ**

ਪਟਿਆਲਾ @ਚ ਹੋਈ ਹਿੰਸਕ ਝੜਪ ਨੂੰ ਲੈ ਕੇ ਕੇਂਦਰੀ ਘੱਟ ਗਿਣਤੀ ਕਮਿਸ਼ਨ ਨੇ ਸਖਤ ਨੋਟਿਸ ਲਿਆ ਹੈ। ਕਮਿਸ਼ਨ ਨੇ ਪੱਤਰ ਜਾਰੀ ਕਰਕੇ 7 ਦਿਨਾਂ ਵਿਚ ਪਟਿਆਲਾ @ਚ ਅੱਜ ਹੋਈ ਹਿੰਸਕ ਘਟਨਾ ਦੀ ਰਿਪੋਰਟ ਮੰਗੀ ਹੈ। ਇਸ ਮਾਮਲੇ ਵਿਚ ਕਮਿਸ਼ਨ ਦੀ ਜੁਆਇੰਟ ਸਕੱਤਰ ਐੱਨ. ਧੰਨਲਕਸ਼ਮੀ ਨੇ ਪੰਜਾਬ ਦੇ ਚੀਫ਼ ਸੈਕਟਰੀ ਅਨਿਰੁਧ ਤਿਵਾੜੀ ਨੂੰ ਪੱਤਰ ਲਿਖ ਕੇ ਰਿਪੋਰਟ ਦੀ ਮੰਗ ਕੀਤੀ ਹੈ। ਕਮਿਸ਼ਨ ਨੇ ਕਿਹਾ ਕਿ ਪਟਿਆਲਾ ਵਿਚ ਹੋਈ ਸੰਪ੍ਰਦਾਇਕ ਝੜਪ ਦੀਆਂ ਰਾਸ਼ਟਰੀ ਪੱਧਰ @ਤੇ ਆਈਆਂ ਖ਼ਬਰਾਂ ਤੋਂ ਜੋ ਜਾਣਕਾਰੀ ਮਿਲੀ ਹੈ, ਉਸ ਦੀ ਸਹੀ ਸਥਿਤੀ ਦੀ ਜਾਣਕਾਰੀ ਦੇ ਲਈ ਪੰਜਾਬ ਸਰਕਾਰ 7 ਦਿਨਾਂ ਵਿਚ ਇਕ ਰਿਪੋਰਟ ਭੇਜੇ ਤਾਂ ਕਿ ਪੰਜਾਬ ਵਿਚ ਰਹਿਣ ਵਾਲੇ ਘੱਟ ਗਿਣਤੀ ਲੋਕਾਂ ਦੇ ਅਧਿਕਾਰ ਸੁਰੱਖਿਅਤ ਕੀਤੇ ਜਾ ਸਕਣ।

## ਪੰਜਾਬ ਸਰਕਾਰ ਨੇ ਗਰਮੀ ਕਾਰਨ ਸਕੂਲਾਂ ਦਾ ਸਮਾਂ ਤੇ ਛੱਟੀਆਂ ਦਾ ਫੈਸਲਾ ਲਿਆ



**ਚੰਡੀਗੜ੍ਹ/ਵਿਨੋਦ ਸ਼ਰਮਾ**

ਸੂਬੇ @ਚ ਕਹਿਰ ਦੀ ਗਰਮੀ ਦੌਰਾਨ ਪੰਜਾਬ ਸਰਕਾਰ ਵੱਲੋਂ ਸਕੂਲਾਂ ਦੀ ਸਮਾਂ ਸਾਰਣੀ ਬਦਲ ਦਿੱਤੀ ਗਈ ਹੈ। ਸਕੂਲ ਸਿੱਖਿਆ ਵਿਭਾਗ ਦੇ ਪ੍ਰਮੁੱਖ ਸਕੱਤਰ ਵੱਲੋਂ ਸੂਬੇ ਦੇ ਸਮੂਹ ਡੀ. ਈ. ਓ. ਨੂੰ ਜਾਰੀ ਪੱਤਰ ਅਨੁਸਾਰ 2 ਮਈ ਤੋਂ ਸਕੂਲ ਸਵੇਰੇ 7 ਤੋਂ 11 ਵਜੇ ਤੱਕ ਲੱਗਣਗੇ। ਪੰਜਾਬ @ਚ ਵੱਧਦੀ ਗਰਮੀ ਨੂੰ ਦੇਖਦੇ ਹੋਏ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਾਰੇ ਸਰਕਾਰੀ, ਸਰਕਾਰੀ ਸਹਾਇਤਾ ਪ੍ਰਾਪਤ ਅਤੇ ਪ੍ਰਾਈਵੇਟ ਸਕੂਲਾਂ @ਚ 15 ਮਈ ਤੋਂ 30 ਜੂਨ ਤੱਕ ਗਰਮੀਆਂ ਦੀਆਂ ਛੁੱਟੀਆਂ ਕਰਨ ਦਾ ਫੈਸਲਾ ਕੀਤਾ ਹੈ। ਉਥੇ ਹੀ 2 ਮਈ 2022 ਤੋਂ 14 ਮਈ 2022 ਤੱਕ ਨਵੀਂ ਸਮਾਂ-ਸਾਰਣੀ ਮੁਤਾਬਕ ਸਕੂਲ ਲੱਗਣਗੇ ਜਿਸ @ਚ ਪ੍ਰਾਇਮਰੀ ਸਕੂਲ ਸਵੇਰੇ 7 ਵਜੇਂ ਤੋਂ 11 ਵਜੇ ਤੱਕ ਅਤੇ ਮਿਡਲ/ਹਾਈ/ਸੀਨੀਅਰ ਸੈਕੰਡਰੀ ਸਕੂਲ ਸਵੇਰੇ 7 ਵਜੇ ਤੋਂ 12:30 ਵਜੇ ਤੱਕ ਲੱਗਣਗੇ। ਇਸ ਦੇ ਨਾਲ ਹੀ ਸਮੂਹ ਸਕੂਲਾਂ ਵਿਚ ਗਰਮੀ ਦੀਆਂ ਛੁੱਟੀਆਂ 15 ਮਈ 2022 ਤੋਂ 30 ਜੂਨ 2022 ਤੱਕ ਹੋਣਗੀਆਂ ਪਰ ਬੱਚਿਆਂ ਦੀ ਪੜ੍ਹਾਈ ਨੂੰ ਮੁੱਖ ਰੱਖਦੇ ਹੋਏ ਸਕੂਲਾਂ ਵਿਚ 16 ਮਈ ਤੋਂ 31 ਮਈ ਤੱਕ ਆਨਲਾਈਨ ਕਲਾਸਾਂ ਲਾਏ ਜਾਣ ਦੀ ਵੀ ਸ਼ਰਤ ਰੱਖੀ ਗਈ ਹੈ।

## ਹਾਲਾਤ ਨਾਜ਼ੁਕ ਪਟਿਆਲਾ ਵਿੱਚ ਪੁਲਿਸ ਨੇ ਹਵਾਈ ਫਾਇਰ ਕੀਤੇ

**ਪਟਿਆਲਾ/ਇਕਬਾਲ ਸਿੰਘ**

ਸ਼ਿਵ ਸੈਨਾ ਬਾਲ ਠਾਕਰੇ ਦੇ ਹਰੀਸ਼ ਸਿੰਗਲਾ ਵੱਲੋਂ ਅੱਜ ਖਾਲਿਸਤਾਨੀ ਵਿਰੋਧੀ ਮਾਰਚ ਕੱਢੇ ਜਾਣ ਦਾ ਐਲਾਨ ਕੀਤਾ ਗਿਆ ਸੀ। ਜਿਸ ਦਾ ਸਿੱਖ ਜਥੇਬੰਦੀਆਂ ਵੱਲੋਂ ਵਿਰੋਧ ਕੀਤਾ ਗਿਆ। ਇਸ ਨੂੰ ਲੈ ਕੇ ਸ਼ਹਿਰ ਵਿਚ ਸਥਿਤੀ ਤਣਾਅਪੂਰਨ ਬਣ ਗਈ। ਐੱਸ.ਪੀ. ਸਿਟੀ ਹਰਪਾਲ ਸਿੰਘ, ਡੀ. ਐੱਸ.ਪੀ. ਸਿਟੀ-1 ਅਸ਼ੋਕ ਕੁਮਾਰ ਅਤੇ ਸਿਟੀ-2 ਮੋਹਿਤ ਅਗਰਵਾਲ ਅਤੇ ਡੀ.ਐੱਸ.ਪੀ ਨਾਭਾ ਰਾਜੇਸ਼ ਛਿੱਬਰ ਦੀ ਅਗਵਾਈ ਹੇਠ ਭਾਰੀ ਪੁਲਸ ਫੋਰਸ ਤਾਇਨਾਤ ਕਰ ਦਿੱਤੀ ਗਈ। ਮਿਲੀ ਜਾਣਕਾਰੀ ਮੁਤਾਬਕ ਦੋਵੇਂ ਹਿੰਦੂ-ਸਿੱਖ ਜਥੇਬੰਦੀਆਂ ਆਹਮੋ-ਸਾਹਮਣੇ ਸਨ ਅਤੇ ਦੋਵਾਂ ਵਲੋਂ ਇਕ ਦੂਜੇ ’ਤੇ ਪਥਰਾਅ ਕੀਤਾ ਗਿਆ। ਪੁਲਸ ਵਲੋਂ ਸਿੱਖ ਜਥੇਬੰਦੀਆਂ ਨੂੰ ਮਾਲ ਰੋਡ ਅਤੇ ਹਿੰਦੂ ਜਥੇਬੰਦੀਆਂ ਨੂੰ ਕਾਲੀ ਮਾਤਾ ਮੰਦਰ ਸਾਹਮਣੇ ਰੋਕ ਲਿਆ ਗਿਆ ਅਤੇ ਸਥਿਤੀ ’ਤੇ ਕਾਬੂ ਪਾਉਣ ਦੀ ਕੋਸ਼ਿਸ਼ ਕੀਤੀ ਗਈ। ਮਾਹੌਲ ਹੋਰ ਵਿਗੜਦਾ ਦੇਖ ਪ੍ਰਦਰਸ਼ਨਾਰੀਆਂ ਨੂੰ ਤਿੱਤਰ-ਬਿੱਤਰ ਕਰਨ ਲਈ ਪੁਲਸ ਵਲੋਂ ਹਵਾਈ ਫਾਇਰ ਵੀ ਕੀਤੇ ਹਨ।

ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ
ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

ਸ਼ਨਿਵਾਰ, 30 ਅਪ੍ਰੈਲ 2022

Website : www.lokbani.com
lokbani08@gmail.com

# ਲੁਟਾਂ ਖੋਹਾਂ ਕਰਨ ਵਾਲੇ ਗਰੋਹ ਦੇ ਮੁਖੀ ਸਮੇਤ ਦੋ ਗ੍ਰਿਫ਼ਤਾਰ

ਤਰਨ ਤਾਰਨ ਪੁਲਿਸ ਨੇ ਮਾਝੇ ਵਿੱਚ ਲੁਟਾਂ ਖੋਹਾਂ ਕਰਨ ਵਾਲੇ ਸੱਤ ਮੈਂਬਰੀ ਗਰੋਹ ਦੇ ਮੁਖੀ ਸੁਖਰਾਜ ਸਿੰਘ ਅਤੇ ਉਸਦੇ ਰਾਇਟ ਹੈਂਡ ਹਰਮਨ ਉਰਫ ਦਾਣਾ ਨੂੰ ਗਵਾਲੀਅਰ ਤੋਂ ਗਿਰਫ਼ਤਾਰ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਹੈ। ਸੁਖਰਾਜ ਨੇ ਕੁਝ ਸਮਾਂ ਪਹਿਲਾਂ ਸੋਸ਼ਲ ਮੀਡਿਆ ਪੇਜ ਉੱਤੇ ਪੋਸਟ ਪਾ ਕੇ ਪੁਲਿਸ ਨੂੰ ਚੈਲੇਂਜ ਵੀ ਕੀਤਾ ਸੀ ਕਿ ਜੇਕਰ ਹਿੰਮਤ ਹੈ ਤਾਂ ਉਸਨੂੰ ਗਿਰਫ਼ਤਾਰ ਕਰਕੇ ਦਿਖਾਓ। ਜਿਸ ਤੋਂ ਬਾਅਦ ਤਰਨ ਤਾਰਨ ਪੁਲਿਸ ਨੇ ਆਪਣੀ ਟੈਕਨੀਕਲ ਟੀਮ ਦੀ ਮਦਦ ਨਾਲ ਦੋਹਾਂ ਨੂੰ ਗਿਰਫ਼ਤਾਰ ਕੀਤਾ। ਦੋਹਾਂ ਦੇ ਖਿਲਾਫ ਵੱਖ ਵੱਖ ਥਾਨਿਆਂ ਵਿਚ ਪਹਿਲਾਂ ਤੋਂ ਕਈ ਅਪਰਾਧਿਕ ਮਾਮਲੇ ਦਰਜ ਹਨ। ਸੁਖਰਾਜ ਦਾ ਰਾਇਟ ਹੈਂਡ 19 ਸਾਲਾਂ ਹਰਮਨ ਉਰਫ ਦਾਣਾ ਜਿਸਨੇ 16 ਸਾਲ ਵਿੱਚ ਪਹਿਲਾ ਕਤਲ ਕੀਤਾ ਸੀ ਅਤੇ ਜਮਾਨਤ ਤੇ ਬਾਹਰ ਆਕੇ ਇਸ ਗੈਂਗ ਨਾਲ ਕੰਮ ਕਰਨ ਲੱਗ ਪਿਆ।

ਐਸ ਐਸ ਪੀ ਰਣਜੀਤ ਸਿੰਘ ਢਿੱਲੋਂ ਨੇ ਦੱਸਿਆ ਕਿ ਕੁਝ ਦਿਨ ਪਹਿਲਾਂ ਇਸ ਗਿਰੋਹ ਦੇ 7 ਦੋਸ਼ੀ ਕਰਨਦੀਪ ਸਿੰਘ ਉਰਫ



ਕਰਨ ਵਾਸੀ ਰੂੜੀਵਾਲਾ,ਹਰਮਨਜੀਤ ਸਿੰਘ ਉਰਫ ਹਰਮਨ ਵਾਸੀ ਟਾਂਡਾ,ਮਨਪ੍ਰੀਤ ਸਿੰਘ ਉਰਫ ਮਨੀ ਵਾਸੀ ਚੋਹਲਾ ਸਾਹਿਬ,ਗੁਰਪ੍ਰੀਤ ਸਿੰਘ ਉਰਫ ਗੋਪੀ ਵਾਸੀ ਚੋਹਲਾ ਸਾਹਿਬ ,ਜਗਰੂਪ ਸਿੰਘ ਉਰਫ ਜੂਪਾ ਵਾਸੀ ਜੱਲੇਵਾਲ,ਸੁਖਰਾਜ ਸਿੰਘ ਵਾਸੀ ਜੱਲੇਵਾਲ ਅਤੇ ਹਰਮਨਪ੍ਰੀਤ ਸਿੰਘ ਉਰਫ ਦਾਣਾ ਸਿੰਘ ਵਾਸੀ ਘੜਕਾ ਜੋ ਕਿ ਪਿਛਲੇ ਦਿਨ੍ਹਾ ਤੋਂ ਲੁੱਟ ਖੋਹ ਦੀਆਂ ਵਾਰਦਾਤਾ ਨੂੰ ਅੰਜ਼ਾਮ ਦਿੰਦੇ ਸਨ। ਜਿਸਤੇ ਪੁਲਿਸ ਪਾਰਟੀ ਵੱਲੋਂ ਰੇਡ ਕਰਕੇ 03 ਦੋਸ਼ੀ ਕਰਨਦੀਪ ਸਿੰਘ ਵਾਸੀ ਰੂੜੀਵਾਲਾ, ਮਨਪ੍ਰੀਤ ਸਿੰਘ ਉਰਫ ਮਨੀ ਵਾਸੀ ਚੋਹਲਾ ਸਾਹਿਬ ਅਤੇ ਹਰਮਨਜੀਤ ਸਿੰਘ ਉਰਫ ਹਰਮਨ ਵਾਸੀ ਟਾਂਡਾ ਨੂੰ ਕਾਬੂ ਕਰਕੇ ਉਹਨਾਂ ਪਾਸੋਂ ਇਕ ਪਿਸਤੌਲ ਦੇਸੀ 315 ਬੋਰ 3 ਰੌਂਦ ਜਿੰਦਾ 315 ਬੋਰ, ਦੋ ਦਾਤਰ ਅਤੇ ਮਿਤੀ 11.04.22 ਨੂੰ ਥਾਣਾ ਰਣਜੀਤ ਐਵੀਨਿਊ ਕਮਿਸ਼ਨਰੇਟ ਅੰਮ੍ਰਿਤਸਰ ਦੇ ਏਰੀਆ ਵਿੱਚੋ ਹਥਿਆਰਾਂ ਦੀ ਨੋਕ ਤੇ ਖੋਈ ਇਨੋਵਾ ਗੱਡੀ ਸਮੇਤ ਕਾਬੂ ਕੀਤਾ ਗਿਆ ਅਤੇ ਜੋ ਬਾਕੀ 4 ਦੋਸ਼ੀ ਮੌਕਾ ਤੋ ਭੱਜਣ ਵਿੱਚ ਕਾਮਯਾਬ ਹੋ ਗਏ ਸਨ। ਜਿਨ੍ਹਾ ਨੂੰ ਗ੍ਰਿਫਤਾਰ ਕਰਨ ਲਈ ਵਿਸ਼ੇਸ਼ ਟੀਮਾ ਲਗਾਈਆਂ ਗਈਆਂ ਸਨ। ਦੌਰਾਨੇ ਤਫਤੀਸ਼ ਟੈਕਨੀਕਲ ਤੱਥਾਂ ਦੇ ਅਧਾਰ ਪਰ ਅਤੇ ਖੁਫੀਆਂ ਸੋਰਸਾ ਰਾਹੀਂ ਪਤਾ ਲਗਾ ਕਿ ਦੋਸ਼ੀਆਨ ਹਰਮਨਪ੍ਰੀਤ ਸਿੰਘ ਉਰਫ ਦਾਣਾ ਵਾਸੀ ਘੜਕਾ ਅਤੇ ਸੁਖਰਾਜ ਸਿੰਘ ਵਾਸੀ ਜੱਲੇਵਾਲ ਜੋ ਮੌਕੇ ਤੋਂ ਭੱਜੇ ਸਨ ,ਜੋ ਕਿ ਗਵਾਲੀਅਰ ਵਿਖੇ ਗੁਰਦੁਆਰਾ ਸਾਹਿਬ ਬੰਦੀ ਛੋੜ ਕਿਲਾ ਨਜ਼ਦੀਕ ਘੁੰਮਦੇ ਦੇਖੇ ਗਏ ਹਨ ।ਜਿਸਤੇ ਪੁਲਿਸ ਪਾਰਟੀ ਵੱਲੋਂ ਸਪੈਸ਼ਲ ਟੀਮਾਂ ਤਿਆਰ ਕੀਤੀਆਂ ਗਈਆ ,ਜਿਸਤੇ ਪੁਲਿਸ ਪਾਰਟੀ ਵੱਲੋਂ ਗਵਾਲੀਅਰ ਪਹੁੰਚ ਕੇ ਗੁਰਦੁਆਰਾ ਸਾਹਿਬ ਬੰਦੀ ਛੋੜ ਕਿਲਾ ਲਾਗੇ ਭਾਲ ਕੀਤੀ ਗਈ ਅਤੇ ਹਰਮਨਪ੍ਰੀਤ ਸਿੰਘ ਉਰਫ ਦਾਣਾ ਵਾਸੀ ਘੜਕਾ ਅਤੇ ਸੁਖਰਾਜ ਸਿੰਘ ਵਾਸੀ ਜੱਲੇਵਾਲ ਨੂੰ ਮੌਕੇ ਤੋਂ ਗ੍ਰਿਫਤਾਰ ਕਰ ਲਿਆ ਗਿਆ ਅਤੇ ਪੰਜਾਬ ਵਿੱਚ ਲਿਆ ਕੇ ਪੁੱਛ-ਗਿੱਛ ਕੀਤੀ ਗਈ। ਪੁੱਛ-ਗਿੱਛ ਦੌਰਾਨ ਉਕਤ ਦੋਸ਼ੀਆਂ ਦੀ ਨਿਸ਼ਾਨਦੇਹੀ ਪਰ 2 ਦੇਸੀ ਕਟੇ ਅਤੇ ਗੋਲੀਆਂ ਬਰਾਮਦ ਹੋਈਆਂ । ਬਾਕੀ ਰਹਿੰਦੇ ਦੋ ਸਾਥੀਆਂ ਨੂੰ ਗ੍ਰਿਫਤਾਰ ਕਰਨ ਲਈ ਵਿਸ਼ੇਸ਼ ਟੀਮਾ ਲਗਾਈਆਂ ਗਈਆਂ ਹਨ।

# ਪੰਜਾਬ 'ਚ ਪੈਦਾ ਹੋਏ ਬਿਜਲੀ ਸੰਕਟ ਲਈ ਕੇਂਦਰੀ ਅਤੇ ਸੂਬਾਈ ਸਰਕਾਰਾਂ ਜ਼ਿੰਮੇਵਾਰ : ਭਾਕਿਯੂ ਏਕਤਾ ਡਕੌਂਦਾ



**ਬਰਨਾਲਾ/ਲੋਕ ਬਾਣੀ**

ਸਾਰੇ ਦੇਸ਼ ਵਿੱਚ ਬਿਜਲੀ ਦੀ ਘਾਟ ਕਾਰਨ ਹਾਹਾਕਾਰ ਮੱਚੀ ਹੋਈ ਹੈ। ਥਰਮਲ ਪਲਾਂਟ, ਕੋਲੇ ਦੀ ਘਾਟ ਕਾਰਨ ਬੰਦ ਹੋ ਰਹੇ ਹਨ ਅਤੇ ਮਾਰਚ ਅਪ੍ਰੈਲ ਵਿੱਚ ਮੀਂਹ ਘੱਟ ਅਤੇ ਗਰਮੀ ਵੱਧ ਪੈਣ ਕਾਰਨ ਬਿਜਲੀ ਦੀ ਮੰਗ ਬਹੁਤ ਵਧ ਗਈ ਹੈ। ਇਸ ਸੰਕਟ ਬਾਰੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਸੂਬਾ ਪ੍ਰਧਾਨ ਬੂਟਾ ਸਿੰਘ ਬੁਰਜਗਿੱਲ, ਜਨਰਲ ਸਕੱਤਰ ਜਗਮੋਹਣ ਸਿੰਘ ਪਟਿਆਲਾ, ਸੀਨੀਅਰ ਮੀਤ ਪ੍ਰਧਾਨ ਮਨਜੀਤ ਧਨੇਰ,ਮੀਤ ਪ੍ਰਧਾਨ ਗੁਰਦੀਪ ਰਾਮਪੁਰਾ, ਗੁਰਮੀਤ ਭੱਟੀਵਾਲ ਨੇ ਕਿਹਾ ਕਿ ਕੇਂਦਰ ਸਰਕਾਰ ਕਹਿ ਰਹੀ ਹੈ ਕਿ ਇਸ ਸਾਲ ਖਾਣਾਂ ਵਿੱਚੋਂ ਕੋਲਾ ਵੱਧ ਕੱਢਿਆ ਗਿਆ ਹੈ ਪਰ ਰੇਲਵੇ ਕੋਲ ਕੋਲੇ ਦੀ ਢੋ ਢੁਆਈ ਲਈ ਵੈਗਨਾਂ ਦੀ ਘਾਟ ਹੋਣ ਕਾਰਨ ਕੋਲਾ ਥਰਮਲਾਂ ਤੱਕ ਪਹੁੰਚਣ ਵਿੱਚ ਲੇਟ ਹੋ ਰਿਹਾ ਹੈ। ਇਸ ਸਾਰੇ ਵਰਤਾਰੇ ਨੂੰ ਜਾਨਣ ਲਈ ਕੋਇਲੇ ਦੀ ਸਥਿਤੀ ਤੋਂ ਜਾਣੂ ਹੋਣ ਦੀ ਲੋੜ ਹੈ ਤਾਂ ਜੋ ਬਿਜਲੀ ਸੰਕਟ ਨੂੰ ਸਹੀ ਸੰਦਰਭ ਵਿੱਚ ਮੁਖਾਤਿਬ ਹੋਇਆ ਜਾ ਸਕੇ।

ਕੋਲੇ ਦੀ ਅਸਲ ਸਥਿਤੀ : ਕੋਲਾ ਕੱਢਣ ਵਾਲਾ ਕੇਂਦਰ ਸਰਕਾਰ ਦਾ ਮਹਿਕਮਾ @ਕੋਲ ਇੰਡੀਆ ਲਿਮਟਿਡ@ ਹੈ। ਇਹ ਕੰਪਨੀ ਦੇਸ਼ ਵਿੱਚ ਕੱਢੇ ਜਾਣ ਵਾਲੇ ਕੋਲੇ ਦਾ 80% ਕੋਲਾ ਕੱਢਦੀ ਸੀ। ਪਰ ਮੋਦੀ ਸਰਕਾਰ ਨੇ ਜਨਤਕ ਖੇਤਰ ਦੇ ਅਦਾਰਿਆਂ ਪ ?ਤੀ ਧਾਰਨ ਕੀਤੀ ਨਿੱਜੀ ਕਰਨ, ਉਦਾਰੀਕਰਨ,ਸੰਸਾਰੀਕਰਨ ਦੀ ਨਿਤੀ ਤਹਿਤ ਸ਼ਰੇਆਮ ਇਹ ਐਲਾਨ ਕਰ ਦਿੱਤਾ ਹੈ ਕਿ ਸਾਰੇ ਸਰਕਾਰੀ ਅਦਾਰੇ ਵਿਕਾਊ ਹਨ, ਇਸ ਲਈ ਇਸ ਅਦਾਰੇ ਨੂੰ ਵੀ ਵੇਚਣ ਦੀਆਂ ਵਿਉਂਤਾਂ ਹਨ। ਵੇਚਣ ਵਾਸਤੇ ਮਾਹੌਲ ਬਣਾਉਣ ਲਈ ਇਸ ਅਦਾਰੇ ਦਾ ਭੋਗਪਾਉਣਾ ਜ਼ਰੂਰੀ ਹੈ। ਕੋਲ ਇੰਡੀਆ ਲਿਮਟਿਡ ਨੇ ਪਿਛਲੇ ਸਾਲਾਂ ਵਿੱਚ ਹੇਠ ਲਿਖੇ ਅਨੁਸਾਰ ਕੋਲਾ ਖਾਣਾਂ ਵਿੱਚੋਂ ਕੱਢਿਆ ਹੈ।

2018-19 = 607 ਮਿਲੀਅਨ ਟਨ
2019-20 = 602 ਮਿਲੀਅਨ ਟਨ
2020-21 = 596 ਮਿਲੀਅਨ ਟਨ
2021-22 = 622 ਮਿਲੀਅਨ ਟਨਮਤਲਬ ਪੈਦਾਵਾਰ 0.6% ਸਲਾਨਾ ਦਰ ਨਾਲ ਵਧੀ ਹੈ ਜਦੋਂ ਕਿ ਬਿਜਲੀ ਦੀ ਮੰਗ ਵਿੱਚ 6-7% ਦਾ ਸਲਾਨਾ ਵਾਧਾ ਹੋਣਾ ਆਮ ਗੱਲ ਹੈ।ਕੰਪਨੀ ਵਿੱਚ 2007 ਵਿੱਚ 4,45,815 ਮਜ਼ਦੂਰ ਅਤੇ ਮੁਲਾਜ਼ਮ ਕੰਮ ਕਰਦੇ ਸਨ। ਹਰ ਸਾਲ ਕਾਮਿਆਂ ਦੀ ਗਿਣਤੀ ਲੱਗਭਗ 13000 ਘਟਦੀ ਜਾ ਰਹੀ ਹੈ। ਸੱਤ ਸਾਲਾਂ ਤੋਂ ਨਵੀਂ ਭਰਤੀ ਬੰਦ ਕੀਤੀ ਹੋਈ ਹੈ। ਕਾਮਿਆਂ ਦੀ ਗਿਣਤੀ ਘਟਦੀ ਘਟਦੀ 2021 ਵਿੱਚ 2,60,000 ਦੇ ਲੱਗਭੱਗ ਰਹਿ ਗਈ ਹੈ।ਮੁਨਾਫ਼ਾ ਕਮਾ ਰਹੀ ਇਸ ਕੰਪਨੀ ਦੇ ਵੀਹ ਪ੍ਰਤੀਸ਼ਤ ਸ਼ੇਅਰ ਵੇਚੇ ਜਾ ਚੁੱਕੇ ਹਨ।

ਇੱਕ ਰਿਪੋਰਟ ਅਨੁਸਾਰ ਕੰਪਨੀ ਦੇ ਪੈਸੇ ਵਿੱਚੋਂ 34500 ਕਰੋੜ ਰੁਪਏ ਸਰਕਾਰ ਨੇ ਆਪਣਾ ਘਾਟਾ ਪੂਰਾ ਕਰਨ ਲਈ ਵਰਤ ਲਏ ਹਨ ਜਦਕਿ ਇਹ ਪੈਸਾ ਕੰਪਨੀ ਲਈ ਨਵੀਆਂ ਖਾਣਾਂ ਵਿਕਸਤ ਕਰਨ, ਨਵੀਂ ਮਸ਼ੀਨਰੀ ਖਰੀਦਣ ਅਤੇ ਸਟਾਫ ਭਰਤੀ ਕਰਨ ਲਈ ਵਰਤ ਕੇ ਕੋਲੇ ਦੀ ਪੈਦਾਵਾਰ ਵਧਾਈ ਜਾਣੀ ਚਾਹੀਦੀ ਸੀ।

## ਪਟਿਆਲਾ 'ਚ ਹਿੰਸਾ ਪਿੱਛੇ ਵਿਦੇਸ਼ੀ ਤਾਕਤਾਂ ਦਾ ਹੱਥ, ਪਰਦਾਫਾਸ਼ ਕਰਨਾ ਮਾਨ ਸਰਕਾਰ ਦਾ ਕੰਮ-ਅਸ਼ਵਨੀ ਸ਼ਰਮਾ



**ਚੰਡੀਗੜ੍ਹ/ਲੋਕ ਬਾਣੀ**

ਭਾਰਤੀ ਜਨਤਾ ਪਾਰਟੀ ਦੇ ਪੰਜਾਬ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਕਿਹਾ ਕਿ ਪੰਜਾਬ ਦੇ ਲਈ ਇਹ ਮੰਦਭਾਗੀ ਘਟਨਾ ਹੈ। ਬਾਹਰ ਬੈਠੇ ਲੋਕ ਪੰਜਾਬ ਦਾ ਮਹੋਲ ਤੇ ਵਿਰਸੇ ਨੂੰ ਖ਼ਰਾਬ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਨਾਲ ਹੀ ਉਨ੍ਹਾਂ ਨੇ ਕਿਹਾ ਕਿ ਵਿਰੋਧੀਆਂ ਦਾ ਪਰਦਾਫਾਸ਼ ਕਰਨਾ ਸਰਕਾਰ ਦਾ ਕੰਮ ਹੈ।

ਇਸਦੇ ਨਾਲ ਹੀ ਪੰਜਾਬ ਭਾਜਪਾ ਦੇ ਸੂਬਾਈ ਜਨਰਲ ਸਕੱਤਰ ਸੁਭਾਸ਼ ਸ਼ਰਮਾ ਨੇ ਕਿਹਾ ਕਿ ਇਹ ਸਰਕਾਰ ਤੇ ਪ੍ਰਸ਼ਾਸਨ ਦੀ ਲਾਪਰਵਾਹੀ ਹੈ ਤੇ ਪੰਜਾਬ ਦੀ ਕਾਨੂੰਨੀ ਵਿਵਸਥਾ ਖਰਾਬ ਹੋ ਗਿਆ ਹੈ। ਪਹਿਲਾਂ ਦਿਨ ਦਿਹਾੜੇ ਕਤਲ ਹੋਏ ਤੇ ਹੁਣ ਹਿੰਸਾ ਹੋਣ ਲੱਗੀ ਹੈ।

# ਪਾਕਿਸਤਾਨ ਤੋਂ ਤਸਕਰੀ ਲਈ ਆਇਆ ਡਰੋਨ ਬੀ.ਐੱਸ.ਐੱਫ਼ ਨੇ ਕੀਤਾ ਬਰਾਮਦ



**ਅੰਮ੍ਰਿਤਸਰ/ਲੋਕ ਬਾਣੀ**

ਬੀ.ਐੱਸ.ਐੱਫ਼. ਨੇ ਅੰਮ੍ਰਿਤਸਰ ਸੈਕਟਰ ਨੇੜੇ ਧਨੋਏ ਕਲਾਂ ਦੇ ਕੋਲ ਇਕ ਕਵਾਡਕਾਪਟਰ @ਮੇਡ ਇਨ ਚਾਈਨਾ@ ਦਾ ਡਰੋਨ ਦੇਖਿਆ। ਉਸ ਨੂੰ ਦੇਖ਼ਦੇ ਹੀ ਬੀ.ਐੱਸ.ਐੱਫ. ਨੇ ਫਾਇਰ ਕਰਨੇ ਸ਼ੁਰੂ ਕਰ ਦਿੱਤੇ। ਦਸ ਦੇਈਏ ਕਿ ਪਾਕਿਸਤਾਨ ਤੋਂ ਭਾਰਤੀ ਖ਼ੇਤਰ @ਚ ਇਕ ਸ਼ੱਕੀ ਉੱਡਣ ਵਾਲੀ ਚੀਜ਼/ ਡਰੋਨ ਦੇ ਦਾਖ਼ਲ ਹੋਣ ਦੀ ਗੂੰਜਦੀ ਆਵਾਜ਼ ਸੁਣੀ, ਜਿਸ ਤੋਂ ਬਾਅਦ ਉਨ੍ਹਾਂ ਨੇ ਚੌਕਸੀ ਵਰਤਦੇ ਹੋਏ ਉਸ @ਤੇ ਫਾਇਰ ਕਰਨੇ ਸ਼ੁਰੂ ਕਰ ਦਿੱਤੇ।

# ਕਾਂਗਰਸ ਨੇ ਪੰਜਾਬ 'ਚ ਇਨ੍ਹਾਂ ਆਗੂਆਂ ਨੂੰ ਦਿੱਤੀ ਵੱਡੀ ਜ਼ਿੰਮੇਵਾਰੀ



**ਚੰਡੀਗੜ੍ਹ/ਲੋਕ ਬਾਣੀ**:- ਕਾਂਗਰਸ ਨੇ ਆਪਣੀ ਪੰਜਾਬ ਇਕਾਈ ਲਈ ਸ਼ੁੱਕਰਵਾਰ ਨੂੰ ਕਈ ਸੀਨੀਅਰ ਅਹੁਦੇਦਾਰਾਂ ਦੀ ਨਿਯੁਕਤੀ ਕੀਤੀ, ਜਿਨ੍ਹਾਂ 'ਚ 5 ਉੱਪ ਪ੍ਰਧਾਨ ਸ਼ਾਮਲ ਹਨ। ਪਾਰਟੀ ਦੇ ਸੰਗਠਨ ਜਨਰਲ ਸਕੱਤਰ ਕੇ. ਸੀ. ਵੇਣੂਗੋਪਾਲ ਵੱਲੋਂ ਜਾਰੀ ਬਿਆਨ ਅਨੁਸਾਰ ਸਾਬਕਾ ਮੰਤਰੀ ਅਰੁਣਾ ਚੌਧਰੀ ਅਤੇ ਪਰਗਟ ਸਿੰਘ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦਾ ਉੱਪ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਤੋਂ ਇਲਾਵਾ ਇੰਦਰਬੀਰ ਸਿੰਘ ਬੁਲਾਰੀਆ, ਕੁਸ਼ਲਦੀਪ ਸਿੰਘ ਢਿੱਲੋਂ ਅਤੇ ਸੁੰਦਰ ਸ਼ਾਮ ਅਰੋੜਾ ਨੂੰ ਉੱਪ ਪ੍ਰਧਾਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਅਮਿਤ ਵਿੱਜ ਨੂੰ ਖਜ਼ਾਨਚੀ ਅਤੇ ਸੰਦੀਪ ਸਿੰਘ ਸੰਧੂ ਨੂੰ ਜਨਰਲ ਸਕੱਤਰ ਬਣਾਇਆ ਗਿਆ ਹੈ। ਕੁਝ ਦਿਨ ਪਹਿਲਾਂ ਹੀ ਸਾਬਕਾ ਮੰਤਰੀ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਪ੍ਰਦੇਸ਼ ਕਮੇਟੀ ਦਾ ਨਵਾਂ ਪ੍ਰਧਾਨ ਅਤੇ ਪ੍ਰਤਾਪ ਸਿੰਘ ਬਾਜਵਾ ਨੂੰ ਵਿਧਾਇਕ ਦਲ ਦਾ ਨੇਤਾ ਨਿਯੁਕਤ ਕੀਤਾ ਗਿਆ ਸੀ।

# ਸਿੱਖਿਆ ਅਧਿਕਾਰੀ ਵੱਲੋਂ ਕਿਤਾਬਾਂ ਦੀ ਵੰਡ ਦੇ ਸੰਬੰਧ ਵਿਚ ਸਕੂਲ ਮੁਖੀਆਂ ਨਾਲ ਵਰਚੁਅਲ ਮੀਟਿੰਗ ਕੀਤੀ




**ਗੁਰਦਾਸਪੁਰ/ਨਵਨੀਤ ਕੁਮਾਰ**

ਸਰਕਾਰੀ ਸਕੂਲਾਂ ਦੇ ਸ਼ੁਰੂ ਹੋਏ ਨਵੇਂ ਵਿੱਦਿਅਕ ਸੈਸ਼ਨ ਦੇ ਸਬੰਧ ਵਿੱਚ ਪੰਜਾਬ ਸਰਕਾਰ ਅਤੇ ਸਕੂਲ ਸਿੱਖਿਆ ਵਿਭਾਗ ਵੱਲੋਂ ਸਰਕਾਰੀ ਸਕੂਲਾਂ ਵਿਚ ਪੜ੍ਹਦੇ ਵਿਦਿਆਰਥੀਆਂ ਨੂੰ ਦਿੱਤੀਆਂ ਜਾ ਰਹੀਆਂ ਮੁਫਤ ਪਾਠ ਪੁਸਤਕਾਂ ਦੀ ਵੰਡ ਨੂੰ ਲੈ ਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਹਰਪਾਲ ਸਿੰਘ ਸੰਧਾਵਾਲੀਆ ਅਤੇ ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਮਦਨ ਲਾਲ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਬਲਬੀਰ ਸਿੰਘ ਵੱਲੋਂ ਜ਼ਿਲ੍ਹੇ ਦੇ ਸਮੂਹ ਸਕੂਲ ਮੁਖੀਆਂ ਨਾਲ ਵਰਚੁਅਲ ਮੀਟਿੰਗ ਕੀਤੀ ਗਈ।

ਇਸ ਮੌਕੇ ਸੰਬੋਧਨ ਕਰਦਿਆਂ ਡਿਪਟੀ ਡੀ.ਈ.ਓ ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਮੁਫ਼ਤ ਪਾਠ ਪੁਸਤਕਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਸਕੂਲ ਮੁਖੀਆਂ ਨੂੰ ਹਦਾਇਤ ਕੀਤੀ ਕਿ ਸਕੂਲਾਂ ਵਿੱਚ ਪਹੁੰਚੀਆ ਇਹ ਪਾਠ ਪੁਸਤਕਾਂ ਵਿਦਿਆਰਥੀਆਂ ਨੂੰ ਵੰਡ ਕੇ ਇਹਨਾ ਦਾ ਰਿਕਾਰਡ ਈ. ਪੰਜਾਬ ਪੋਰਟਲ @ਤੇ ਸਮੇਂ ਸਿਰ ਅਪਲੋਡ ਕੀਤਾ ਜਾਵੇ । ਉਨ੍ਹਾਂ ਨੇ ਸਮੂਹ ਸਕੂਲ ਮੁਖੀਆਂ ਨੂੰ ਨਵਾਂ ਸੈਸ਼ਨ ਸ਼ੁਰੂ ਹੋਣ ਦੀ ਵਧਾਈ ਦਿੱਤੀ ਤੇ ਮਾਪਿਆਂ ਅਤੇ ਬੱਚਿਆਂ ਦੇ ਮਾਪਿਆਂ ਨੂੰ ਅਪੀਲ ਕੀਤੀ ਕਿ ਸਰਕਾਰ ਵੱਲੋਂ ਮਿਲਣ ਵਾਲੀਆਂ ਸਹੂਲਤਾਂ ਦਾ ਫ਼ਾਇਦਾ ਲੈਣ ਲਈ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖ਼ਲ ਕਰਵਾਓ।

ਇਸ ਮੌਕੇ ਜ਼ਿਲ੍ਹਾ ਕੋਆਰਡੀਨੇਟਰ ਬੁੱਕਸ ਪਵਨ ਕੁਮਾਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਹੁਣ ਤਕ ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਜ਼ਿਲ੍ਹੇ ਵਿਚ ਪੜ੍ਹਦੇ ਸਰਕਾਰੀ ਸਕੂਲ ਦੇ ਵਿਦਿਆਰਥੀਆਂ ਲਈ ਕੁੱਲ 28 ਟਾਈਟਲ ਪ੍ਰਾਪਤ ਹੋਏ ਹਨ ਜੋ ਕਿ ਸਮੂਹ 19 ਬਲਾਕਾਂ ਨੂੰ ਪੁਜਦਾ ਕਰ ਦਿੱਤੇ ਗਏ ਹਨ ਅਤੇ ਸਮੂਹ ਬਲਾਕਾਂ ਵੱਲੋਂ ਸਮੂਹ ਸਕੂਲਾਂ ਨੂੰ ਕਿਤਾਬਾਂ ਭੇਜ ਦਿੱਤੀਆਂ ਗਈਆਂ ਹਨ । ਇਸ ਮੌਕੇ ਜੂਨੀਅਰ ਸਹਾਇਕ ਨਰਿੰਦਰ ਸ਼ਰਮਾ , ਐਮ.ਆਈ.ਐਸ ਕੋਆਰਡੀਨੇਟਰ ਮੁਨੀਸ਼ ਸਰਮਾ ਅਤੇ ਨੀਤੂ ਅੱਤਰੀ ਆਦਿ ਹਾਜ਼ਰ ਸਨ ।

# ਹਰਪਾਲ ਸਿੰਘ ਚੀਮਾ ਵੱਲੋਂ ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਦੇ ਪੈਨਸ਼ਨਰਾਂ ਨੂੰ 62.68 ਕਰੋੜ ਰੁਪਏ ਦੀ ਰਾਸ਼ੀ ਜਾਰੀ ਕਰਨ ਦੇ ਹੁਕਮ

**ਚੰਡੀਗੜ੍ਹ/ਲੋਕ ਬਾਣੀ**

ਸੂਬੇ ਦੇ ਵਿੱਤ ਅਤੇ ਸਹਿਕਾਰਤਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਦੇ ਪੈਨਸ਼ਨਰਾਂ ਅਤੇ ਉਨ੍ਹਾਂ ਦੀਆਂ ਵਿਧਵਾਵਾਂ ਲਈ 62.68 ਕਰੋੜ ਰੁਪਏ ਦੀ ਰਾਸ਼ੀ ਜਾਰੀ ਕਰਨ ਦੇ ਹੁਕਮ ਦਿੱਤੇ ਹਨ, ਤਾਂ ਜੋ ਪੈਨਸ਼ਰਾਂ ਨੂੰ ਪੈਨਸ਼ਨ ਅਤੇ ਏਰੀਅਰ ਜਾਰੀ ਕੀਤਾ ਜਾ ਸਕੇ।

ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਦੇ ਉੱਚ ਅਧਿਕਾਰੀਆਂ ਨੇ ਦੱਸਿਆ ਕਿ ਵਿੱਤ ਤੇ ਸਹਿਕਾਰਤਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਬੈਂਕ ਦੇ ਸੇਵਾ ਮੁਕਤ ਮੁਲਾਜਮਾਂ ਨਾਲ ਸਬੰਧਤ ਇਹ ਫੈਸਲਾ ਪਹਿਲ ਦੇ ਆਧਾਰ @ਤੇ ਲਿਆ ਹੈ ਤਾਂ ਕਿ ਸੈਂਕੜੇ ਪੈਨਸ਼ਨਰਾਂ ਅਤੇ ਉਨ੍ਹਾਂ ਦੀਆਂ ਵਿਧਵਾਵਾਂ ਦੇ ਸਮਾਜਿਕ ਅਤੇ ਵਿੱਤੀ ਹਿੱਤਾਂ ਦੀ ਰੱਖਿਆ ਕੀਤੀ ਜਾ ਸਕੇ। ਇਸ ਫੈਸਲੇ ਨਾਲ ਲਗਭਗ 1130 ਪੈਨਸ਼ਨਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਪੈਨਸ਼ਨ ਅਤੇ ਏਰੀਅਰ ਦਿੱਤੇ ਜਾਣਗੇ। ਉਨ੍ਹਾਂ ਅੱਗੇ ਦੱਸਿਆ ਕਿ ਇਸ ਫੈਸਲੇ ਨਾਲ ਬੈਂਕ ਨੂੰ ਵੀ ਵਿੱਤੀ ਸਹਾਇਤਾ ਮਿਲੇਗੀ।

ਸਹਿਕਾਰਤਾ ਮੰਤਰੀ ਨੇ ਬੈਂਕ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਹ ਰਕਮ ਤੁਰੰਤ ਸਾਰੇ ਲਾਭਪਾਤਰੀ ਪੈਨਸ਼ਨਰਾਂ ਅਤੇ ਉਨ੍ਹਾਂ ਦੀਆਂ ਵਿਧਵਾਵਾਂ ਦੇ ਖਾਤੇ ਵਿੱਚ ਪਾਈ ਜਾਵੇ।

ਦੱਸਣਯੋਗ ਹੈ ਕਿ ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਨੇ ਸਾਲ 1989 ਵਿੱਚ ਆਪਣੇ ਰਿਟਾਇਰਡ ਮੁਲਾਜਮਾਂ ਲਈ ਪੈਨਸ਼ਨ ਸਕੀਮ ਬਣਾਈ ਸੀ ਜੋ ਕਿ ਸਾਲ 2013 ਵਿੱਚ ਬੰਦ ਕਰ ਦਿੱਤੀ ਗਈ ਸੀ। ਬੈਂਕ ਦੇ ਰਿਟਾਇਰਡ ਮੁਲਾਜਮਾਂ ਵੱਲੋਂ ਇਸ ਫੈਸਲੇ ਖਿਲਾਫ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ ਗਈ। ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਸਾਲ 2019 ਵਿੱਚ ਪੈਨਸ਼ਨਰਾਂ ਨੂੰ ਪੈਨਸ਼ਨ ਦੇਣ ਦੇ ਹੁਕਮ ਜਾਰੀ ਕੀਤੇ ਗਏ ਜਿਸਨੂੰ ਵਿਭਾਗ ਵੱਲੋਂ ਸੁਪਰੀਮ ਕੋਰਟ ਆਫ ਇੰਡੀਆ ਵਿੱਚ ਚੁਣੌਤੀ ਦਿੱਤੀ ਗਈ। ਸੁਪਰੀਮ ਕੋਰਟ ਵੱਲੋਂ ਮਿਤੀ 11.01.2022 ਨੂੰ ਫੈਸਲਾ ਕੀਤਾ ਗਿਆ ਕਿ ਪੈਨਸ਼ਨ ਬਹਾਲ ਕੀਤੀ ਜਾਵੇ ਅਤੇ ਪੈਨਸ਼ਨਰਾਂ ਦਾ ਬਣਦਾ ਏਰੀਅਰ ਜਨਵਰੀ 2022 ਤੋਂ 12 ਬਰਾਬਰ ਮਹੀਨਾਵਾਰ ਕਿਸ਼ਤਾਂ ਵਿੱਚ ਜਾਰੀ ਕੀਤਾ ਜਾਵੇ। ਜ਼ਿਕਰਯੋਗ ਹੈ ਕਿ ਮਿਤੀ 11.01.2022 ਨੂੰ ਸੁਪਰੀਮ ਕੋਰਟ ਦਾ ਫੈਸਲਾ ਆਉਣ ਦੇ ਬਾਵਜੂਦ ਪਿਛਲੀ ਸਰਕਾਰ ਵੱਲੋਂ ਬੈਂਕ ਨੂੰ ਵਿੱਤੀ ਸਹਾਇਤਾ ਦੇਣ ਸਬੰਧੀ ਕੋਈ ਯੋਗ ਫੈਸਲਾ ਨਹੀਂ ਲਿਆ ਗਿਆ। ਹੁਣ ਵਿੱਤ ਤੇ ਸਹਿਕਾਰਤਾ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਬੈਂਕ ਦੇ ਪੈਨਸ਼ਨਰਾਂ ਅਤੇ ਉਨ੍ਹਾਂ ਦੀਆਂ ਵਿਧਵਾਵਾਂ ਦੇ ਹਿੱਤਾਂ ਨੂੰ ਹਮਦਰਦੀ ਨਾਲ ਵਿਚਾਰਦੇ ਹੋਏ ਇਸ ਮੁੱਦੇ ਨੂੰ ਪਹਿਲ ਦੇ ਆਧਾਰ @ਤੇ ਹੱਲ ਕੀਤਾ ਗਿਆ ਹੈ।

# ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵਲੋਂ ਧਾਰੀਵਾਲ ਵਿਖੇ ਲਗਾਏ ਮੁਫ਼ਤ ਮੈਡੀਕਲ ਜਾਂਚ ਕੈਂਪ ਵਿਚ 137 ਲੋੜਵੰਦਾਂ ਨੂੰ 'ਹਾਈਜੈਨਿਕ ਕਿੱਟਾਂ' ਵੰਡੀਆਂ ਗਈਆਂ



**ਗੁਰਦਾਸਪੁਰ/ਨਵਨੀਤ ਕੁਮਾਰ**

ਜ਼ਿਲ੍ਹਾ ਪ੍ਰਸ਼ਾਸਨ ਵਲੋਂ ਸਲੱਮ ਏਰੀਆ ਵਿਚ ਰਹਿੰਦੇ ਲੋਕਾਂ ਦੀ ਸਿਹਤ ਸੰਭਾਲ ਨੂੰ ਮੁੱਖ ਰੱਖਦਿਆਂ ਅੱਜ ਚੇਅਰਪਰਸਨ ਰੈੱਡ ਕਰਾਸ ਹਸਪਿਟਲ ਵੈਲਫੇਅਰ ਸੈਕਸ਼ਨ, ਗੁਰਦਾਸਪੁਰ ਸ੍ਰੀਮਤੀ ਸ਼ੇਹਲਾ ਕਾਦਰੀ ਧਰਮਪਤਨੀ ਡਿਪਟੀ ਕਮਿਸ਼ਨਰ ਜਨਾਬ ਮੁਹੰਮਦ ਇਸ਼ਫਾਕ ਵਲੋਂ ਧਾਰੀਵਾਲ ਸ਼ਹਿਰ ਅੰਦਰ ਰਾਜੀਵ ਕਾਲੋਨੀ ਨਜ਼ਦੀਕ ਰੇਲਵੇ ਫਾਟਕ (ਨਹਿਰ ਦੇ ਕਿਨਾਰੇ) ਵਿਚ ਪੈਂਦੇ ਸਲੱਮ ਏਰੀਏ ਵਿਚ ਰਹਿੰਦੇ ਲੋਕਾਂ/ਮਰੀਜ਼ਾਂ ਦੀ ਸਹੂਲਤ ਲਈ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵਲੋਂ ਲਗਾਏ ਮੁਫ਼ਤ ਮੈਡੀਕਲ ਕੈਂਪ ਵਿਚ ਸ਼ਿਰਕਤ ਕੀਤੀ ਤੇ 137 ਲੋੜਵੰਦਾਂ ਨੂੰ 'ਹਾਈਜੈਨਿਕ ਕਿੱਟਾਂ' ਵੰਡੀਆਂ । ਇਸ ਸਿਹਤ ਵਿਭਾਗ ਦੇ ਸਹਿਯੋਗ ਨਾਲ ਲਗਾਏ ਗਏ ਮੈਡੀਕਲ ਕੈਂਪ ਵਿਚ 63 ਮਰੀਜ਼ਾਂ ਦੀ ਜਾਂਚ ਕਰਕੇ ਮੁਫਤ ਦਵਾਈਆਂ ਵੰਡੀਆਂ ਗਈਆਂ।

ਇਸ ਮੌਕੇ ਗੱਲਬਾਤ ਕਰਦਿਆਂ ਚੇਅਰਪਰਸਨ ਰੈੱਡ ਕਰਾਸ ਹਾਸਪਿਟਲ ਵੈਲਫੇਅਰ ਸੈਕਸ਼ਨ, ਗੁਰਦਾਸਪੁਰ ਸ੍ਰੀਮਤੀ ਸ਼ੇਹਲਾ ਕਾਦਰੀ ਨੇ ਦੱਸਿਆ ਕਿ ਜਿਲਾ ਰੈੱਡ ਕਰਾਸ ਸੁਸਾਇਟੀ ਵਲੋ ਹਮੇਸ਼ਾ ਲੋੜਵੰਦ ਲੋਕਾਂ ਦੀ ਮਦਦ ਕੀਤੀ ਜਾਂਦੀ ਹੈ, ਜਿਸ ਦੇ ਚੱਲਦਿਆਂ ਜਿਲ੍ਹੇ ਦੇ ਸਲੱਮ ਖੇਤਰਾਂ ਤੇ ਸਰਹੱਦੀ ਪਿੰਡਾਂ ਅੰਦਰ ਮੁਫਤ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ। ਇਸ ਮੌਕੇ ਉਨਾਂ ਵਲੋਂ ਸਲੱਮ ਏਰੀਏ ਦੀਆਂ ਝੁੱਗੀਆਂ ਵਿਚ ਜਾ ਕੇ ਲੋਕਾਂ ਨਾਲ ਗੱਲਬਾਤ ਕੀਤੀ ਗਈ ਅਤੇ ਕਿਹਾ ਕਿ ਉਹ ਆਪਣੇ ਆਲੇ-ਦੁਆਲੇ ਸਾਫ-ਸਫਾਈ ਦਾ ਪੂਰਾ ਧਿਆਨ ਰੱਖਣ ਅਤੇ ਮੈਡੀਕਲ ਕੈਂਪ ਦਾ ਵੱਧ ਤੋਂ ਵੱਧ ਫਾਇਦਾ ਲੈਣ।

# ਵਿਸ਼ਵ ਟੀਕਾਕਰਣ ਹਫਤੇ ਅਧੀਨ ਜਾਗਰੂਕਤਾਂ ਰੈਲੀ ਕੱਢੀ




**ਗੁਰਦਾਸਪੁਰ/ਨਵਨੀਤ ਕੁਮਾਰ**

ਅੱਜ ਮਾਨਯੋਗ ਸਿਵਲ ਸਰਜਨ ਡਾ ਵਿਜੇ ਕੁਮਾਰ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਵਿਸ਼ਵ ਟੀਕਾਕਰਣ ਹਫਤੇ ਅਧੀਨ ਜਾਗਰੂਕਤਾਂ ਰੈਲੀ ਕੱਢੀ ਗਈ। ਇਸ ਵਿੱਚ ਏ.ਐਨ.ਐਮ ਸਕੂਲਾ ਦੇ ਬੱਚਿਆ ਨੇ ਨਾਲ ਮਿਲ ਕੇ ਹੈਲਪ ਏਜ ਇੰਡਿਆ ਵੱਲੋਂ ਸਹਿਯੋਗ ਕੀਤਾ। ਜਿਸ ਵਿੱਚ ਆਮ ਲੋਕਾ ਨੂੰ ਟੀਕਾਕਰਣ ਦੀ ਮਹਤਤਾ ਬਾਰੇ ਜਾਗਰੂਕ ਕੀਤਾ ਗਿਆ । ਜਿਲਾ ਟੀਕਾਕਰਣ ਅਫਸਰ ਡਾ ਅਰਵਿੰਦ ਕੁਮਾਰ ਜੀ ਨੇ ਇਕ ਮੌਕੇ ਤੇ ਟੀਕਾਕਰਣ ਦੀਆ ਉਪਲਬੱਧੀਆ ਬਾਰੇ ਦੱਸਦੇ ਹੋਏ ਦਸਿਆ ਕਿ ਅਸੀ ਪੋਲਿਓ ਬਿਮਾਰੀ ਉੱਤੇ ਜਨਤਾ ਦੇ ਸਹਿਯੋਗ ਨਾਲ 100% ਜਿੱਤ ਪ੍ਰਾਪਤ ਕਰ ਚੁੱਕੇ ਹਾਂ। ਲੇਕਿਨ ਗੁਆਂਢੀ ਦੇਸ਼ਾ ਵਿੱਚ ਅੱਜ ਵੀ ਪੋਲਿਓ ਦੇ ਕੇਸ ਹੋ ਰਹੇ ਹਨ ਜਿਸ ਕਰਕੇ ਪੋਲਿਓ ਦੀ ਵੈਕਸੀਨ ਲਗਾਤਾਰ ਲਗਾਈ ਜਾ ਰਹੀ ਹੈ ਅੱਗੇ ਟੀਕਾਕਰਣ ਬਾਰੇ ਦੱਸਦੇ ਹੋਏ ਜਿਲਾ ਟੀਕਾਕਰਣ ਅਫਸਰ ਨੇ ਦਸਿਆ ਕਿ ਕੋਵਿਡ-19 ਵੈਕਸੀਨੇਸਨ ਦਾ ਵੀ ਟਿਚਾ ਕਾਫੀ ਹੱਦ ਤੱਕ ਪ੍ਰਾਪਤ ਕਰ ਚੁੱਕੇ ਹੇ । ਕੋਵਿਡ ਵੈਕਸੀਨੇਸਨ ਦੀ ਚੰਗੀ ਕਵਰੇਜ ਨਾਲ ਅਸੀ ਇਸ ਬਿਮਾਰੀ ਉੱਤੇ ਜਿੱਤ ਪ੍ਰਾਪਤ ਕਰ ਰਹੇ ਹਾ। ਉਹਨੇ ਨੇ ਜਨਤਾ ਨੂੰ ਅਪੀਲ ਕੀਤੀ ਕਿ ਬੱਚਿਆ ਨੂੰ ਗੰਭੀਰ ਬਿਮਾਰੀਆਂ ਤੋ ਬਚਾਉਣ ਲਈ 237, Pentevelant, Polio Drops, Rota Vaccine Drops , PCV , MR ਅਤੇ IPV ਦਾ ਟੀਕਾਕਰਣ ਕਰਵਾਉਣਾ ਲਾਜਮੀ ਹੈ। ਇਸ ਤੋ ਇਲਾਵਾ ਗਰਭਵੱਤੀ ਮਹਿਲਾਵਾਂ ਨੂੰ "➣ ਵੈਕਸੀਨ ਦੀਆਂ ਦੋ ਡੋਜਾ ਲਗਵਾਉਣਾ ਅਤਿ ਜਰੂਰੀ ਹੈ। ਇਸ ਮੌਕੇ ਤੇ ਡਾ ਭਾਰਤ ਭੂਸ਼ਣ (ਸਹਾਇਕ ਸਿਵਲ ਸਰਜਨ), ਡਾ ਕੱਲਸੀ , ਡਾ ਮਮਤਾ, ਡਾ ਅਨੀਤਾ, ਡਾ ਵੰਦਨਾ, ਡਾ ਸ਼ਰਨਪ੍ਰੀਤ ਸਿੰਘ, ਵਿਲਿਅਮ ਗਿੱਲ , ਸੰਦੀਪ ਸਿੰਘ, 1©$ ਸੋਨੀਆ, ਮਲਕੀਤ ਸਿੰਘ, ਬਘੇਲ ਸਿੰਘ ਅਤੇ ਗੁਰਿੰਦਰ ਕੌਰ ਜਿਲਾ ਡਿਪਟੀ ਮਾਸ ਮੀਡੀਆ ਅਫਸਰ ਸ਼ਾਮਲ ਸਨ।

# ਵਿਦਿਆਰਥੀ ਅਤੇ ਅਧਿਆਪਕ ਵਿਰੋਧੀ ਨਵੀਂ ਸਿੱਖਿਆ ਨੀਤੀ ਦਾ ਕੀਤਾ ਵਿਰੋਧ - ਪੀ ਐਸ ਯੂ



**ਸ਼ਹੀਦ ਭਗਤ ਸਿੰਘ ਨਗਰ/ਲੋਕ ਬਾਣੀ**

ਪੰਜਾਬ ਸਟੂਡੈਂਟਸ ਯੂਨੀਅਨ ਵੱਲੋਂ ਸ਼ਹੀਦ- ਏ- ਆਜ਼ਮ ਭਗਤ ਸਿੰਘ ਆਈ ਟੀ ਆਈ (ਲੜਕੇ)ਵਿਖੇ ਕੇਂਦਰ ਦੀ ਮੋਦੀ ਸਰਕਾਰ ਦੀ ਫਾਸ਼ੀਵਾਦੀ ਅਤੇ ਕੇਂਦਰੀਕਰਨ ਦੀ ਨੀਤੀ ਖਿਲਾਫ਼ ਰੋਸ ਮੁਜ਼ਾਹਰਾ ਕੀਤਾ ਗਿਆ। ਇਸ ਮੌਕੇ ਪੰਜਾਬ ਸਟੂਡੈਂਟਸ ਯੂਨੀਅਨ ਦੇ ਜਿਲ੍ਹਾ ਆਗੂ ਰਾਜੂ ਬਰਨਾਲਾ, ਆਈ ਟੀ ਆਈ (ਲੜਕੇ)ਦੇ ਮੀਤ ਪ੍ਰਧਾਨ ਜਸ਼ਨ ਕੁਮਾਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਕੇਂਦਰ ਦੀ ਬੀ ਜੇ ਪੀ ਸਰਕਾਰ ਲਗਾਤਾਰ ਪੰਜਾਬ ਹੱਕਾਂ ਉਪਰ ਆਪਣਾ ਕਬਜ਼ਾ ਕਰਨ ਦੀ ਕੋਸ਼ਿਸ਼ ਕਰ ਰਹੀ ਹੈ ਫਿਰ ਉਹ ਚਾਹੇ ਪੰਜਾਬ ਦੇ ਪਾਣੀਆਂ ਦੀ ਗੱਲ ਹੋਵੇ ਜਾਂ ਚੰਡੀਗੜ੍ਹ ਨੂੰ ਆਪਣੇ ਅਧੀਨ ਕਰਨ ਦੀ ਗੱਲ ਹੋਵੇ। ਉਨ੍ਹਾਂ ਨੇ ਕਿਹਾ ਕਿ ਬੀ ਜੇ ਪੀ ਸੰਘ ਦੀ ਸਰਕਾਰ ਹੈ ਜੋ ਦੇਸ਼ ਵਿੱਚ ਲਗਾਤਾਰ ਹਿੰਸਕ ਘਟਨਾਵਾਂ ਨੂੰ ਅੰਜਾਮ ਦੇ ਰਹੀ ਤੇ ਸੰਘ ਦਾ ਆਪਣਾ ਏਜੰਡਾ ਇੱਕ ਧਰਮ ,ਇੱਕ ਦੇਸ਼, ਇੱਕ ਭਾਸ਼ਾ ਜਿਸ ਦੇ ਤਹਿਤ ਦੇਸ਼ ਵਿੱਚ ਘੱਟ ਗਿਣਤੀਆਂ ਦੇ ਹਮਲੇ ਕਰਵਾ ਰਹੀ ਹੈ ਜਿਵੇਂ ਕਿ ਦਿੱਲੀ ਦੇ ਜਹਾਂਗੀਰਪੁਰੀ ਵਿੱਚ ਮੁਸਲਮਾਨਾਂ ਦੀਆਂ ਬਸਤੀਆਂ ਢਾਹੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਹੋਰ ਤਾ ਹੋਰ ਬੀ ਜੇ ਪੀ ਸਰਕਾਰ ਹੁਣ ਨਵੀਂ ਸਿੱਖਿਆ ਨੀਤੀ ਦੇ ਤਹਿਤ ਆਪਣਾ ਏਜੰਡਾ ਲਾਗੂ ਕਰਨ ਵਿੱਚ ਪਿੱਛੇ ਨੀ ਹੱਟ ਰਹੀ ਕਿਉਕਿ ਸਿੱਖਿਆ ਨੀਤੀ ਬਿਲਕੁਲ ਵਿਦਿਆਰਥੀ ਤੇ ਅਧਿਆਪਕ ਵਿਰੋਧੀ ਹੈ ਕਿਉਕਿ ਇਸ ਵਿੱਚ ਕਿਤੇ ਵੀ ਰਾਖਵੇਕਰਨ ਦਾ ਜ਼ਿਕਰ ਨਹੀਂ ਕੀਤਾ ਗਿਆ ਤੇ ਨਾ ਹੀ ਕੇਂਦਰ ਨੇ ਅਧਿਆਪਕਾਂ ਦੀ ਭਰਤੀ ਬਾਰੇ ਕੋਈ ਗੱਲ ਕੀਤੀ ਉਨਾਂ ਨੇ ਅਧਿਆਪਕਾਂ ਦੀ ਭਰਤੀ ਦੀ ਜਗ੍ਹਾ ਤੇ ਵਲੰਟੀਅਰ ਸ਼ਬਦ ਦੀ ਵਰਤੋਂ ਕੀਤੀ ਹੈ ਜਿਸਦਾ ਅਰਥ ਹੈ ਸਵੈ ਇੱਛਕ ਅਧਿਆਪਕ ਔਰ ਇਹ ਲਾਜ਼ਮੀ ਹੈ ਕਿ ਇਹ ਅਧਿਆਪਕ ਆਰ ਐੱਸ ਐਸ ਦੇ ਹੋਣਗੇ ਜੋ ਸਾਨੂੰ ਮੰਨੂਸਮਿਰਤੀ ਬਾਰੇ ਗਿਆਨ ਦੇਣਗੇ ਜਿਹੜੀ ਕਿ ਬਿਲਕੁਲ ਦਲਿਤਾਂ ਤੇ ਘੱਟ ਗਿਣਤੀਆਂ ਦੇ ਵਿਰੋਧੀ ਹੈ। ਉਨਾ ਕਿਹਾ ਕਿ ਪਿੰਡਾਂ ਦੇ ਵਿੱਚ ਪ੍ਰੀਪੇਡ ਮੀਟਰ ਵੀ ਇਸੇ ਨੀਤੀ ਤਹਿਤ ਲਗਾਏ ਜਾ ਰਹੇ ਹਨ ਅਤੇ ਇਸ ਨੀਤੀ ਤਹਿਤ ਆਈ ਟੀ ਆਈਆਂ ਦਾ ਨਾਜ਼ੀਕਰਨ ਹੋਣਾ ਤਹਿ ਹੈ ਇਸ ਤੋਂ ਬਾਅਦ ਵਿਦਿਆਰਥੀਆਂ ਨੇ ਕੇਂਦਰ ਦੀ ਇਸ ਨੀਤੀ ਦਾ ਵਿਰੋਧ ਕਰਨ ਦਾ ਐਲਾਨ ਕੀਤਾ ਤੇ ਕਿਹਾ ਕਿ ਪਿੰਡਾਂ ਵਿੱਚ ਬਿਜਲੀ ਦੇ ਪ੍ਰੀਪੇਡ ਮੀਟਰ ਨਹੀਂ ਲੱਗਣ ਦਿੱਤੇ ਜਾਣਗੇ। ਇਸ ਮੌਕੇ ਆਈ ਟੀ ਆਈ ਦੇ ਸੀਨੀਅਰ ਮੀਤ ਪ੍ਰਧਾਨ ਰਾਹੁਲ ਤੋਮਰ, ਸੈਕਟਰੀ ਯੁਗੇਸ਼, ਸਲਾਹਕਾਰ ਹਰਜਿੰਦਰ ਅਤੇ ਵਿਦਿਆਰਥੀ ਵਿਸ਼ਾਲ ਕੁਮਾਰ,ਓਪਿੰਦਰਜੀਤ ਸਿੰਘ ਜੱਸਲ, ਸੁਖਵਿੰਦਰ ਸਿੰਘ, ਸੋਰਵ ਕੁਮਾਰ, ਰਣਜੋਤ, ਜੱਸੀ, ਗੁਰਮੁਖ ਸਿੰਘ, ਵਿਸ਼ਾਲ, ਗੁਰਦਿਆਲ ਸਿੰਘ ਆਰੀਅਨ ਰਾਣਾ, ਰਵੀ ਕੁਮਾਰ, ਵਿਸ਼ਾਲ ਕੁਮਾਰ, ਸਾਹਿਲ ਰਾਜਪੂਤ, ਵਿਸ਼ਾਲੀ, ਤਰਨਜੀਤ ਕੌਰ, ਦਲਵੀਰ ਕੌਰ, ਨੇਹਾ, ਜੋਤੀ ਆਦਿ ਵਿਦਿਆਰਥੀ ਹਾਜ਼ਰ ਸਨ।

# ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮਨ ਦੀ ਇੱਕ ਬੱਸ ਨੂੰ ਲੱਗੀ ਅੱਗ, ਜਾਨੀ ਨੁਕਸਾਨ ਤੋਂ ਬਚਾਅ



**ਜਗਰਾਉਂ/ਅਰਜੁਨ ਸਹਿਜਪਾਲ**

ਅੱਜ ਪਿੰਡ ਕਮਾਲਪੁਰਾ ਦੇ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮਨ ਦੀ ਇੱਕ ਬੱਸ ਨੂੰ ਅੱਗ ਲੱਗ ਗਈ। ਇਸ ਹਾਦਸੇ ਦੀ ਪ੍ਰਾਪਤ ਜਾਣਕਾਰੀ ਅਨੁਸਾਰ ਕਾਲਜ ਦੀ ਬੱਸ ਵਿਦਿਆਰਥਣਾਂ ਨੂੰ ਘਰ ਵਾਪਸ ਛੱਡਣ ਲਈ ਪਿੰਡ ਰਣਧੀਨਗੜ੍ਹ ਤੋਂ ਪਿੰਡ ਭੰਮੀਪੁਰਾ ਕਲਾਂ ਵੱਲ ਜਾ ਰਹੀ ਸੀ ਤਾਂ ਰਸਤੇ ਵਿੱਚ ਸੜਕ ਉੱਪਰ ਧੂੰਆਂ ਹੋਣ ਕਾਰਨ ਸੜਕ ਦਿਖਾਈ ਨਹੀਂ ਦਿੱਤੀ ਅਤੇ ਬੱਸ ਖੇਤ ਵਿੱਚ ਜਾ ਡਿੱਗੀ ਜਿਸ ਵਿੱਚ ਅੱਗ ਲੱਗੀ ਹੋਈ ਸੀ। ਇਸ ਨਾਲ ਬੱਸ ਨੂੰ ਵੀ ਅੱਗ ਲੱਗ ਗਈ ਪਰ ਡਰਾਈਵਰ ਨੇ ਬਹੁਤ ਹਿੰਮਤ ਨਾਲ ਸਾਰੀਆਂ ਵਿਦਿਅਰਥਣਾਂ ਨੂੰ ਬੱਸ ਵਿੱਚੋਂ ਬਾਹਰ ਕੱਢ ਲਿਆ ਜਿਸ ਨਾਲ ਕੋਈ ਵੀ ਜਾਨੀ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ। ਕਾਲਜ ਦੇ ਪ੍ਰਿੰਸੀਪਲ ਵੀ ਜਾਣਕਾਰੀ ਮਿਲਣ ਉਪਰੰਤ ਮੌਕੇ ਤੇ ਪਹੁੰਚ ਗਏ ਸਨ ਅਤੇ ਵਿਦਿਆਰਥਣਾਂ ਨੂੰ ਦੂਸਰੀ ਬੱਸ ਰਾਹੀਂ ਸੁਰੱਖਿਅਤ ਘਰ ਪਹੁੰਚਾ ਦਿੱਤਾ ਗਿਆ। ਪਰ ਜਦੋਂ ਇਸ ਘਟਨਾ ਦੀ ਜਾਣਕਾਰੀ ਲੈਣ ਲਈ ਪੱਤਰਕਾਰਾਂ ਵਲੋਂ ਪ੍ਰਿੰਸੀਪਲ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮਨ ਨੂੰ ਸੰਪਰਕ ਕੀਤਾ ਗਿਆ ਤਾਂ ਉਹਨਾਂ ਨੇ ਬਾਰ-ਬਾਰ ਫੋਨ ਕਰਨ ਤੇ ਵੀ ਜਰੂਰੀ ਨਾ ਸਮਝਦੇ ਹੋਏ ਫੋਨ ਕੱਟ ਦਿੱਤਾ।

# ਨਸ਼ੇ ਦੇ ਆਦੀ ਵਿਆਕਤੀ ਵਲੋਂ ਆਪਣੇਂ ਗਲੇ 'ਚ' ਬਲੇਡ ਮਾਰ-ਮਾਰ ਕੇ ਆਤਮ ਹੱਤਿਆ ਕਰਨ ਦੀ ਕੋਸ਼ਿਸ਼




**ਸ਼ਹੀਦ ਭਗਤ ਸਿੰਘ ਨਗਰ/ਲੋਕ ਬਾਣੀ**

ਸਥਾਨਕ ਮੁਹੱਲਾ ਰੌਤਾਂ ਵਿਖੇ ਨਸ਼ੇ ਦੇ ਆਦੀ ਵਿਆਕਤੀ ਵਲੋਂ ਆਪਣੇ ਗਲੇ ਵਿੱਚ ਬਲੇਡ ਮਾਰ ਕੇ ਆਤਮ ਹੱਤਿਆ ਕਰਨ ਦੀ ਕੋਸ਼ਿਸ਼ ਕੀਤੀ ਗਈ ਤੇ ਗੰਭੀਰ ਰੂਪ ਵਿੱਚ ਫੱਟੜ ਹੋ ਗਿਆ।ਦੁਪਹਿਰ ਤਿੰਨ ਵਜੇ ਦੇ ਕਰੀਬ ਜਦੋਂ ਲੂ ਥਪੇੜੇ ਮਾਰ ਰਹੀ ਸੀ ਤੇ ਲੋਕ ਗਰਮੀ ਕਾਰਨ ਬਾਹਰ ਨਹੀਂ ਨਿਕੱਲਦੇ ਸਨ ਕਿ ਇੱਕ 42 ਸਾਲਾਂ ਵਿਆਕਤੀ ਜਿਸ ਨੂੰ ਮੁਹੱਲਾ ਨਿਵਾਸੀ ਚਿੱਟੇ ਦਾ ਆਦੀ ਦੱਸਦੇ ਹਨ।ਉਹ ਵਿਆਕਤੀ ਭੁਵਨੇਸ਼ਵਰੀ ਮੰਦਿਰ ਦੇ ਨਜ਼ਦੀਕ ਇੱਕ ਟੈਲੀਕਾਮ ਦੀ ਦੁਕਾਨ ਅੰਦਰ ਦਾਖਲ ਹੋ ਗਿਆ।ਉਕੱਤ ਵਿਆਕਤੀ ਨੇ ਆਪਣੇਂ ਹੱਥ ਵਿੱਚ ਬਲੇਡ ਫੜਿਆ ਹੋਇਆ ਸੀ ਤੇ ਆਪਣੀਂ ਗਰਦਨ ਵਿੱਚ ਬਲੇਡ ਮਾਰ ਮਾਰ ਕੇ ਕਹਿ ਰਿਹਾ ਸੀ ਕਿ ਅੱਜ ਮੈਂ ਤੇਰੀ ਦੁਕਾਨ ਅੰਦਰ ਹੀ ਮਰਨਾ ਹੈ।ਇਹ ਰੌਲਾ ਸੁਣਕੇ ਕੇ ਅਤੇ ਇਸ ਦਰਦਨਾਕ ਦ੍ਰਿਸ਼ ਨੂੰ ਦੇਖ ਕੇ ਦੁਕਾਨ ਦਾ ਮਾਲਕ ਟੀਟੂ ਅਹੂਜਾ ਵੀ ਘਬਰਾ ਗਿਆ ਤੇ ਉਸਨੇ ਪੁਲਿਸ ਥਾਂਣਾ ਰਾਹੋਂ ਵਿਖੇ ਫੋਨ ਕਰ ਦਿੱਤਾ।ਰੌਲੇ ਦੀ ਆਵਾਜ਼ ਨਾਲ ਆਲੁ ਦੁਆਲੇ ਦੇ ਦੁਕਾਨਦਾਰ ਤੇ ਮੁਹੱਲਾ ਨਿਵਾਸੀ ਵੀ ਵੱਡੀ ਗਿਣਤੀ ਵਿੱਚ ਇਕੱਠੇ ਹੋ ਗਏ।ਮੁਹੱਲਾ ਨਿਵਾਸੀਆਂ ਨੇ ਦੱਸਿਆ ਕਿ ਉਕੱਤ ਵਿਆਕਤੀ ਦਾ ਨਾਂ ਦੌਲਤ ਰਾਮ (42) ਪੁੱਤਰ ਧਿਆਨ ਚੰਦ ਮੁਹੱਲਾ ਦਿਵਾਨਿਆਂ ਦੱਸਿਆ ਤੇ ਕਿਹਾ ਕਿ ਇਸ ਨਛੇੜੀ ਵਿਆਕਤੀ ਨੇ 7-8 ਮਹੀਨੇ ਪਹਿਲਾਂ ਆਪਣੇਂ ਭਰਾ ਨਾਲ ਲੜਕੇ ਵੀ ਗਲੇ ਵਿੱਚ ਬਲੇਡ ਮਾਰ ਲਏ ਸਨ।ਮੌਕੇ ਤੇ ਤੈਨਾਤ ਪੀ.ਸੀ.ਆਰ ਕਰਮਚਾਰੀਆਂ ਨੇ ਦੱਸਿਆ ਕਿ ਬਲੇਡ ਮਾਰਨ ਵਾਲਾ ਵਿਆਕਤੀ ਨਸ਼ਾ ਕਰਦਾ ਹੈ ਤੇ ਗਲੀ ਵਿੱਚ ਅਕਸਰ ਗਾਲਾਂ ਕੱਢਦਾ ਰਹਿੰਦਾ ਹੈ।ਪੁਲਿਸ ਵਲੋਂ ਉਸਨੂੰ ਗੰਭੀਰ ਹਾਲਤ ਵਿੱਚ ਨਵਾਂਸ਼ਹਿਰ ਕਿਸੇ ਹਸਪਤਾਲ ਦਾਖਲ ਕਰਵਾਉਂਣ ਲਈ ਭੇਜਿਆ ਗਿਆ।ਟੈਲੀਕਾਮ ਦੀ ਦੁਕਾਨ ਦੇ ਅੰਦਰ ਅਤੇ ਬਾਹਰ ਖੂਨ ਹੀ ਖੂਨ ਡੁੱਲਿਆ ਪਿਆ ਸੀ।ਦੱਸਿਆ ਜਾਂਦਾ ਹੈ ਕਿ ਪੁਲਿਸ ਦੀ ਨਸ਼ੇ ਖਿਲਾਫ ਮੁਹਿੰਮ ਚਲਾਣ ਕਾਰਨ ਤੇ ਨਾਕੇ ਲਾਗਾਉਂਣ ਨਾਲ ਨਸ਼ੇ ਦੇ ਆਦੀ ਵਿਆਕਤੀ ਹੁਣ ਆਤਮ ਹੱਤਿਆ ਵੱਲ੍ਹ ਨੂੰ ਭੱਜ ਕਰ ਰਹੇ ਹਨ।ਮੌਕੇ ਤੇ ਐਸ.ਐਚ.ਓ. ਰਾਜੀਵ ਕੁਮਾਰ ਸਬ ਇੰਸਪੈਕਟਰ ਕਮਲਜੀਤ ਸਿੰਘ, ਏ.ਐਸ.ਆਈ. ਪਰਮਜੀਤ ਕੁਮਾਰ ਤੇ ਪੁਲਿਸ ਮੁਲਾਜ਼ਮ ਪਹੁੰਚ ਗਏ।ਐਸ.ਐਚ.ਓ. ਰਾਜੀਵ ਕੁਮਾਰ ਨੇ ਦੁਕਾਨਦਾਰਾਂ ਅਤੇ ਮੁਹੱਲਾ ਨਿਵਾਸੀਆਂ ਨਾਲ ਗੱਲਬਾਤ ਕਰਕੇ ਦੋਸ਼ੀ ਤੇ ਕਾਰਵਾਈ ਕਰਨ ਦਾ ਭਰੋਸਾ ਦਵਾਇਆ।

# ਪੰਜਾਬ ਸਰਕਾਰ ਦੀ 24 ਘੰਟੇ ਬਿਜਲੀ ਸਪਲਾਈ ਵਾਲੀ ਪਹਿਲੀ ਗਰੰਟੀ ਨਿਕਲੀ ਫੋਕੀ : ਬਾਜਵਾ

**ਭੁਲੱਥ/ਧਵਨ**:- ਪਿਛਲੇ 3-4 ਦਿਨ ਤੋ ਸੂਬੇ ਵਿੱਚ ਲੱਗ ਰਹੇ ਬਿਜਲੀ ਕੱਟ ਤੋ ਸੂਬੇ ਦੇ ਲੋਕ ਬਹੁਤ ਪ੍ਰੇਸ਼ਾਨ ਹੋ ਚੁੱਕੇ ਹਨ ਅਤੇ ਇਸ ਵੱਧਗੀ ਗਰਮੀ ਨਾਲ ਲੱਗਦੇ ਬਿਜਲੀ ਕੱਟ ਲੋਕਾਂ ਨੂੰ ਬਹੁਤ ਪ੍ਰਭਾਵਿਤ ਕਰਦੇ ਹਨ। ਇਸ ਬਾਰੇ ਹਲਕਾ ਭੁਲੱਥ ਤੋ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਮੈਂਬਰ ਗੁਰਵਿੰਦਰ ਸਿੰਘ ਬਾਜਵਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਡੇ-ਵੱਡੇ ਦਾਅਵੇ ਕਰਨ ਦੇ ਬਾਵਜੂਦ ਬਿਜਲੀ ਸਪਲਾਈ ਦੇਣ @ਚ ਪੂਰੀ ਤਰ੍ਹਾਂ ਨਾਕਾਮ ਸਾਬਤ ਹੋਈ ਹੈ। ਜਿਕਰ ਕੀਤਾ ਕਿ ਵਿਧਾਨ ਸਭਾ ਚੋਣਾਂ ਸਮੇਂ ਆਮ ਆਦਮੀ ਪਾਰਟੀ ਵੱਲੋਂ ਕਿਹਾ ਗਿਆ ਸੀ ਕਿ ਪਹਿਲੀ ਗਰੰਟੀ ਮੁਫਤ ਤੇ 24 ਘੰਟੇ ਬਿਜਲੀ ਹੋਵੇਗੀ, ਪਰ ਹਕੀਕਤ ਵਿੱਚ ਪਹਿਲੀ ਗਰੰਟੀ ਸਰਕਾਰ ਦੀ ਫੋਕੀ ਨਿਕਲੀ ਹੈ। ਰੋਜਾਨਾਂ ਲੱਗ ਰਹੇ ਬਿਜਲੀ ਦੇ ਲੰਬੇ ਕੱਟ ਨੇ ਲੋਕਾਂ ਨੂੰ ਪ੍ਰੇਸ਼ਾਨ ਕਰ ਦਿੱਤਾ ਹੈ ਅਤੇ ਕਈ ਦੁਕਾਨਦਾਰੀਆਂ ਤੇ ਅਸਰ ਪੈ ਰਿਹਾ ਹੈ। ਕਿਹਾ ਕਿ ਪੰਜਾਬ @ਚ ਬਿਜਲੀ ਸੰਕਟ ਪੈਦਾ ਹੋਣ ਨਾਲ ਖੇਤੀ ਮੋਟਰਾਂ ਦੇ ਫੀਡਰ ਪੂਰੀ ਤਰ੍ਹਾਂ ਬੰਦ ਰਹਿੰਦੇ ਹਨ, ਵੱਡੇ ਪਾਵਰ ਕੱਟ ਲੱਗਣ ਕਾਰਨ ਖੇਤਾਂ @ਚ ਹਰਾ ਚਾਰਾ, ਸਬਜ਼ੀਆਂ, ਮੱਕੀ, ਕਮਾਦ ਫਸਲਾਂ ਨੂੰ ਪੂਰਾ ਪਾਣੀ ਨਾ ਮਿਲਣ ਕਾਰਨ ਫਸਲਾਂ ਸੁੱਕ ਰਹੀਆਂ ਹਨ। ਬਾਜਵਾ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਕਾਰਪੋਰੇਟ ਘਰਾਣਿਆਂ ਦੇ ਦਬਾਅ ਹੇਠ ਖੇਤੀ ਸੈਕਟਰ ਨੂੰ ਨਿੱਜੀ ਹੱਥਾਂ @ਚ ਦੇਣ ਲਈ ਕੇਂਦਰ ਸਰਕਾਰ ਦੇ ਨਕਸ਼ੇ ਕਦਮਾਂ @ਤੇ ਚੱਲ ਰਹੀ ਹੈ। ਬਾਜਵਾ ਨੇ ਕਿਹਾ ਕਿ ਸਰਕਾਰ ਦਾ ਕੋਈ ਵਿਕਾਸ ਵਾਲਾ ਰੋਡ ਮੈਪ ਬਣਦਾ ਨਜਰ ਨਹੀ ਆ ਰਿਹਾ ਕਿਹਾ ਕਿ ਮੁਫਤ ਬਿਜਲੀ ਯੂਨਿਟ ਦੇਣ ਦਾ ਡਰਾਮਾ ਖੇਡ ਸਰਕਾਰ ਨੇ ਸਾਰੇ ਵਰਗਾਂ ਦੇ ਲੋਕਾਂ ਵਿੱਚ ਫਿੱਕ ਪਾਉਂਣ ਦੀ ਕੋਸ਼ਿਸ ਕੀਤੀ ਸੀ ਅਤੇ ਪੰਜਾਬ ਦੀ ਭਾਈਚਾਰਕ ਸਾਂਝ ਵਿਗਾੜਣ ਲਈ ਸਰਕਾਰ ਆਉਂਣ ਵਾਲੇ ਸਮੇਂ 'ਚ ਹੋਰ ਕੋਝੀਆਂ ਚਾਲਾ ਚੱਲ ਸਕਦੀ ਹੈ।



# ਪਟਿਆਲਾ ’ਚ ਹਿੰਦੂ-ਸਿੱਖ ਜਥੇਬੰਦੀਆਂ ’ਚ ਝੜਪ, ਕਾਲੀ ਮਾਤਾ ਮੰਦਰ ’ਚ ਮਾਹੌਲ ਤਣਾਅਪੂਰਨ





**ਪਟਿਆਲਾ/ਇਕਬਾਲ ਸਿੰਘ**

ਪਟਿਆਲਾ ਦੇ ਆਰੀਆ ਸਮਾਜ ਵਿਖੇ ਸਥਿਤੀ ਉਸ ਸਮੇਂ ਤਣਾਅਪੂਰਨ ਹੋ ਗਈ ਜਦੋਂ ਸ਼ਿਵ ਸੈਨਾ ਦੇ ਵਰਕਰਾਂ ਵੱਲੋਂ ਗਰਮ ਖਿਆਲੀ ਦਾ ਪੁਤਲਾ ਫੂਕਣ ਦੀ ਤਿਆਰੀ ਸ਼ੁਰੂ ਕੀਤੀ ਜਾ ਰਹੀ ਸੀ। ਇਸ ਦੀ ਭਿਣਕ ਲੱਗਦਿਆਂ ਹੀ ਮੌਕੇ @ਤੇ ਪੁੱਜੇ ਖ਼ਾਲਿਸਤਾਨੀ ਵਰਕਰਾਂ ਨੇ ਵਿਰੋਧ ਕਰਨਾ ਸ਼ੁਰੂ ਕਰ ਦਿੱਤਾ ਤੇ ਦੋਵੇਂ ਧਿਰ ਆਹਮੋ-ਸਾਹਮਣੇ ਹੋ ਗਈਆਂ। ਹਾਲਾਂਕਿ ਸਥਿਤੀ ਨੂੰ ਕਾਬੂ ਕਰਨ ਲਈ ਪਹਿਲਾਂ ਹੀ ਪੁਲਿਸ ਪ੍ਰਸ਼ਾਸਨ ਵੱਲੋਂ ਪੁਖ਼ਤਾ ਪ੍ਰਬੰਧ ਕੀਤੇ ਗਏ ਸਨ। ਦੋਵਾਂ ਧਿਰਾਂ ਨੇ ਪੁਲਿਸ ਪ੍ਰਸ਼ਾਸਨ ਵੱਲੋਂ ਸਮਝਾ ਕੇ ਵਾਪਸ ਭੇਜ ਦਿੱਤਾ ਗਿਆ। ਪਰ ਮਾਮਲਾ ਇੱਥੇ ਹੀ ਸ਼ਾਂਤ ਨਹੀਂ ਹੋਇਆ।ਪਟਿਆਲਾ ਦੇ ਆਰੀਆ ਸਮਾਜ ਵਿਖੇ ਸਥਿਤੀ ਉਸ ਸਮੇਂ ਤਣਾਅਪੂਰਨ ਹੋ ਗਈ ਜਦੋਂ ਸ਼ਿਵ ਸੈਨਾ ਦੇ ਵਰਕਰਾਂ ਵੱਲੋਂ ਗਰਮ ਖਿਆਲੀ ਦਾ ਪੁਤਲਾ ਫੂਕਣ ਦੀ ਤਿਆਰੀ ਸ਼ੁਰੂ ਕੀਤੀ ਜਾ ਰਹੀ ਸੀ। ਇਸ ਦੀ ਭਿਣਕ ਲੱਗਦਿਆਂ ਹੀ ਮੌਕੇ @ਤੇ ਪੁੱਜੇ ਖ਼ਾਲਿਸਤਾਨੀ ਵਰਕਰਾਂ ਨੇ ਵਿਰੋਧ ਕਰਨਾ ਸ਼ੁਰੂ ਕਰ ਦਿੱਤਾ ਤੇ ਦੋਵੇਂ ਧਿਰ ਆਹਮੋ-ਸਾਹਮਣੇ ਹੋ ਗਈਆਂ। ਹਾਲਾਂਕਿ ਸਥਿਤੀ ਨੂੰ ਕਾਬੂ ਕਰਨ ਲਈ ਪਹਿਲਾਂ ਹੀ ਪੁਲਿਸ ਪ੍ਰਸ਼ਾਸਨ ਵੱਲੋਂ ਪੁਖ਼ਤਾ ਪ੍ਰਬੰਧ ਕੀਤੇ ਗਏ ਸਨ। ਦੋਵਾਂ ਧਿਰਾਂ ਨੇ ਪੁਲਿਸ ਪ੍ਰਸ਼ਾਸਨ ਵੱਲੋਂ ਸਮਝਾ ਕੇ ਵਾਪਸ ਭੇਜ ਦਿੱਤਾ ਗਿਆ। ਪਰ ਮਾਮਲਾ ਇੱਥੇ ਹੀ ਸ਼ਾਂਤ ਨਹੀਂ ਹੋਇਆ।

## ਵਧਦੇ ਤਾਪਮਾਨ ਦੇ ਮੱਦੇਨਜ਼ਰ ਪੰਜਾਬ ਸਰਕਾਰ ਨੇ ਸਕੂਲਾਂ ਨੂੰ ਲੈ ਕੇ ਲਿਆ ਵੱਡਾ ਫੈਸਲਾ- ਇਸ ਦਿਨ ਤੋਂ ਗਰਮੀਆਂ ਦੀਆਂ ਛੁੱਟੀਆਂ ਹੋਣਗੀਆਂ- ਪੜ੍ਹੋ ਹੁਕਮਾਂ ਦੀ ਕਾਪੀ

**ਲੁਧਿਆਣਾ/ਸੁਖਚੈਨ ਮਹਿਰਾ**

ਪੰਜਾਬ ਵਿੱਚ ਵੱਧ ਰਹੀ ਗਰਮੀ ਦੇ ਮੱਦੇਨਜ਼ਰ ਪੰਜਾਬ ਸਰਕਾਰ ਨੇ ਸਕੂਲਾਂ ਦੇ ਸਮੇਂ ਵਿੱਚ ਸੋਧ ਕਰਨ ਦਾ ਫੈਸਲਾ ਕੀਤਾ ਹੈ। ਸਿੱਖਿਆ ਵਿਭਾਗ ਵੱਲੋਂ ਜਾਰੀ ਪੱਤਰ ਅਨੁਸਾਰ 2 ਮਈ ਤੋਂ ਸਾਰੇ ਪ੍ਰਾਇਮਰੀ ਸਕੂਲ ਸਵੇਰੇ 7 ਵਜੇ ਤੋਂ 11 ਵਜੇ ਤੱਕ ਅਤੇ ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲ ਸਵੇਰੇ 7 ਵਜੇ ਤੋਂ ਦੁਪਹਿਰ 12.30 ਵਜੇ ਤੱਕ ਖੁੱਲ੍ਹਣਗੇ, ਨਾਲ ਹੀ 15 ਮਈ ਤੋਂ ਜੂਨ ਤੱਕ ਖੁੱਲ੍ਹਣਗੇ । ਸਾਰੇ ਸਕੂਲਾਂ ਵਿੱਚ 30 ਹੈ।ਪਰ ਵਿਦਿਆਰਥੀਆਂ ਦੀ ਪੜ੍ਹਾਈ ਨੂੰ ਧਿਆਨ ਵਿੱਚ ਰੱਖਦਿਆਂ 16 ਮਈ ਤੋਂ 31 ਮਈ ਤੱਕ ਆਨਲਾਈਨ ਕਲਾਸਾਂ ਲਾਈਆਂ ਜਾਣਗੀਆਂ।

# ਪਟਿਆਲਾ ਵਿਚ ਤਨਾਅਪੂਰਵਕ ਹਲਾਤਾਂ ਦੌਰਾਨ ਕਰਫਿਊ ਦੇ ਹੁਕਮ ਜਾਰੀ



**ਪਟਿਆਲਾ/ਇਕਬਾਲ ਸਿੰਘ**

ਵਿਖੇ ਸ਼ਿਵ ਸੈਨਾ ਤੇ ਸਿੱਖ ਜਥੇਬੰਦੀਆਂ ਵਿਚਾਲੇ ਮਾਰਚ ਕੱਢਣ ਨੂੰ ਲੈ ਕੇ ਹੋਏ ਵਿਵਾਦ ਤੋਂ ਬਾਅਦ ਹਾਲਾਤ ਕਾਬੂ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਪਟਿਆਲਾ ਪ੍ਰਸ਼ਾਸਨ ਨੇ ਜ਼ਿਲ੍ਹੇ ਵਿੱਚ ਕਰਫਿਊ ਲਗਾਉਣ ਦੇ ਆਰਡਰ ਜਾਰੀ ਕੀਤੇ ਹਨ। ਕਰਫਿਊ ਅੱਜ ਸ਼ਾਮ 7 ਵਜੇ ਤੋਂ ਲੈ ਕੇ ਸ਼ਨੀਵਾਰ ਸਵੇਰੇ 6 ਵਜੇ ਤੱਕ ਲਗਾਇਆ ਜਾਵੇਗਾ।

ਭਾਰਤ ਵਿੱਚ ਪਾਬੰਦੀਸ਼ੁਦਾ ਸੰਸਥਾ ‘ਸਿੱਖਸ ਫਾਰ ਜਸਟਿਸ’ ਤੇ ਗੁਰਪਤਵੰਤ ਸਿੰਘ ਪੰਨੂ ਵੱਲੋਂ 29 ਅਪ੍ਰੈਲ ਨੂੰ ਡੀਸੀ ਦਫਤਰ ਉਪਰ ਖ਼ਾਲਿਸਤਾਨੀ ਝੰਡਾ ਫਹਿਰਾਉਣ ਦੀ ਗੱਲ ਆਖੀ ਗਈ ਸੀ।ਹਿੰਦੂ ਸੰਗਠਨ ਵੱਲੋਂ ਇਸ ਦੇ ਵਿਰੋਧ ਵਿੱਚ ਮਾਰਚ ਕੱਢਣ ਦਾ ਐਲਾਨ ਕੀਤਾ ਗਿਆ ਸੀ।ਸਿੱਖ ਜਥੇਬੰਦੀਆਂ ਦੇ ਕਾਰਕੁਨਾਂ ਅਤੇ ਸ਼ਿਵ ਸੈਨਾ ਦਰਮਿਆਨ ਪਥਰਾਅ ਵੀ ਹੋਇਆ ਹੈ ਅਤੇ ਇਨ੍ਹਾਂ ਹਾਲਾਤਾਂ ਨੂੰ ਕਾਬੂ ਕਰਨ ਲਈ ਪੁਲਿਸ ਵੱਲੋਂ ਹਵਾਈ ਫਾਇਰਿੰਗ ਵੀ ਕੀਤੀ ਗਈ ਹੈ। ਜਿੱਥੇ ਸਿੱਖ ਜਥੇਬੰਦੀਆਂ ਵੱਲੋਂ ਖਾਲਿਸਤਾਨ ਜ਼ਿੰਦਾਬਾਦ ਦੇ ਨਾਅਰੇ ਲਗਾਉਂਦੇ ਹੋਏ ਮਾਰਚ ਕੱਢਣ ਦੀ ਕੋਸ਼ਿਸ਼ ਕੀਤੀ ਗਈ ਉੱਥੇ ਹੀ ਸ਼ਿਵ ਸੈਨਾ ਵੱਲੋਂ ਇਸ ਦੇ ਉਲਟ ਖਾਲਿਸਤਾਨ ਮੁਰਦਾਬਾਦ ਦੇ ਨਾਅਰੇ ਲਗਾਏ ਗਏ ਹਨ। ਪ੍ਰਸ਼ਾਸਨ ਵੱਲੋਂ ਹਾਲਾਤ ਕਾਬੂ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

# ਪਟਿਆਲਾ ਵਿਚ ਤਨਾਅਪੂਰਵਕ ਹਲਾਤਾਂ ਦੌਰਾਨ ਕਰਫਿਊ ਦੇ ਹੁਕਮ ਜਾਰੀ



**ਪਟਿਆਲਾ/ਇਕਬਾਲ ਸਿੰਘ**

ਵਿਖੇ ਸ਼ਿਵ ਸੈਨਾ ਤੇ ਸਿੱਖ ਜਥੇਬੰਦੀਆਂ ਵਿਚਾਲੇ ਮਾਰਚ ਕੱਢਣ ਨੂੰ ਲੈ ਕੇ ਹੋਏ ਵਿਵਾਦ ਤੋਂ ਬਾਅਦ ਹਾਲਾਤ ਕਾਬੂ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਪਟਿਆਲਾ ਪ੍ਰਸ਼ਾਸਨ ਨੇ ਜ਼ਿਲ੍ਹੇ ਵਿੱਚ ਕਰਫਿਊ ਲਗਾਉਣ ਦੇ ਆਰਡਰ ਜਾਰੀ ਕੀਤੇ ਹਨ। ਕਰਫਿਊ ਅੱਜ ਸ਼ਾਮ 7 ਵਜੇ ਤੋਂ ਲੈ ਕੇ ਸ਼ਨੀਵਾਰ ਸਵੇਰੇ 6 ਵਜੇ ਤੱਕ ਲਗਾਇਆ ਜਾਵੇਗਾ। ਭਾਰਤ ਵਿੱਚ ਪਾਬੰਦੀਸ਼ੁਦਾ ਸੰਸਥਾ ‘ਸਿੱਖਸ ਫਾਰ ਜਸਟਿਸ’ ਤੇ ਗੁਰਪਤਵੰਤ ਸਿੰਘ ਪੰਨੂ ਵੱਲੋਂ 29 ਅਪ੍ਰੈਲ ਨੂੰ ਡੀਸੀ ਦਫਤਰ ਉਪਰ ਖ਼ਾਲਿਸਤਾਨੀ ਝੰਡਾ ਫਹਿਰਾਉਣ ਦੀ ਗੱਲ ਆਖੀ ਗਈ ਸੀ।ਹਿੰਦੂ ਸੰਗਠਨ ਵੱਲੋਂ ਇਸ ਦੇ ਵਿਰੋਧ ਵਿੱਚ ਮਾਰਚ ਕੱਢਣ ਦਾ ਐਲਾਨ ਕੀਤਾ ਗਿਆ ਸੀ।ਸਿੱਖ ਜਥੇਬੰਦੀਆਂ ਦੇ ਕਾਰਕੁਨਾਂ ਅਤੇ ਸ਼ਿਵ ਸੈਨਾ ਦਰਮਿਆਨ ਪਥਰਾਅ ਵੀ ਹੋਇਆ ਹੈ ਅਤੇ ਇਨ੍ਹਾਂ ਹਾਲਾਤਾਂ ਨੂੰ ਕਾਬੂ ਕਰਨ ਲਈ ਪੁਲਿਸ ਵੱਲੋਂ ਹਵਾਈ ਫਾਇਰਿੰਗ ਵੀ ਕੀਤੀ ਗਈ ਹੈ। ਜਿੱਥੇ ਸਿੱਖ ਜਥੇਬੰਦੀਆਂ ਵੱਲੋਂ ਖਾਲਿਸਤਾਨ ਜ਼ਿੰਦਾਬਾਦ ਦੇ ਨਾਅਰੇ ਲਗਾਉਂਦੇ ਹੋਏ ਮਾਰਚ ਕੱਢਣ ਦੀ ਕੋਸ਼ਿਸ਼ ਕੀਤੀ ਗਈ ਉੱਥੇ ਹੀ ਸ਼ਿਵ ਸੈਨਾ ਵੱਲੋਂ ਇਸ ਦੇ ਉਲਟ ਖਾਲਿਸਤਾਨ ਮੁਰਦਾਬਾਦ ਦੇ ਨਾਅਰੇ ਲਗਾਏ ਗਏ ਹਨ। ਪ੍ਰਸ਼ਾਸਨ ਵੱਲੋਂ ਹਾਲਾਤ ਕਾਬੂ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

# 75 ਸਾਲਾਂ ਬਾਅਦ ਹਲਕਾ ਧਰਮਕੋਟ ਨੂੰ ਮਿਲੀ ਫਾਇਰ ਬ੍ਰਿਗੇਡ ਗੱਡੀ ਦੀ ਸਹੂਲਤ



## ਆਪ ਦੇ ਵਰਕਰਾਂ ਨੇ ਹਲਕਾ ਵਿਧਾਇਕ ਤੇ ਪੰਜਾਬ ਦੇ ਮੁੱਖ ਮੰਤਰੀ ਦਾ ਕੀਤਾ ਧੰਨਵਾਦ

**ਮੋਗਾ/ਫਤਹਿਗੜ੍ਹ/ਪੰਜਤੂਰ ਦਵਿੰਦਰ ਸਿੰਘ ਬਿੱਟੂ ਸਹੋਤਾ**

ਪੰਜਾਬ ਅੰਦਰ ਸਿਆਸੀ ਪਾਰਟੀਆਂ ਅੱਜ ਤਕ ਵਿਕਾਸ ਦੇ ਰਾਗ ਤੇ ਹੀ ਲੋਕਾਂ ਨੂੰ ਉਲਝਾ ਰਹੀਆਂ ਸਨ। ਪਰ ਹਰ ਹਲਕੇ ਦੀ ਪਹਿਲੀ ਲੋੜ ਨੂੰ ਪੂਰਾ ਨਹੀਂ ਕਰ ਸਕੀਆਂ , ਅੱਜ ਤੱਕ ਜ਼ਿਲ੍ਹੇ ਲੇਬਲ ਤੋਂ ਲੈ ਕੇ ਹਲਕੇ ਪੱਧਰ ਤਕ ਹਰ ਵਰਗ ਨੂੰ ਮਿਲਣ ਵਾਲੀ ਮੁੱਖ ਲੋਡ ? ਵੱਲ ਕਿਸੇ ਦਾ ਵੀ ਧਿਆਨ ਨਹੀਂ ਸੀ ਗਿਆ ਜਿਸ ਦੀ ਪੂਰਤੀ ਨੂੰ ਪੂਰਾ ਕਰਦਿਆਂ ਹਲਕਾ ਧਰਮਕੋਟ ਦੇ ਨੌਜਵਾਨ ਵਿਧਾਇਕ ਨੇ ਹਲਕੇ ਦੀ ਵੱਡੀ ਅਤੇ ਲੋੜੀਂਦੀ ਲੋੜ ਨੂੰ ਪੂਰਾ ਕਰ ਦਿੱਤਾ ਹੈ । ਜਿਸ ਨਾਲ ਹਲਕੇ ਅੰਦਰ ਹਰ ਵਰਗ ਖੁਸ਼ ਨਜ਼ਰ ਆ ਰਿਹਾ ਹੈ , ਹੁਣ ਹਲਕਾ ਧਰਮਕੋਟ ਅੰਦਰ ਵਾਪਰ ਰਹੀਆਂ ਅੱਗ ਦੀਆਂ ਵੱਡੀਆਂ ਦੁਰਘਟਨਾਵਾਂ ਤੋਂ ਵੱਡੀ ਰਾਹਤ ਮਿਲੇਗੀ , ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਦਵਿੰਦਰਜੀਤ ਸਿੰਘ ਲਾਡੀ ਢੋਸ ਨੇ ਕਿਹਾ ਕਿ ਹਲਕਾ ਧਰਮਕੋਟ ਜੋ ਪਿਛਲੇ 70 -75 ਸਾਲਾਂ ਤੋਂ ਫਾਇਰ ਬ੍ਰਿਗੇਡ ਗੱਡੀਆਂ ਨੂੰ ਤਰਸ ਰਿਹਾ ਸੀ ਅੱਜ ਹਲਕਾ ਧਰਮਕੋਟ ਦੀ ਇਹ ਮੁੱਢਲੀ ਮੰਗ ਪੂਰੀ ਹੋ ਚੁੱਕੀ ਹੈ ,ਤੇ ਹਲਕਾ ਧਰਮਕੋਟ ਚ ਇਸ ਦਾ ਫਾਇਰ ਸਟੇਸ਼ਨ ਤੇ ਪੂਰੀ ਟੀਮ ਤੇ 3 ਗੱਡੀਆਂ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਹਰੀ ਝੰਡੀ ਤੇ ਮਨਜ਼ੂਰੀ ਦੇ ਕੇ ਰਵਾਨਾ ਕੀਤਾ ਗਿਆ ਹੈ। ਇਸ ਲਈ ਮੈਂ ਹਲਕਾ ਧਰਮਕੋਟ ਦੇ ਸਮੂਹ ਵੋਟਰਾਂ ਅਤੇ ਪੰਜਾਬ ਦੇ ਸੀ ਐਮ ਭਗਵੰਤ ਮਾਨ ਦਾ ਦਿਲੋਂ ਧੰਨਵਾਦ ਕਰਦਾ ਹਾਂ ਜਿਸ ਨੇ ਹਲਕੇ ਦੀ ਮੁੱਖ ਮੰਗ ਨੂੰ ਪੂਰਾ ਕੀਤਾ ਹੈ ਇਸ ਮੌਕੇ ਪ੍ਰੈਸ ਦੇ ਰੂਬਰੂ ਹੁੰਦਿਆਂ ਕਸਬਾ ਫਤਿਹਗਡ ? ਪੰਜਤੂਰ ਦੇ ਨੌਜੁਆਨ ਆਪ ਦੇ ਆਗੂ ਭੁਪੇਸ਼ ਕੁਮਾਰ ਗਰਗ ਸ਼ਹਿਰੀ ਪ੍ਰਧਾਨ ਜਸਵੰਤ ਸਿੰਘ ਜੱਸ ਅਲਾਹਾਬਾਦ, ਸਾਧੂ ਸਿੰਘ ਮੰਦਰ ਕਲਾਂ , ਮਨਿੰਦਰ ਸਿੰਘ ਗਿੱਲ (ਕਾਕੇ ਸਾਹ) ਇੰਦਰਜੀਤ ਸਿੰਘ ਗਿੱਲ ਡ . ਗੁਰਸਿਮਰਨ ਸਿੰਘ ਢੋਟ, ਸੁਰਜੀਤ ਸਿੰਘ ਭੋਲਾ ਆਡ ?ਤੀਆ, ਬਿੱਟੂ ਆਡ ?ਤੀਆ,ਡ. ਲਛਮਣ ਸਿੰਘ ਅਜੈਬ ਸਿੰਘ ਲਲਿਹਾਂਦੀ ,ਦਰਸ਼ਨ ਸਿੰਘ ਉੱਪਲ ਦਿਲਬਾਗ ਸਿੰਘ ਮੇਲਕ ਕੰਗਾਂ , ਨਵਦੀਪ ਸਿੰਘ ਸਹੋਤਾ ਮੰਦਰ ਕਲਾ ਨੇ ਹਲਕਾ ਧਰਮਕੋਟ ਦੇ ਐਮ ਐਲ ਏ ਦਵਿੰਦਰਜੀਤ ਸਿੰਘ ਲਾਡੀ ਢੋਸ ਅਤੇ ਪੰਜਾਬ ਦੇ ਮੁੱਖ ਮੰਤਰੀ ਦਾ ਧੰਨਵਾਦ ਕੀਤਾ ।

# ਵੈਟ ਅਤੇ ਜੀਐਸਟੀ ਦੇ ਸਾਰੇ ਬਕਾਇਆ ਕੇਸਾਂ ਨੂੰ ਜੂਨ ਦੇ ਅੰਤ ਤੱਕ ਕਲੀਅਰ ਕਰੋ: ਟੈਕਸ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਕਿਹਾ

## ਕੇ ਕੇ ਯਾਦਵ ਨੇ ਜਾਅਲੀ ਫਰਮਾਂ ਨੂੰ ਨਸ਼ਟ ਕਰਨ ਲਈ ਵੱਡੇ ਪੱਧਰ 'ਤੇ ਮੁਹਿੰਮ ਸ਼ੁਰੂ ਕਰਨ ਦਾ ਐਲਾਨ ਕੀਤਾ

**ਲੁਧਿਆਣਾ/ਸੁਖਚੈਨ ਮਹਿਰਾ**

ਪੰਜਾਬ ਦੇ ਕਰ ਕਮਿਸ਼ਨਰ ਕਮਲ ਕਿਸ਼ੋਰ ਯਾਦਵ ਨੇ ਅੱਜ ਟੈਕਸ ਅਧਿਕਾਰੀਆਂ ਨੂੰ ਵੈਟ ਅਤੇ ਜੀਐਸਟੀ ਦੇ ਬਕਾਇਆ ਪਏ ਸਾਰੇ ਕੇਸਾਂ ਨੂੰ ਜੂਨ ਦੇ ਅੰਤ ਤੱਕ ਵਾਪਸ ਕਰਨ ਦੇ ਨਿਰਦੇਸ਼ ਦਿੱਤੇ ਹਨ। ਅੱਜ ਇੱਥੇ ਸਰਕਟ ਹਾਊਸ ਵਿਖੇ ਕਰ ਅਧਿਕਾਰੀਆਂ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕਰ ਕਮਿਸ਼ਨਰ ਨੇ ਕਿਹਾ ਕਿ ਸੂਬੇ ਭਰ ਦੇ ਵਪਾਰੀਆਂ ਨੂੰ ਲੋੜੀਂਦੀ ਰਾਹਤ ਦੇਣਾ ਸਮੇਂ ਦੀ ਮੁੱਖ ਲੋੜ ਹੈ। ਯਾਦਵ ਨੇ ਕਿਹਾ ਕਿ ਅਧਿਕਾਰੀਆਂ ਨੂੰ ਵੈਟ ਅਤੇ ਜੀਐਸਟੀ ਦੇ ਬਕਾਇਆ ਕੇਸਾਂ ਨੂੰ ਨਿਪਟਾਉਣਾ ਚਾਹੀਦਾ ਹੈ ਅਤੇ ਕਿਹਾ ਕਿ ਉਹ ਹਰ ਹਫ਼ਤੇ ਨਿੱਜੀ ਤੌਰ @ਤੇ ਇਸ ਕੰਮ ਦੀ ਨਿਗਰਾਨੀ ਕਰਨਗੇ। ਉਨ੍ਹਾਂ ਕਿਹਾ ਕਿ ਇਸ ਕੰਮ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ-ਮੱਠ ਗੈਰਵਾਜਬ ਅਤੇ ਅਣਇੱਛਤ ਹੈ। ਕਰ ਕਮਿਸ਼ਨਰ ਨੇ ਅੱਗੇ ਐਲਾਨ ਕੀਤਾ ਕਿ ਵਿਭਾਗ ਜਲਦੀ ਹੀ ਸੂਬੇ ਵਿੱਚ ਜਾਅਲੀ ਫਰਮਾਂ ਨੂੰ ਨੱਥ ਪਾਉਣ ਲਈ ਇੱਕ ਵੱਡੀ ਮੁਹਿੰਮ ਸ਼ੁਰੂ ਕਰੇਗਾ। ਉਨ੍ਹਾਂ ਕਿਹਾ ਕਿ ਅਜਿਹੀ ਕੋਈ ਵੀ ਜਾਅਲੀ ਫਰਮ ਜੋ ਗੈਰ-ਕਾਨੂੰਨੀ ਤਰੀਕਿਆਂ ਨਾਲ ਟੈਕਸ ਚੋਰੀ ਕਰਨ ਦੀ ਕੋਸ਼ਿਸ਼ ਕਰਦੀ ਹੈ, ਉਸ ਨਾਲ ਸਖ਼ਤੀ ਨਾਲ ਨਿਪਟਿਆ ਜਾਵੇਗਾ। ਸ੍ਰੀ ਯਾਦਵ ਨੇ ਕਿਹਾ ਕਿ ਹਰੇਕ ਅਧਿਕਾਰੀ ਨੂੰ ਉਨ੍ਹਾਂ ਦੇ ਅਧਿਕਾਰ ਖੇਤਰ ਵਿੱਚ ਕਿਸੇ ਵੀ ਜਾਅਲੀ ਫਰਮ ਦੇ ਸੰਚਾਲਨ ਲਈ ਜਵਾਬਦੇਹ ਬਣਾਇਆ ਜਾਵੇਗਾ। ਇਕ ਹੋਰ ਮੁੱਦੇ @ਤੇ ਚਰਚਾ ਕਰਦੇ ਹੋਏ, ਕਰ ਕਮਿਸ਼ਨਰ ਨੇ ਕਿਹਾ ਕਿ ਹਰੇਕ ਅਧਿਕਾਰੀ ਇਹ ਯਕੀਨੀ ਬਣਾਏਗਾ ਕਿ ਮੁਲਾਂਕਣ ਕੇਸ ਸਤੰਬਰ ਦੇ ਅੰਤ ਤੱਕ ਮੁਕੰਮਲ ਹੋ ਜਾਣ। ਉਨ ਾਂ ਕਿਹਾ ਕਿ ਅਧਿਕਾਰੀਆਂ ਨੂੰ ਵਿੱਤੀ ਸਾਲ ਦੇ ਅੰਤ ਤੱਕ ਇੰਤਜ਼ਾਰ ਨਹੀਂ ਕਰਨਾ ਚਾਹੀਦਾ, ਸਗੋਂ ਬਾਰੀਕੀ ਨਾਲ ਅਧਿਐਨ ਕਰਕੇ ਸਤੰਬਰ ਦੇ ਅੰਤ ਤੱਕ ਇਸ ਨੂੰ ਪੂਰਾ ਕਰਨਾ ਚਾਹੀਦਾ ਹੈ। ਸ੍ਰੀ ਯਾਦਵ ਨੇ ਕਿਹਾ ਕਿ ਵਿਭਾਗ ਵੱਲੋਂ ਜਲਦੀ ਹੀ ਹਰੇਕ ਅਧਿਕਾਰੀ ਨੂੰ ਆਪਣਾ ਮੁਲਾਂਕਣ ਪੂਰਾ ਕਰਨ ਲਈ ਮਹੀਨਾਵਾਰ ਟੀਚਾ ਮਿੱਥਿਆ ਜਾਵੇਗਾ। ਕਰ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਆਪਣੇ ਖੇਤਰ ਦੇ ਦੌਰੇ ਵਧਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਇਹ ਵਿਭਾਗ ਨੂੰ ਇੱਕ ਪਾਸੇ ਜ਼ਮੀਨੀ ਹਕੀਕਤਾਂ ਤੋਂ ਜਾਣੂ ਕਰਵਾਉਣ ਵਿੱਚ ਮਦਦ ਕਰਦਾ ਹੈ ਅਤੇ ਦੂਜੇ ਪਾਸੇ ਟੈਕਸਾਂ ਨਾਲ ਸਬੰਧਤ ਮਾਮਲਿਆਂ ਨੂੰ ਸੁਚਾਰੂ ਬਣਾਉਣ ਵਿੱਚ ਮਦਦ ਕਰਦਾ ਹੈ। ਸ੍ਰੀ ਯਾਦਵ ਨੇ ਕਿਹਾ ਕਿ ਜਾਂਚ ਹਰੇਕ ਅਧਿਕਾਰੀ ਲਈ ਜ਼ਰੂਰੀ ਹੈ ਅਤੇ ਇਸ ਸਬੰਧੀ ਵਿਭਾਗ ਦੇ ਹੁਕਮਾਂ ਦੀ ਪਾਲਣਾ ਕੀਤੀ ਜਾਣੀ ਚਾਹੀਦੀ ਹੈ। ਟੈਕਸ ਕਮਿਸ਼ਨਰ ਨੇ ਇਹ ਵੀ ਕਿਹਾ ਕਿ ਡੀਮਡ ਪ੍ਰਵਾਨਿਤ ਆਰ.ਸੀ. ਲਈ ਵੀ ਨਿਰੀਖਣ ਤੇਜ਼ ਕੀਤੇ ਜਾਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਫੀਲਡ ਨਿਰੀਖਣ ਕਰਨ ਵਿੱਚ ਅਧਿਕਾਰੀਆਂ ਦੀ ਨਾਕਾਮੀ ਦਾ ਸਖ਼ਤ ਨੋਟਿਸ ਲਿਆ ਜਾਵੇਗਾ। ਸ੍ਰੀ ਯਾਦਵ ਨੇ ਕਿਹਾ ਕਿ ਗਲਤੀ ਕਰਨ ਵਾਲੇ ਅਧਿਕਾਰੀਆਂ ਖ਼ਿਲਾਫ਼ ਕਾਰਨ ਦੱਸੋ ਨੋਟਿਸ ਜਾਰੀ ਕਰਨ ਸਮੇਤ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ। ਕਰ ਕਮਿਸ਼ਨਰ ਨੇ ਸਪੱਸ਼ਟ ਕਿਹਾ ਕਿ ਟੈਕਸ ਚੋਰੀ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਟੈਕਸ ਚੋਰੀ ਕਰਨ ਨਾਲ ਸਰਕਾਰੀ ਖਜ਼ਾਨੇ ਨੂੰ ਭਾਰੀ ਨੁਕਸਾਨ ਹੁੰਦਾ ਹੈ ਜੋ ਕਿ ਕਿਸੇ ਵੀ ਤਰ੍ਹਾਂ ਬਰਦਾਸ਼ਤਯੋਗ ਨਹੀਂ ਹੈ ਅਤੇ ਵਿਭਾਗ ਵੱਲੋਂ ਹੁਣ ਸਾਰੇ ਟੈਕਸ ਚੋਰੀ ਕਰਨ ਵਾਲਿਆਂ ਵਿਰੁੱਧ ਸ਼ਿਕੰਜਾ ਕੱਸਿਆ ਜਾਵੇਗਾ। ਸ੍ਰੀ ਯਾਦਵ ਨੇ ਕਿਹਾ ਕਿ ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਕੋਈ ਵੀ ਟੈਕਸ ਚੋਰੀ ਕਰਨ ਵਾਲਾ ਸਰਕਾਰ ਦੇ ਰਾਡਾਰ ਤੋਂ ਬਾਹਰ ਨਾ ਜਾਵੇ। ਟੈਕਸੇਸ਼ਨ ਕਮਿਸ਼ਨਰ ਨੇ ਟੈਕਸਾਂ ਦੇ ਬਕਾਇਆ ਬਕਾਏ ਦੀ ਜਲਦੀ ਵਸੂਲੀ ਲਈ ਵੀ ਜ਼ੋਰ ਪਾਇਆ। ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੂੰ ਜਾਣਬੁੱਝ ਕੇ ਡਿਫਾਲਟਰਾਂ ਤੋਂ ਬਕਾਏ ਪ੍ਰਾਪਤ ਕਰਨ ਲਈ ਵੱਡੀ ਰਿਕਵਰੀ ਮੁਹਿੰਮ ਸ਼ੁਰੂ ਕਰਨੀ ਚਾਹੀਦੀ ਹੈ। ਸ੍ਰੀ ਯਾਦਵ ਨੇ ਕਿਹਾ ਕਿ ਸੂਬੇ ਵਿੱਚ ਟੈਕਸ ਵਸੂਲੀ ਨੂੰ ਵਧਾਉਣ ਲਈ ਇਹ ਸਮੇਂ ਦੀ ਲੋੜ ਹੈ। ਅਧਿਕਾਰੀਆਂ ਵੱਲੋਂ ਟੈਕਸ ਸੁਧਾਰਾਂ ਲਈ ਆਏ ਨਵੇਂ ਵਿਚਾਰਾਂ ਦਾ ਸੁਆਗਤ ਕਰਦਿਆਂ, ਕਰ ਕਮਿਸ਼ਨਰ ਨੇ ਕਿਹਾ ਕਿ ਟੈਕਸ ਸੁਧਾਰਾਂ ਲਈ ਨਵੀਆਂ ਪਹਿਲਕਦਮੀਆਂ ਕੀਤੀਆਂ ਜਾਣੀਆਂ ਚਾਹੀਦੀਆਂ ਹਨ। ਉਨ੍ਹਾਂ ਕਿਹਾ ਕਿ ਵਿਭਾਗ ਰਾਜ ਪੱਧਰ @ਤੇ ਵੀ ਅਧਿਕਾਰੀਆਂ ਦੁਆਰਾ ਅਜਿਹੇ ਨਵੇਂ ਅਤੇ ਗਤੀਸ਼ੀਲ ਵਿਚਾਰਾਂ ਨੂੰ ਦੁਹਰਾਇਆ ਜਾਵੇਗਾ। ਸ੍ਰੀ ਯਾਦਵ ਨੇ ਇਹ ਵੀ ਕਿਹਾ ਕਿ ਵਿਭਾਗ ਸੂਬੇ ਵਿੱਚ ਟੈਕਸ ਵਸੂਲੀ ਨੂੰ ਹੋਰ ਬਿਹਤਰ ਬਣਾਉਣ ਲਈ ਅਣਥੱਕ ਮਿਹਨਤ ਕਰ ਰਿਹਾ ਹੈ।

ਭ੍ਰਿਸ਼ਟਾਚਾਰ ਵਿਰੁੱਧ ਜ਼ੀਰੋ ਟਾਲਰੈਂਸ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਟੈਕਸੇਸ਼ਨ ਕਮਿਸ਼ਨਰ ਨੇ ਕਿਹਾ ਕਿ ਇਸ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸੇਵਾਵਾਂ ਬਿਨਾਂ ਕਿਸੇ ਦੇਰੀ ਦੇ ਸਮਾਂਬੱਧ ਢੰਗ ਨਾਲ ਮੁਹੱਈਆ ਕਰਵਾਈਆਂ ਜਾਣ। ਸ੍ਰੀ ਯਾਦਵ ਨੇ ਇਹ ਵੀ ਕਿਹਾ ਕਿ ਵਿਭਾਗ ਟੈਕਸ ਵਸੂਲੀ ਅਤੇ ਸੇਵਾ ਪ੍ਰਦਾਨ ਕਰਨ ਵਿੱਚ ਇੱਕ ਨਵਾਂ ਮਾਪਦੰਡ ਸਥਾਪਤ ਕਰੇਗਾ।

ਕਰ ਕਮਿਸ਼ਨਰ ਨੇ ਸਮੂਹ ਵਪਾਰੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣਾ ਬਕਾਇਆ ਟੈਕਸ ਸਰਕਾਰ ਨੂੰ ਜਮ੍ਹਾਂ ਕਰਵਾਉਣ। ਉਨ੍ਹਾਂ ਕਿਹਾ ਕਿ ਇਹ ਟੈਕਸ ਸੂਬੇ ਵਿੱਚ ਵਿਕਾਸ ਕਾਰਜਾਂ ਲਈ ਸਮਝਦਾਰੀ ਨਾਲ ਵਰਤਿਆ ਜਾਂਦਾ ਹੈ ਜਿਸ ਕਾਰਨ ਟੈਕਸ ਅਦਾ ਕਰਨ ਵਾਲੇ ਇਸ ਵਿਕਾਸ ਦਾ ਹਿੱਸਾ ਬਣਦੇ ਹਨ। ਸ੍ਰੀ ਯਾਦਵ ਨੇ ਇਹ ਵੀ ਕਿਹਾ ਕਿ ਟੈਕਸ ਦਾਤਾਵਾਂ ਦੇ ਸਹਿਯੋਗ ਤੋਂ ਬਿਨਾਂ ਰਾਜ ਦੇ ਵਿਕਾਸ ਦਾ ਟੀਚਾ ਪ੍ਰਾਪਤ ਨਹੀਂ ਕੀਤਾ ਜਾ ਸਕਦਾ।

## ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਨਾਮ ਦਾ ਨੀਂਹ ਪੱਥਰ ਦੀ ਭੰਨ-ਤੋੜ ਗਲਤੀ ਨਾਲ ਜਾ ਕਿਸੀ ਸਰਾਰਤੀ ਅਨਸਰਾਂ ਦੁਆਰਾ ਕੀਤੀ ਗਈ




**ਪਟਿਆਲਾ/ਇਕਬਾਲ ਸਿੰਘ**

ਧੋਬੀ ਘਾਟ ਨੇੜੇ ਟਾਈਲਾ ਲਗਾਉਣ ਦਾ ਕੰਮ ਸੁਰੂ ਕੀਤਾ ਗਿਆ ਪਰ ਦੇਖਣ ਵਿੱਚ ਆਇਆ ਹੈ ਕਿ ਕੈਪਟਨ ਅਮਰਿੰਦਰ ਸਿੰਘ ਦੇ ਨਾਮ ਦਾ ਨੀਂਹ ਪੱਥਰ ਦੀ ਸੰਭਾਲ ਨਹੀਂ ਕੀਤੀ ਗਈ। ਇਸ ਗੱਲ ਦਾ ਪਤਾ ਨਹੀਂ ਚੱਲ ਕਿ ਇਸ ਨੀਂਹ ਪੱਥਰ ਦੇ ਟੁੱਟਣ ਵਿੱਚ ਕਿਸੇ ਦੀ ਸ਼ਰਾਰਤ ਹੈ ਜਾਂ ਫਿਰ ਕਿਸੇ ਦੀ ਗਲਤੀ ਨਾਲ ਨੀਂਹ ਵੱਲ ਧਿਆਨ ਨਾ ਗਿਆ ਹੋਵੇ ਤੇ ਕੰਮ ਕਰਦੇ ਇਸ ਦਾ ਨੁਕਸਾਨ ਹੋ ਗਿਆ ਹੋਵੇ। ਜਿਵੇ ਕਿ ਫੋਟੋ ਵਿੱਚ ਪੜਿਆ ਜਾ ਰਿਹਾ ਹੈ ਕਿ ਕੈਪਟਨ ਅਮਰਿੰਦਰ ਸਿੰਘ ਜੀ ਵਲੋ ਮਿੱਤੀ 26/07/2021 ਨੂੰ ਧੋਬੀ ਘਾਟ ਪੁਰਾਣੀ ਅਨਾਜ ਮੰਡੀ ਨੇੜੇ ਮਾਤਾ ਬੰਨੋ ਮਾਈ ਕਮਿਊਨਿਟੀ ਹਾਲ ਦਾ ਉਦਘਾਟਨ ਸਮੇਂ ਨੀਹ ਪੱਥਰ ਰੱਖਿਆ ਗਿਆ ਸੀ ਪਰ ਸਮੇ ਅਨੁਸਾਰ ਉਸ ਪੱਥਰ ਤੇ ਜਿਸ ਤੇ ਉਸ ਸਮੇ ਦੀ ਸਰਕਾਰ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨਾਮ ਲਿਖਿਆ ਉਹ ਪੱਥਰ ਟੁੱਟ ਕੇ ਨੀਚੇ ਗਿਰਿਆ ਦੇਖਿਆ ਗਿਆ। ਜਦੋਂ ਮੀਡੀਆ ਵਲੋ ਉਥੇ ਕਰ ਰਹੇ ਮਜ਼ਦੂਰ ਨੂੰ ਉਸ ਟੁੱਟੇ ਨੀਹ ਬਾਰੇ ਪੁੱਛਿਆ ਗਿਆ ਤਾਂ ਉਹਨਾਂ ਵਲੋਂ ਵੀ ਭਰੋਸੇਯੋਗ ਜਵਾਬ ਨਾ ਦਿੱਤਾ ਗਿਆ ਪਰ ਕੁਝ ਕੁ ਸਮੇਂ ਬਾਅਦ ਟੁੱਟਾ ਨੀਂਹ ਪੱਥਰ ਉਸ ਜਗਾ ਤੋ ਚੁੱਕ ਦਿੱਤਾ ਗਿਆ ।

# ਗੁਰਦੀਪ ਸਿੰਘ ਨਾਗੀ ਸਰਬਸੰਮਤੀ ਨਾਲ 10ਵੀਂ ਵਾਰ ਮਾਝਾ ਪ੍ਰੈੱਸ ਕਲੱਬ, ਅੰਮ੍ਰਿਤਸਰ ਦੇ ਪ੍ਰਧਾਨ ਬਣੇ



**ਜੰਡਿਆਲਾ ਗੁਰੂ/ਜਸਪਾਲ ਸ਼ਰਮਾ**

ਮਾਝਾ ਪ੍ਰੈੱਸ ਕਲੱਬ, ਅੰਮ੍ਰਿਤਸਰ ਦੀ ਅਹਿਮ ਮੀਟਿੰਗ ਕਲੱਬ ਦੇ ਸੀਨੀਅਰ ਮੀਤ ਪ੍ਰਧਾਨ ਸਵਿੰਦਰ ਸਿੰਘ ਸ਼ਿੰਦਾ ਲਹੌਰੀਆ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਕਲੱਬ ਦੀ ਇਸ ਵਰ੍ਹੇ ਦੀ ਚੋਣ ਕਰਨ ਸੰਬਧੀ ਅਤੇ ਸਾਲ ਭਰ ਦੀਆਂ ਗਤੀਵਿਧੀਆਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ @ਚ ਮੌਜੂਦ ਸਮੂਹ ਪੱਤਰਕਾਰ ਸਾਥੀਆਂ ਵਲੋਂ ਪਿਛਲੇ ਕਰੀਬ ਇਕ ਦਹਾਕੇ ਤੋਂ ਮਾਝਾ ਪ੍ਰੈੱਸ ਕਲੱਬ, ਅੰਮ੍ਰਿਤਸਰ ਦੇ ਪ੍ਰਧਾਨ ਵੱਜੋਂ ਸੇਵਾਵਾਂ ਨਿਭਾ ਰਹੇ ਗੁਰਦੀਪ ਸਿੰਘ ਨਾਗੀ ਨੂੰ ਮੁੜ ਸਰਬਸੰਮਤੀ ਨਾਲ 10ਵੀਂ ਵਾਰ ਪ੍ਰਧਾਨ ਚੁਣ ਲਿਆ ਗਿਆ ਜਦੋਂਕਿ ਜਸਵੰਤ ਸਿੰਘ ਮਾਂਗਟ ਨੂੰ ਜਨਰਲ ਸਕੱਤਰ, ਹਰੀਸ਼ ਕੱਕੜ ਨੂੰ ਮੀਤ ਪ੍ਰਧਾਨ, ਸਵਿੰਦਰ ਸਿੰਘ ਲਹੌਰੀਆ ਨੂੰ ਸੀਨੀਅਰ ਮੀਤ ਪ੍ਰਧਾਨ, ਗੁਰਪਾਲ ਸਿੰਘ ਰਾਏ ਨੂੰ ਸਕੱਤਰ, ਸ਼ੁਕਰਗੁਜਾਰ ਸਿੰਘ ਨੂੰ ਕਾਨੂੰਨੀ ਸਲਾਹਕਾਰ, ਪਰਵਿੰਦਰ ਸਿੰਘ ਮਲਕ ਨੂੰ ਪ੍ਰਚਾਰ ਸਕੱਤਰ, ਪਰਮਜੀਤ ਸਿੰਘ ਨੂੰ ਪ੍ਰੈੱਸ ਸਕੱਤਰ, ਸਤਪਾਲ ਵਿਨਾਇਕ ਤੇ ਕੁਲਦੀਪ ਸਿੰਘ ਖਹਿਰਾ ਨੂੰ ਮੁੱਖ ਸਲਾਹਕਾਰ, ਸੁਖਦੇਵ ਸਿੰਘ ਬੱਬੂ ਨੂੰ ਖਜ਼ਾਨਚੀ, ਮਨਦੀਪ ਸਿੰਘ ਜੰਮੂ ਨੂੰ ਸੰਯੁਕਤ ਸਕੱਤਰ ਨਿਯੁਕਤ ਕੀਤਾ ਗਿਆ। ਇਸ ਮੌਕੇ ਪੱਤਰਕਾਰ ਕੁਲਦੀਪ ਸਿੰਘ ਭੁੱਲਰ ਅਤੇ ਵਿਕਰਮਜੀਤ ਸਿੰਘ ਉਚੇਚੇ ਤੌਰ 'ਤੇ ਹਾਜਰ ਸਨ। ਇਸ ਮੌਕੇ ਪ੍ਰਧਾਨ ਗੁਰਦੀਪ ਸਿੰਘ ਨਾਗੀ ਨੇ ਸਮੂਹ ਸਾਥੀਆਂ ਦਾ ਤਹਿਦਿਲੋਂ ਧੰਨਵਾਦ ਕੀਤਾ, ਜਿੰਨਾਂ ਨੇ ਹਰ ਵਾਰ ਦੀ ਤਰਾਂ ਇਸ ਵਾਰ ਦੀ ਚੋਣ ਵਿਚ ਵੀ ਮੇਰੇ @ਤੇ ਭਰੋਸਾ ਪ੍ਰਗਟ ਕਰਦਿਆਂ ਮਾਣ ਬਖਸ਼ਿਆ। ਉਨਾਂ ਕਿਹਾ ਕਿ ਮਾਝਾ ਪ੍ਰੈੱਸ ਕਲੱਬ, ਅੰਮ੍ਰਿਤਸਰ ਤੇ ਪੱਤਰਕਾਰ ਭਾਈਚਾਰੇ ਦੇ ਭਲੇ ਹਿੱਤ ਤੱਤਪਰ ਰਹਿਣਗੇ। ਪ੍ਰਧਾਨ ਗੁਰਦੀਪ ਸਿੰਘ ਨਾਗੀ ਨੇ ਸਮੂਹ ਸਾਥੀਆਂ ਦੇ ਉਦਮ ਸਦਕਾ ਕਲੱਬ ਵੱਲੋਂ ਕਰਵਾਏ ਗਏ ਭਗਤ ਪੂਰਨ ਸਿੰਘ ਬਰਸੀ ਮੌਕੇ ਕਰਵਾਏ ਗਏ ਕਵੀ ਦਰਬਾਰ, ਵੱਖ-ਵੱਖ ਪਿੰਡਾਂ ਵਿਚ ਛੋਟੇ ਸਾਹਿਬਜਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਧਾਰਮਿਕ ਫਿਲਮਾਂ ਵਿਖਾਉਣ ਅਤੇ ਸਮਾਜ ਭਲਾਈ ਦੇ ਕਾਰਜਾਂ ਵਿਚ ਕਲੱਬ ਵਲੋਂ ਪਾਏ ਯੋਗਦਾਨ @ਤੇ ਤਸੱਲੀ ਦਾ ਪ੍ਰਗਟਾਵਾ ਕਰਦਿਆਂ ਭਵਿੱਖ ਵਿਚ ਵੀ ਅਜਿਹੇ ਕਾਰਜ਼ ਜਾਰੀ ਰੱਖਣ ਦਾ ਭਰੋਸਾ ਦੁਆਇਆ। ਇਸ ਮੌਕੇ ਜਨਰਲ ਸਕੱਤਰ ਜਸਵੰਤ ਸਿੰਘ ਮਾਂਗਟ, ਸਕੱਤਰ ਗੁਰਪਾਲ ਸਿੰਘ ਰਾਏ ਅਤੇ ਸੀਨੀਅਰ ਮੀਤ ਪ੍ਰਧਾਨ ਸਵਿੰਦਰ ਸਿੰਘ ਲਹੌਰੀਆ ਨੇ ਕਲੱਬ ਦੀ ਹੋਈ ਚੋਣ ਦੀ ਸਮੂਹ ਸਾਥੀਆਂ ਨੂੰ ਮੁਬਾਰਕਬਾਦ ਦਿੱਤੀ।

## ਕੁਝ ਮਹੀਨੇ ਪਹਿਲਾਂ ਬਣਾਈ ਪਟੜੀ ਘਟੀਆ ਮਟੀਰੀਅਲ ਕਾਰਨ ਉੱਖੜਨੀ ਸ਼ੁਰੂ

**ਰਾਏਕੋਟ/ਗੁਰਭਿੰਦਰ ਗੁਰੀ**

ਬੇਸ਼ੱਕ ਨਗਰ ਕੌਂਸਲ ਕਰੋੜਾਂ ਰੁਪਏ ਲਗਾਕੇ ਸ਼ਹਿਰ ਦੇ ਸਰਵਪੱਖੀ ਵਿਕਾਸ ਕਾਰਜ਼ ਕਰਵਾ ਕੇ ਉਨ੍ਹਾਂ ਨੂੰ ਵਧੀਆ ਪਾਰਦਰਸ਼ੀ ਦਿੱਖ ਦੇਣ ਦੇ ਲੱਖਾਂ ਹੀ ਦਾਅਵੇ ਕਰ ਰਹੀ ਹੈ ਪ੍ਰੰਤੂ ਨਗਰ ਕੌਂਸਲ ਦੇ ਇੰਨ੍ਹਾਂ ਦਾਅਵਿਆਂ ਅਤੇ ਜ਼ਮੀਨੀ ਹਕੀਕਤ @ਚ ਜ਼ਮੀਨ ਅਸਮਾਨ ਦਾ ਫਰਕ ਸਾਫ-ਸਾਫ ਨਜ਼ਰ ਆਉਂਦਾ ਹੈ। ਨਗਰ ਕੌਂਸਲ ਦੇ ਅਜਿਹੇ ਪਾਰਦਰਸ਼ੀ ਕਾਰਜਾਂ ਦੀ ਪੋਲ ਖੁੱਲਣ ਦੀ ਤਾਜ਼ਾ ਉਦਾਹਰਨ ਮਲੇਰਕੋਟਲਾ ਰੋਡ ਤੇ ਬਣੇ ਸੇਮ ਨਾਲੇ ਤੇ ਲੱਖਾਂ ਰੁਪਏ ਦੀਆਂ ਇੱਟਾਂ ਨਾਲ ਬਣਾਈ ਪਟੜੀ ਖੋਲ ਰਹੀ ਹੈ। ਠੇਕੇਦਾਰ ਵੱਲੋਂ ਵਰਤੇ ਘਟੀਆ ਮਟੀਰੀਅਲ ਕਾਰਨ ਇੱਟਾਂ ਉੱਖੜ ਚੁੱਕੀਆਂ ਹਨ ਜਿਸ ਕਾਰਨ ਕਿਸੇ ਵੀ ਸਮੇਂ ਆਉਂਦੇ ਜਾਂਦੇ ਰਾਹਗੀਰ ਵੱਡੇ ਹਾਦਸੇ ਦਾ ਸ਼ਿਕਾਰ ਹੋ ਸਕਦੇ ਹਨ, ਠੇਕੇਦਾਰ ਵੱਲੋਂ ਵਧੀਆ ਤਰਤੀਬ ਨਾਲ ਪਟੜੀ ਨਾ ਬਣਾਏ ਜਾਣ ਕਾਰਨ ਰਾਹਗੀਰ ਨਗਰ ਕੌਂਸਲ ਤੇ ਠੇਕੇਦਾਰ ਦੀ ਘਟੀਆ ਕਾਰਗੁਜ਼ਾਰੀ ਨੂੰ ਕੋਸਦੇ ਹੋਏ ਵੀ ਨਜਰ ਆਏ। ਜਿਕਰਯੋਗ ਹੈ ਕਿ ਇਹ ਇੱਟਾਂ ਦੀ ਪਟੜੀ ਹਾਲੇ ਕੁਝ ਮਹੀਨੇ ਪਹਿਲਾਂ ਹੀ ਬਣਾਈ ਗਈ ਸੀ ਪਰ ਘਟੀਆ ਮਟੀਰੀਅਲ ਵਰਤੇ ਜਾਣ ਕਾਰਨ ਇਸ ਪਟੜੀ ਨੇ ਜਲਦੀ ਹੀ ਆਪਣੇ ਰੰਗ ਵਿਖਾਉਂਣੇ ਸ਼ੁਰੂ ਕਰ ਦਿਤੇ ਹਨ।

ਇਸ ਮੌਕੇ ਕਾਰਜ ਸਾਧਕ ਅਫ਼ਸਰ ਅਮਰਇੰਦਰ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਨੇ ਕਿਹਾ ਕਿ ਇਹ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਆ ਗਿਆ ਹੈ ਤੇ ਉਕਤ ਪਟੜੀ ਬਣਾਉਣ ਵਾਲੇ ਠੇਕੇਦਾਰ ਦਾ ਸਕਿਓਰਿਟੀ ਸਾਡੇ ਕੋਲ ਹੈ ਤੇ ਮਾਮਲੇ ਦੀ ਜਾਂਚ ਕਰਵਾਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਜਾਵੇਗੀ।

# ਪਿੰਡ ਫ਼ਤਿਹਪੁਰ ਵਿੱਚ ਖੇਤੀਬਾੜੀ ਵਿਭਾਗ ਨੇ ਤੇਲ ਬੀਜ ਫਸਲ ਵਿੱਚ ਰਕਬਾ ਵਧਾ ਕੇ ਬਲਾਕ ਪੱਧਰੀ ਕਿਸਾਨ ਗੋਸ਼ਟੀ ਕਰਵਾਈ



**ਪਟਿਆਲਾ/ਇਕਬਾਲ ਸਿੰਘ**

ਪਿੰਡ ਫ਼ਤੇਪੁਰ ਵਿਖੇ ਖੇਤੀਬਾੜੀ ਦੇ ਵਿਭਾਗ ਨੇ ਤੇਲ ਬੀਜ ਫਸਲ ਰਕਬਾ ਵਧਾਉਣ ਲਈ ਬਲਾਕ ਪੱਧਰੀ ਕਿਸਾਨ ਗੋਸ਼ਟੀ ਕਰਵਾਈ ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਡਾਕਟਰ ਗੁਰਵਿੰਦਰ ਸਿੰਘ ਦੇ ਇਸ ਨਿਰਦੇਸ਼ਾਂ ਤਹਿਤ ਮੁੱਖ ਖੇਤੀਬਾੜੀ ਅਫ਼ਸਰ ਡਾਕਟਰ ਜਸਵੰਤ ਰਾਏ ਦੀ ਅਗਵਾਈ ਹੇਠ ਬੀਤੇ ਦਿਨ ਬਲੌਂਕ ਪਟਿਆਲਾ ਦੇ ਪਿੰਡ ਫ਼ਤਹਿਪੁਰ ਵਿਖੇ ਕਿਸਾਨ ਭਾਗੀਦਾਰੀ, @ਪ੍ਰਾਥਮਿਕਤਾ ਹਮਾਰੇ ਅਭਿਆਨ@ਦੇ ਤਹਿਤ ਸੂਰਜਮੁਖੀ ਦੀ ਕਾਸ਼ਤ ਸਬੰਧੀ ਕਿਸਾਨ ਗੋਸ਼ਟੀ ਕਰਵਾਈ ਗਈ ਗੌਸਟੀ ਵਿਚ ਡਰੈਕਟਰ ਆਫ਼ ਵੀਟ ਡਿਵੈਲਪਮੈਂਟ ਭਾਰਤ ਸਰਕਾਰ ਦੇ ਨੁਮਾਇੰਦੇ ਡਾਕਟਰ ਅਸ਼ੀਸ਼ ਕੁਮਾਰ ਪਾਲ ਨੇ ਨਿਊ ਸਕੀਮ ਅਧੀਨ ਤੇਲ ਬੀਜ ਫਸਲਾਂ ਅਧੀਨ ਰਕਬਾ ਵਧਾਉਣ ਤਕਨੀਕੀ ਨੁਕਤੇ ਸਾਂਝੇ ਕੀਤੇ ਇਸ ਮੌਕੇ ਬਲੋਕ ਖੇਤੀਬਾੜੀ ਅਫਸਰ ਅਮਨਿੰਦਰ ਸਿੰਘ ਮਾਨ ਨੇ ਕਿਸਾਨਾਂ ਨੂੰ ਸੂਰਜਮੁਖੀ ਸ਼ਰੋ ਅਤੇ ਹੋਰ ਤੇਲ ਵਿਚ ਦਿੱਤੀਆਂ ਜਾ ਰਹੀਆਂ ਸਹੂਲਤਾਂ ਵਾਸਤੇ ਜਾਗਰੂਕ ਕੀਤਾ।

## 30 ਅਪ੍ਰੈਲ ਨੂੰ ਪੀ ਯੂ ਵਿਚ ਆਯੋਜਿਤ ਹੋਣ ਵਾਲੇ ਸਥਾਪਨਾ ਦਿਵਸ ਸਮਾਰੋਹ ਦੇ ਬਾਰੇ ਪ੍ਰੋਫ਼ੈਸਰ ਬੀ ਐਸ ਸੰਧੂ ਨੇ ਦਿੱਤੀ ਨੇ ਦਿੱਤੀ ਜਾਣਕਾਰੀ।



**ਪਟਿਆਲਾ//ਇਕਬਾਲ ਸਿੰਘ**

ਪੰਜਾਬੀ ਯੂਨੀਵਰਸਿਟੀ ਪਟਿਆਲਾ ਆਪਣੀ ਸਥਾਪਨਾ ਦੇ ਸੱਠ ਵਰ੍ਹੇ ਪੂਰੇ ਹੋਣ ਉਪਰੰਤ 3 ਅਪ੍ਰੈਲ 2012 ਨੂੰ ਆਪਣਾ ਸਥਾਪਨਾ ਦਿਵਸ ਗੁਰੂ ਤੇਗ ਬਹਾਦਰ ਹਾਲ ਵਿ ਵਿਖੇ ਸਵੇਰੇ 10 ਤੋਂ ਦੁਪਹਿਰ 1 ਵਜੇ ਤੱਕ ਮਨਾ ਰਹੀ ਹੈ। ਇਸ ਵਿੱਚ ਸ਼ਾਮਿਲ ਹੋਣ ਲਈ ਪਦਮ ਸ੍ਰੀ ਸੂਰਜੀਤ ਪਾਤਰ ਡਾਕਟਰ ਐਮ ਐਸ ਕੰਗ ਜੋ ਕੇ ਪੰਜਾਬ ਦੇ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਵਾਇਸ ਕੌਂਸਲਰ ਰਹੇ ਹਨ। ਵਿਸ਼ੇਸ਼ ਤੌਰ ਤੇ ਇਸ ਪ੍ਰੋਗਰਾਮ ਵਿੱਚ ਸ਼ਾਮਿਲ ਹੋ ਰਹੇ ਹਨ ਮੈਂ ਸਮੂਹ ਯੂਨੀਵਰਸਿਟੀ ਦੇ ਅਧਿਆਪਕ ਸਾਹਿਬਾਨ ਕਰਮਚਾਰੀ ਅਤੇ ਵਿਦਿਆਰਥੀਆਂ ਅਤੇ ਪੰਜਾਬੀ ਯੂਨੀਵਰਸਿਟੀ ਨਾਲ ਜੁੜੇ ਸਰੋਤਿਆਂ ਨੂੰ ਇਹ ਸਮਾਰੋਹ ਵਿਚ ਸ਼ਾਮਲ ਹੋਣ ਦਾ ਸੱਦਾ ਦਿੰਦਾ ਹਾਂ ਮੈਨੂੰ ਆਸ ਹੈ ਕਿ ਤੁਸੀਂ ਸਾਰੇ ਹੀ ਇਸ ਪ੍ਰੋਗਰਾਮ ਵਿੱਚ ਵਧ-ਚੜ੍ਹ ਕੇ ਹਿੱਸਾ ਲਓਗੇ ਤੁਸੀਂ ਬਹੁਤ ਉਤਸ਼ਾਹ ਵਿੱਚ ਸਾਥ ਦਿਓਗੇ।

## ਐਸ.ਐਚ.ਓ ਦਾ ਹੱਥ ਵੱਢੇ ਜਾਣ ਦੀ ਖ਼ਬਰ ਝੂਠੀ, ਪਟਿਆਲਾ @ਚ ਹਿੰਸਕ ਝੜਪ ਤੋਂ ਬਾਅਦ ਡੀ ਸੀ ਨੇ ਸਾਰੀਆਂ ਧਿਰਾਂ ਨੂੰ ਕੀਤੀ ਇਹ ਅਪੀਲ



**ਪਟਿਆਲਾ/ਇਕਬਾਲ ਸਿੰਘ**

ਪਟਿਆਲਾ ਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਕਿਹਾ ਹੈ ਕਿ ਸ਼ਾਂਤੀ ਅਤੇ ਸਦਭਾਵਨਾ ਸਾਡੇ ਸਾਰੇ ਧਰਮਾਂ ਦਾ ਧੁਰਾ ਹੋਣ ਦੇ ਨਾਲ ਨਾਲ ਸਾਡੇ ਧਰਮਾਂ ਦੇ ਮੂਲ ਸਿਧਾਂਤਾਂ ਦਾ ਕੇਂਦਰ ਵੀ ਹੈ। ਉਹਨਾਂ ਸਾਰੀਆਂ ਧਿਰਾਂ ਨੂੰ ਆਪਸੀ ਭਾਈਚਾਰਾ ਤੇ ਸ਼ਾਂਤੀ ਬਣਾਈ ਰੱਖਣ ਦੀ ਅਪੀਲ ਕਰਦਿਆਂ ਕਿਹਾ ਕਿ ਜੇਕਰ ਕੋਈ ਝਗੜਾ ਜਾਂ ਗਲਤਫਹਿਮੀ ਹੈ ਤਾਂ ਵੀ ਗੱਲਬਾਤ ਰਾਹੀਂ ਹੱਲ ਕਰਨਾ ਜ਼ਰੂਰੀ ਹੈ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਐੱਸਐੱਚਓ ਦਾ ਹੱਥ ਵੱਢੇ ਜਾਣ ਦੀ ਖ਼ਬਰ ਬਿਲਕੁਲ ਝੂਠੀ ਹੈ।ਉਨ੍ਹਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਪਟਿਆਲਾ ਵਲੋਂ ਪੰਜਾਬ ਦੇ ਸਮੂਹ ਵੀਰਾਂ-ਭੈਣਾਂ ਨੂੰ ਸ਼ਾਂਤੀ ਅਤੇ ਭਾਈਚਾਰਕ ਸਾਂਝ ਬਣਾਈ ਰੱਖਣ ਦੀ ਅਪੀਲ ਕਰਦਿਆਂ ਦੱਸਿਆ ਕਿ ਮੌਜੂਦਾ ਸਥਿਤੀ ਕਾਬੂ ਹੇਠ ਹੈ ਅਤੇ ਲਗਾਤਾਰ ਨਿਗਰਾਨੀ ਰੱਖੀ ਜਾ ਰਹੀ ਹੈ। ਡੀਸੀ ਨੇ ਕਿਹਾ ਕਿ ਜ਼ਿਲਾ ਸਿਵਲ ਤੇ ਪੁਲਿਸ ਪ੍ਰਸ਼ਾਸ਼ਨ ਵਲੋਂ ਸ਼ਾਂਤੀ ਅਤੇ ਸਦਭਾਵਨਾ ਨੂੰ ਯਕੀਨੀ ਬਣਾਉਣ ਲਈ ਸਾਰੇ ਉਪਾਅ ਕੀਤੇ ਜਾ ਰਹੇ ਹਨ। ਡਿਪਟੀ ਕਮਿਸ਼ਨਰ ਨੇ ਮੁੜ ਅਪੀਲ ਕੀਤੀ ਕਿ ਲੋਕ ਬੇਬੁਨਿਆਦ ਖ਼ਬਰਾਂ ਜਾ ਗ਼ਲਤ ਜਾਣਕਾਰੀ ਸੋਸ਼ਲ ਮੀਡੀਆ @ਤੇ ਅੱਗੇ ਨਾ ਫੈਲਾਉਣ।

# ਪ੍ਰੇਮ ਅਤੇ ਹਰਦੀਪ ਨੇ ਯਾਸਿਰ ਦੇਸਾਈ ਦੇ ਨਾਲ 2004 ਦੇ ਕੁਮਾਰ ਸ਼ਾਨੂੰ ਪੌਪ ਕਲਾਸਿਕ ਨੂੰ ਇੱਕ ਨਵੇਂ ਤਰੀਕੇ ਨਾਲ ਪੇਸ਼ ਕੀਤਾ 'ਤੇਰਾ ਮੇਰਾ ਪਿਆਰ 2.0, ਹੁਣੇ ਸੁਣੋ'




**ਚੰਡੀਗੜ੍ਹ/ਲੋਕ ਬਾਣੀ**

ਪਿਆਰ ਦੇ ਇਸ ਮੌਸਮ ਨੂੰ ਇੱਕ ਨਵਾਂ ਰਾਗ ਮਿਲਿਆ ਹੈ ਕਿਉਂਕਿ ਮਾਸਟਰ ਸੰਗੀਤਕਾਰ ਪ੍ਰੇਮ ਅਤੇ ਹਰਦੀਪ, ਮਲਟੀ-ਟੈਲੇਂਟਡ ਗਾਇਕ ਯਾਸਿਰ ਦੇਸਾਈ ਦੇ ਨਾਲ, ਸੋਨੀ ਮਿਊਜਿਕ ਦੇ ਸਹਿਯੋਗ ਨਾਲ ਆਪਣੇ ਗੀਤ @ਤੇਰਾ ਮੇਰਾ ਪਿਆਰ 2.0@ ਦੇ ਰਿਲੀਜ ਦਾ ਐਲਾਨ ਕੀਤਾ ਹੈ । ਪ੍ਰਵੀਨ ਭਾਰਦਵਾਜ ਅਤੇ ਜੋਸ਼ ਸਹੁਨਤਾ ਨੇ ਗੀਤ ਦੇ ਬੋਲ ਲਿਖੇ ਹਨ । ਇਹ ਗੀਤ ਕਲਾਸਿਕ ਪੌਪ ਨੰਬਰ @ਤੇਰਾ ਮੇਰਾ ਪਿਆਰ@ ਦਾ ਅਧੁਨਿਕ ਸਮੇਂ ਦਾ ਮੁੜ ਨਿਰਮਿਤ ਰੂਪ ਹੈ, ਜਿਸਨੂੰ ਮੂਲ ਰੂਪ ਨਾਲ ਕੁਮਾਰ ਸ਼ਾਨੂੰ ਵੱਲੋਂ ਗਾਇਆ ਗਿਆ ਸੀ, ਜਿਸਨੂੰ 2004 @ਚ ਰਿਲੀਜ ਕੀਤਾ ਗਿਆ ਸੀ । ਤੇਰਾ ਮੇਰਾ ਪਿਆਰ 2.0 ਤੁਹਾਡੇ ਦਿਲੋ ਦਿਮਾਗ ਨੂੰ ਪੁਰਾਣੀਆਂ ਯਾਦਾਂ ਨਾਲ ਭਰ ਦੇਵੇਗਾ, ਜਦੋਂ ਕਿ ਜੋਸ਼ ਸਹੁਨਤਾ ਦੇ ਅੰਗਰੇਜੀ ਬੋਲ ਗੀਤ @ਚ ਇੱਕ ਨਵਾਂ ਅਹਿਸਾਸ ਅਤੇ ਅਧੁਨਿਕ ਟੱਚ ਜੋੜਦੇ ਹਨ, ਜਿਹੜੇ ਤੁਹਾਨੂੰ ਬੰਨ੍ਹੀ ਰੱਖਣਗੇ ।

ਤੇਰਾ ਮੇਰਾ ਪਿਆਰ 2.0 ਦੇ ਸੰਗੀਤ ਨਿਰਦੇਸ਼ਕ ਪ੍ਰੇਮ ਅਤੇ ਹਰਦੀਪ ਕਹਿੰਦੇ ਹਨ, @ਇੱਕ ਅਜਿਹੇ ਗੀਤ ਦੀ ਫਿਰ ਤੋਂ ਕਲਪਨਾ ਕਰਨਾ ਇੱਕ ਰੋਮਾਂਚਕ ਚੁਣੌਤੀ ਸੀ ਜਿਸਨੂੰ ਦਰਸ਼ਕਾਂ ਨੇ ਬਹੁਤ ਪਸੰਦ ਕੀਤਾ ਹੈ ਅਤੇ ਅਸੀਂ ਇਸਨੂੰ ਅਧੁਨਿਕ ਸਮੇਂ ਦਾ ਮੇਕਓਵਰ ਦਿੱਤਾ ਹੈ। ਗੀਤ ਦੇ ਲਾਂਚ ਦੇ ਬਾਰੇ @ਚ ਗੱਲਬਾਤ ਕਰਦੇ ਹੋਏ ਯਾਸਿਰ ਦੇਸਾਈ ਕਹਿੰਦੇ ਹਨ ਤੇਰਾ ਮੇਰਾ ਪਿਆਰ 2.0 ਇੱਕ ਬਹੁਤ ਹੀ ਖਾਸ ਪ੍ਰੋਜੈਕਟ ਹੈ । ਸਾਡੇ @ਚੋਂ ਜਿਆਦਾਤਰ ਦੀ ਤਰ੍ਹਾਂ, ਮੈਂ ਵੀ ਕੁਮਾਰ ਸ਼ਾਨੂੰ ਵੱਲੋਂ ਗਾਏ ਗਏ 2004 ਦੇ ਇਸ ਨਵੇਂ ਕਲਾਸਿਕ ਗੀਤ ਦਾ ਪ੍ਰਸ਼ੰਸਕ ਹਾਂ ਅਤੇ ਇਸਨੂੰ ਸੁਣ ਕੇ ਵੱਡਾ ਹੋਇਆ ਹਾਂ । ਅਸੀਂ ਇਸ ਕਲਾਸਿਕ ਗੀਤ ਨੂੰ ਇੱਕ ਨਵੇਂ ਰੂਪ @ਚ ਪੇਸ਼ ਕਰਕੇ ਇਸਦੇ ਮੂਲ ਰੂਪ ਨੂੰ ਸ਼ਰਧਾਂਜਲੀ ਦਿੱਤੀ ਹੈ ਅਤੇ ਕੁਝ ਨਵਾਂ ਬਣਾਉਣ ਦੀ ਕੋਸ਼ਿਸ਼ ਕੀਤੀ ਹੈ।

## ਹਰਦੀਪ ਸਿੰਘ ਗਿਆਸਪੁਰਾ ਨੂੰ ਸਦਮਾ, ਸੱਸ ਦਾ ਦਿਹਾਂਤ



**ਸਮਰਾਲਾ/ਭੂਸ਼ਨ ਬਾਂਸਲ/ ਸੁਨੀਲ ਅਗਰਵਾਲ:** ਭਾਰਤੀ ਕਿਸਾਨ ਯੂਨੀਅਨ (ਕਾਦੀਆਂ) ਦੇ ਜ਼ਿਲ੍ਹਾ ਪ੍ਰਧਾਨ ਹਰਦੀਪ ਸਿੰਘ ਗਿਆਸਪੁਰਾ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ ਜਦੋਂ ਬੀਤੇ ਦਿਨੀਂ ਉਨ੍ਹਾਂ ਦੀ ਮਾਤਾ (ਸੱਸ) ਅਵਤਾਰ ਕੌਰ (74 ਸਾਲ) ਪਤਨੀ ਜਸਵੰਤ ਸਿੰਘ ਉਪਲ ਵਾਸੀ ਉਪਲਾਂ ਅਚਾਨਕ ਦਿਲ ਦਾ ਦੌਰਾ ਪੈਣ ਨਾਲ ਗੁਰੂ ਚਰਨਾਂ ਵਿੱਚ ਜਾ ਬਿਰਾਜੇ। ਜਿਨ੍ਹਾਂ ਦਾ ਅੰਤਿਮ ਸਸਕਾਰ ਉਨਾਂ ਦੇ ਪਿੰਡ ਉਪਲਾਂ ਦੇ ਸਮਸ਼ਾਨਘਾਟ ਵਿਖੇ ਕਰ ਦਿੱਤਾ। ਹਰਦੀਪ ਸਿੰਘ ਗਿਆਸਪੁਰਾ ਨਾਲ ਇਲਾਕੇ ਦੀਆਂ ਵੱਖ ਵੱਖ ਸਿਆਸੀ, ਸਮਾਜਿਕ, ਕਿਸਾਨ, ਧਾਰਮਿਕ ਜਥੇਬੰਦੀਆਂ ਦੇ ਆਗੂਆਂ ਨੇ ਦੁੱਖ ਸਾਂਝਾ ਕੀਤਾ। ਨਮਿਤ ਮਾਤਾ ਜਸਵੰਤ ਕੌਰ ਦੇ ਸਹਿਜ ਪਾਠ ਦੇ ਭੋਗ 3 ਮਈ ਦਿਨ ਮੰਗਲਵਾਰ ਦੁਪਹਿਰ 12 ਵਜੇ ਤੋਂ 1:30 ਵਜੇ ਤੱਕ ਪਿੰਡ ਉਪਲਾਂ ਦੇ ਗੁਰਦੁਆਰਾ ਸਾਹਿਬ ਵਿਖੇ ਪੈਣਗੇ, ਜਿਸ ਵਿੱਚ ਵੱਖ ਵੱਖ ਜਥੇਬੰਦੀਆਂ ਦੇ ਨੁਮਾਇੰਦੇ ਸ਼ਰਧਾ ਦੇ ਫੁੱਲ ਭੇਂਟ ਕਰਨਗੇ।

## ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਲਈ ਪੁੱਲ ਹੇਠਾਂ ਮਈ ਦਿਵਸ ਮਨਾਉਣ ਦਾ ਫੈਸਲਾ



**ਮਲੋਟ/ਗਿਆਨ ਸਾਹਨੀ:-** ਮਲੋਟ ਵਿਖੇ 1 ਮਈ ਨੂੰ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਲਈ ਸ਼ਹਿਰ ਦੀਆਂ ਸਮੂਹ ਟਰੇਡ ਯੂਨੀਅਨਾਂ ਦੇ ਨੁਮਾਇੰਦਿਆਂ ਦੀ ਮੀਟਿੰਗ ਹੋਈ। ਇਸ ਮੀਟਿੰਗ ਵਿੱਚ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਲਈ ਹਰ ਸਾਲ ਦੀ ਤਰ੍ਹਾਂ ਰੋਡਮੈਪ ਬਣਾਉਣ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਦੌਰਾਨ ਵੱਖ-ਵੱਖ ਯੂਨੀਅਨਾਂ ਦੇ ਨੁਮਾਇੰਦਿਆਂ ਨੇ ਆਪਣੇ ਵਿਚਾਰ ਰੱਖੇ। ਇਸ ਮੌਕੇ ਮਾਸਟਰ ਹਿੰਮਤ ਸਿੰਘ, ਸਤਪਾਲ ਸਿੰਘ ਮੋਹਲਾਂ, ਮਾਸਟਰ ਕੁਲਵਿੰਦਰ ਸਿੰਘ, ਗੁਰਚਰਨ ਸਿੰਘ ਬੁੱਟਰ, ਕਾਮਰੇਡ ਰਜਿੰਦਰ ਸਿੰਘ, ਕਿਰਪਾਲ ਸਿੰਘ, ਲਖਜੀਤ ਸੇਖਾਂ, ਬਿਰਜ ਲਾਲ, ਜਸਪਾਲ ਝੋਰੜ, ਰਾਮਾ ਨੰਦ, ਮਲਕੀਤ ਸਿੰਘ, ਗਿਆਨ ਸਾਹਨੀ ਆਦਿ ਹਾਜ਼ਰ ਸਨ।

# ਨਾਡਾ ਇੰਡੀਆ ਨੇ ਡੈਜ਼ੀਗਨੇਟਿਡ ਸਮੋਕਿੰਗ ਏਰੀਆ (ਡੀਐਸਏ) ਦਾ ਕੀਤਾ ਵਿਰੋਧ

**ਚੰਡੀਗੜ੍ਹ/ਲੋਕ ਬਾਣੀ**

ਨਾਡਾ ਯੰਗ ਇੰਡੀਆ ਨੈੱਟਵਰਕ ਨੇ ਸਮਾਜ ਨੂੰ ਸਿਹਤਮੰਦ ਧੂੰਆਂ-ਮੁਕਤ ਵਾਤਾਵਰਨ ਬਣਾਉਣ ਲਈ ਜਨਤਕ ਥਾਵਾਂ @ਤੇ ਸਥਾਪਤ ਕੀਤੇ ਗਏ ਡੈਜ਼ੀਗਨੇਟਿਡ ਸਮੋਕਿੰਗ ਏਰੀਆ (ਡੀਐਸਏ) ਦਾ ਸਖ਼ਤ ਵਿਰੋਧ ਕਰਦਿਆਂ ਇਸ ਨੂੰ ਕੋਵਿਡ ਦੀ ਲਾਗ ਦਾ ਹੌਟਸਪੌਟ ਕਰਾਰ ਦਿੱਤਾ ਹੈ। @ਵਰਲਡ ਡੇਅ ਫਾਰ ਹੈਲਥ ਐਂਡ ਸੇਫਟੀ ਐਟ ਵਰਕ 2022@ ਦੇ ਮੌਕੇ @ਤੇ ਆਯੋਜਿਤ ਇੱਕ ਵੈਬੀਨਾਰ ਵਿੱਚ, ਇਸ ਦਿਸ਼ਾ ਵਿੱਚ ਕੰਮ ਕਰਨ ਵਾਲੀਆਂ ਸੰਸਥਾਵਾਂ ਅਤੇ ਬੁੱਧੀਜੀਵੀਆਂ ਨੇ ਨਾਡਾ ਯੰਗ ਇੰਡੀਆ ਨੈੱਟਵਰਕ ਦੇ ਯਤਨਾਂ ਦੀ ਸ਼ਲਾਘਾ ਕਰਦੇ ਹੋਏ, ਕੋਟਪਾ ਸੰਸ਼ੋਧਨ 2020 ਲਈ ਆਪਣਾ ਸਮਰਥਨ ਦਿਖਾਇਆ। ਹਰਿਆਣਾ, ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਦੇ ਨਾਡਾ ਦੇ ਮੈਂਬਰ, ਸਿਵਲ ਸੋਸਾਇਟੀ ਸੰਸਥਾਵਾਂ ਅਤੇ ਹੋਰ ਸਟੇਕਹੋਲਡਰਸ ਕੋਟਪਾ ਸੰਸ਼ੋਧਨ 2020 ਦਾ ਸਮਰਥਨ ਕਰ ਰਹੇ ਹਨ ਅਤੇ ਸਿਹਤ ਮੰਤਰੀ ਮਨਸੁਖ ਮਾਂਡਵੀਆ ਨੂੰ ਸਿਗਰਟਨੋਸ਼ੀ ਦੇ ਹਾਨੀਕਾਰਕ ਪ੍ਰਭਾਵਾਂ ਤੋਂ ਬਚਣ ਲਈ ਡੀਐਸਏ @ਤੇ ਪਾਬੰਦੀ ਲਗਾਉਣ ਦੀ ਅਪੀਲ ਕਰ ਰਹੇ ਹਨ।




ਕੋਟਪਾ ਸੰਸ਼ੋਧਨ 2020 @ਤੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਸੋਨੀਪਤ ਦੇ ਸੰਸਦ ਮੈਂਬਰ ਰਮੇਸ਼ ਚੰਦਰ ਕੌਸ਼ਿਕ ਨੇ ਕਿਹਾ ਕਿ ਸਿਗਰਟ ਅਤੇ ਤੰਬਾਕੂ ਉਤਪਾਦਾਂ ਦੇ ਪ੍ਰਚਾਰ ਅਤੇ ਇਸ ਦੇ ਵਪਾਰ ਨਾਲ ਸਬੰਧਤ ਗਤੀਵਿਧੀਆਂ @ਤੇ ਕਾਬੂ ਪਾਉਣਾ ਬਹੁਤ ਜ਼ਰੂਰੀ ਹੈ ਤਾਂ ਜੋ ਆਉਣ ਵਾਲੀ ਪੀੜ੍ਹੀ ਦੁਆਰਾ ਇੱਕ ਸਿਹਤਮੰਦ ਰਾਸ਼ਟਰ ਦਾ ਨਿਰਮਾਣ ਸੰਭਵ ਹੋ ਸਕੇ।

ਵੈਬੀਨਾਰ ਵਿੱਚ ਭਾਗ ਲੈ ਰਹੇ ਨਾਡਾ ਇੰਡੀਆ ਫਾਊਂਡੇਸ਼ਨ ਦੇ ਚੇਅਰਮੈਨ ਸੁਨੀਲ ਵਾਤਸਾਨੀਆ ਨੇ ਕਿਹਾ ਕਿ ਮੈਡੀਕਲ ਸਾਇੰਸ ਨੇ ਸਪੱਸ਼ਟ ਤੌਰ @ਤੇ ਤੰਬਾਕੂ ਨੂੰ ਵਿਸ਼ਵ ਵਿੱਚ ਮੌਤ ਦਰ ਦਾ ਸਭ ਤੋਂ ਵੱਡਾ ਕਾਰਨ ਮੰਨਿਆ ਹੈ। ਉਨ੍ਹਾਂ ਕਿਹਾ ਕਿ ਤੰਬਾਕੂ ਇੱਕ ਭਿਆਨਕ ਰੂਪ ਧਾਰਨ ਕਰ ਰਹੀ ਮਹਾਂਮਾਰੀ ਹੈ, ਜਿਸ ਦੇ ਸਿੱਟੇ ਵਜੋਂ ਸਾਡੇ ਦੇਸ਼ @ਤੇ ਗੰਭੀਰ ਸਮਾਜਿਕ, ਆਰਥਿਕ ਅਤੇ ਵਾਤਾਵਰਣਕ ਬੋਝ ਵਧਣ ਦੇ ਨਾਲ-ਨਾਲ ਵਿਆਪਕ ਅਪੰਗਤਾ, ਬਿਮਾਰੀਆਂ ਦੇ ਪ੍ਰਕੋਪ ਅਤੇ ਮੌਤਾਂ ਦਾ ਗ੍ਰਾਫ ਵੱਧ ਰਿਹਾ ਹੈ। ਨਾਡਾ ਇੰਡੀਆ ਦੀ ਰਿੰਕੀ ਗੁਪਤਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਦੁਆਰਾ ਜਾਰੀ ਗਲੋਬਲ ਯੂਥ ਤੰਬਾਕੂ ਸਰਵੇਖਣ-4 ਦੇ ਅਨੁਸਾਰ, 30.2 ਪ੍ਰਤੀਸ਼ਤ ਬਾਲਗ ਇਨਡੋਰ ਵਰਕਸਟੇਸ਼ਨਾਂ ਵਿੱਚ ਸੈਕਿੰਡ ਹੈਂਡ ਸਮੋਕ ਦੇ ਸੰਪਰਕ ਵਿੱਚ ਹਨ ਜਦੋਂ ਕਿ ਇਹ ਅੰਕੜਾ ਰੈਸਟੋਰੈਂਟ ਵਿੱਚ 7.4 ਪ੍ਰਤੀਸ਼ਤ ਹੈ।

## ਅਰੁਨਾ ਚੋਧਰੀ ਨੂੰ ਪੰਜਾਬ ਕਾਂਗਰਸ ਦਾ ਵਾਈਸ ਪ੍ਰਧਾਨ ਨਿਯੁਕਤ ਕਰਨ ਤੇ ਦੀਨਾਨਗਰ ਹਲਕੇ ਚ ਖੁਸ਼ੀ ਦੀ ਲਹਿਰ

**ਦੀਨਾਨਗਰ/ਡਾ.ਰਮੇਸ਼ ਸਰੰਗਲ**

ਦੀਨਾਨਗਰ ਤੋਂ ਚੋਥੀ ਵਾਰ ਵਿਧਾਇਕ ਅਤੇ ਵੱਖ ਵੱਖ ਮਹਿਕਮਿਆਂ ਚ ਬਤੌਰ ਕੈਬਨਿਟ ਮੰਤਰੀ ਰਹਿ ਚੁੱਕੇ ਅਰੁਨਾ ਚੋਧਰੀ ਨੂੰ ਕਾਂਗਰਸ ਹਾਈਕਮਾਨ ਨੇ ਪੰਜਾਬ ਕਾਂਗਰਸ ਦਾ ਵਾਈਸ ਪ੍ਰਧਾਨ ਨਿਯੁਕਤ ਕੀਤਾ ਹੈ ਜਿਸ ਦੇ ਐਲਾਨ ਤੋਂ ਬਾਅਦ ਦੀਨਾਨਗਰ ਹਲਕੇ ਦੀ ਸਮੁੱਚੀ ਲੀਡਰਸ਼ਿਪ ਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਮੌਕੇ ਤੇ ਜਿੱਥੇ ਸਮੂਹ ਕਾਂਗਰਸੀਆਂ ਨੇ ਹਾਈਕਮਾਨ ਦਾ ਧੰਨਵਾਦ ਕੀਤਾ ਉਥੇ ਹੀ ਉਨ੍ਹਾਂ ਕਿਹਾ ਕਿ ਅਰੁਨਾ ਚੋਧਰੀ ਇਕ ਬੇਦਾਗ ਅਤੇ ਮਿਹਨਤੀ ਲੀਡਰ ਹਨ ਜਿਨ੍ਹਾਂ ਨੂੰ ਪੰਜਾਬ ਕਾਂਗਰਸ ਦਾ ਵਾਈਸ ਪ੍ਰਧਾਨ ਨਿਯੁਕਤ ਕਰਕੇ ਹਾਈਕਮਾਨ ਨੇ ਸਹੀ ਫੈਸਲਾ ਕੀਤਾ ਹੈ। ਉਨਾਂ ਕਿਹਾ ਕਿ ਅਰੁਨਾ ਚੋਧਰੀ ਦੀ ਨਿਯੁਕਤੀ ਨਾਲ ਪੰਜਾਬ ਚ ਕਾਂਗਰਸ ਪਾਰਟੀ ਹੋਰ ਮਜਬੂਤ ਹੋਵੇਗੀ।



# ਪੰਜਾਇਤ ਵਿਭਾਗ ਵੱਲੋਂ ਜ਼ਿਲ੍ਹੇ 'ਚ ਕਰੀਬ 22 ਏਕੜ ਜ਼ਮੀਨ ਕਰਵਾਈ ਨਜਾਇਜ਼ ਕਬਜ਼ੇ ਤੋਂ ਮੁਕਤ



**ਲੁਧਿਆਣਾ/ਸੁਖਚੈਨ ਮਹਿਰਾ**

ਡਿਪਟੀ ਕਮਿਸ਼ਨਰ ਲੁਧਿਆਣਾ ਸ੍ਰੀਮਤੀ ਸੁਰਭੀ ਮਲਿਕ ਦੇ ਦਿਸ਼ਾਂ ਨਿਰਦੇਸ਼ਾਂ ਅਤੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸ੍ਰੀ ਅਮਿਤ ਕੁਮਾਰ ਪੰਚਾਲ ਦੀ ਯੋਗ ਅਗਵਾਈ ਹੇਠ ਗ੍ਰਾਮ ਪੰਚਾਇਤਾਂ ਦੀਆਂ ਸ਼ਾਮਲਾਤ ਜ਼ਮੀਨਾਂ ਨੂੰ ਨਜਾਇਜ਼ ਕਬਜ਼ਿਆਂ ਤੋਂ ਮੁਕਤ ਕਰਾਉਣ ਅਤੇ ਸੂਬਾ ਵਾਸੀਆਂ ਨੂੰ ਸ਼ੁੱਧ ਵਾਤਾਵਰਣ ਯੁਕਤ ਆਲਾ ਦੁਆਲਾ ਮੁਹੱਈਆ ਕਰਾਉਣ ਦੇ ਮੰਤਵ ਨਾਲ ਸ਼ੁਰੂ ਕੀਤੇ ਗਏ ਉਪਰਾਲਿਆਂ ਨੂੰ ਉਸ ਵੇਲੇ ਭਾਰੀ ਸਫ਼ਲਤਾ ਮਿਲੀ ਜਦੋਂ ਪੰਚਾਇਤ ਵਿਭਾਗ ਵੱਲੋਂ ਬਲਾਕ ਲੁਧਿਆਣਾ-1 ਤੇ ਮਾਛੀਵਾੜਾ ਸਾਹਿਬ ਅਧੀਨ ਪੰਚਾਇਤਾਂ ਦੀ ਕਰੀਬ 22 ਏਕੜ ਜ਼ਮੀਨ ਕਬਜ਼ਾ ਮੁਕਤ ਕਰਵਾਈ ਗਈ।

ਇਸ ਸੰਬੰਧੀ ਵਿਸਥਾਰ ਨਾਲ ਜਾਣਕਾਰੀ ਦਿੰਦਿਆ ਜ਼ਿਲ੍ਹਾ ਵਿਕਾਸ ਪੰਚਾਇਤ ਅਫਸਰ (ਡੀ.ਡੀ.ਪੀ.ਓ.) ਸ੍ਰੀ ਸੰਜੀਵ ਕੁਮਾਰ ਵੱਲੋਂ ਦੱਸਿਆ ਗਿਆ ਕਿ ਡਿਪਟੀ ਕਮਿਸ਼ਨਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਿੰਡਾਂ ਵਿੱਚ ਸ਼ਾਮਲਾਤ ਜ਼ਮੀਨਾਂ @ਤੇ ਹੋਏ ਨਾਜਾਇਜ਼ ਕਬਜ਼ੇ ਛੁਡਾਉਣ ਦੀ ਵਿੱਢੀ ਗਈ ਮੁਹਿੰਮ ਤਹਿਤ ਕਰੀਬ 22 ਏਕੜ 5 ਕਨਾਲ 24 ਮਰਲੇ ਜ਼ਮੀਨ ਨੂੰ ਕਬਜ਼ਾ ਮੁਕਤ ਕਰਵਾਇਆ ਗਿਆ ਹੈ।

ਬਲਾਕ ਵਿਕਾਸ ਪੰਚਾਇਤ ਅਫ਼ਸਰ (ਬੀ.ਡੀ.ਪੀ.ਓ.) ਸ. ਮਲਕੀਤ ਸਿੰਘ ਨੇ ਦੱਸਿਆ ਕਿ ਬਲਾਕ ਲੁਧਿਆਣਾ-1 ਅਧੀਨ ਗ੍ਰਾਮ ਪੰਚਾਇਤ ਬੱਗਾ ਖੁਰਦ ਦੀ 10 ਏਕੜ ਅਤੇ ਬੁਰਜ਼ ਲਾਬੜਾਂ ਦੀ 2 ਏਕੜ 4 ਕਨਾਲ ਸ਼ਾਮਲਾਤ ਜ਼ਮੀਨ ਕਬਜ਼ਾ ਮੁਕਤ ਕਰਵਾਈ ਗਈ ਹੈ। ਇਸ ਤੋਂ ਇਲਾਵਾ ਬਲਾਕ ਵਿਕਾਸ ਪੰਚਾਇਤ ਅਫ਼ਸਰ (ਬੀ.ਡੀ.ਪੀ.ਓ.) ਸ. ਅਮਰਦੀਪ ਸਿੰਘ ਨੇ ਦੱਸਿਆ ਕਿ ਬਲਾਕ ਮਾਛੀਵਾੜਾ ਅਧੀਨ ਗ੍ਰਾਮ ਪੰਚਾਇਤ ਹਿਆਤਪੁਰ ਦੀ 2 ਏਕੜ 5 ਮਰਲੇ ਅਤੇ ਸੈਂਸੋਵਾਲ ਕਲਾਂ ਦੀ 8 ਏਕੜ 1 ਕਨਾਲ 19 ਮਰਲੇ ਜ਼ਮੀਨ ਛੁਡਵਾ ਕੇ ਵਿਭਾਗ ਵੱਲੋਂ ਆਪਣੇ ਕਬਜ਼ੇ ਵਿੱਚ ਲੈ ਲਈ ਗਈ ਹੈ। ਜ਼ਿਲ੍ਹਾ ਵਿਕਾਸ ਪੰਚਾਇਤ ਅਫਸਰ ਸ੍ਰੀ ਸੰਜੀਵ ਕੁਮਾਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਸਮੂਹ ਬਲਾਕਾਂ ਅਧੀਨ ਪੈਂਦੇ ਪਿੰਡਾਂ ਦੀਆਂ ਸ਼ਾਮਲਾਤ ਜ਼ਮੀਨਾਂ ਤੋਂ ਨਾਜਾਇਜ ਕਬਜ਼ੇ ਛੁਡਾਉਣ ਦੀ ਪ੍ਰਕਿਰਿਆ ਵੀ ਜਲਦ ਆਰੰਭ ਕਰ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸੂਬੇ ਵਿੱਚ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਆਮ ਲੋਕਾਂ ਨੂੰ ਭੌਂ-ਮਾਫੀਆ, ਰੇਤ ਮਾਫੀਆ, ਮਾਈਨਿੰਗ ਮਾਫੀਆ, ਟ੍ਰਾਂਸਪੋਰਟ ਮਾਫੀਆ ਤੋਂ ਨਿਜ਼ਾਤ ਦਿਵਾਉਣ ਲਈ ਵਚਨਬੱਧ ਹੈ।

# ਸਰਕਾਰ ਕਣਕ ਦੇ ਘਟੇ ਝਾੜ ਕਾਰਨ ਕਿਸਾਨਾਂ ਨੂੰ ਇੱਕ ਕੁਇੰਟਲ ਪਿੱਛੇ 500 ਰੁਪਏ ਬੋਨਸ ਦੇਵੇ -ਬਾਲਿਓਂ

**ਸਮਰਾਲਾ/ਭੂਸ਼ਨ ਬਾਂਸਲ/ਸੁਨੀਲ ਅਗਰਵਾਲ**

ਭਾਰਤੀ ਕਿਸਾਨ ਯੂਨੀਅਨ (ਕਾਦੀਆਂ) ਦੀ ਮੀਟਿੰਗ ਬਲਾਕ ਪ੍ਰਧਾਨ ਮੋਹਣ ਸਿੰਘ ਬਾਲਿਓਂ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਯੂਨੀਅਨ ਦੇ ਵੱਖ ਵੱਖ ਬਲਾਕਾਂ ਦੇ ਅਹੁਦੇਦਾਰਾਂ ਅਤੇ ਵਰਕਰਾਂ ਨੇ ਭਾਗ ਲਿਆ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਮੋਹਣ ਸਿੰਘ ਬਾਲਿਓਂ ਨੇ ਭਾਰਤ ਸਰਕਾਰ ਤੋਂ ਮੰਗ ਕੀਤੀ ਹੈ ਕਿ ਇਸ ਵਾਰ ਮੌਸਮ ਵਿੱਚ ਆਈ ਤਬਦੀਲੀ ਅਤੇ ਗਰਮੀ ਕਾਰਨ ਕਣਕ ਦਾ ਭਾਅ 7 ਤੋਂ 9 ਕੁਇੰਟਲ ਪ੍ਰਤੀ ਏਕੜ ਘੱਟ ਗਿਆ ਹੈ, ਜਿਸ ਕਾਰਨ ਕਿਸਾਨਾਂ ਦੇ ਫਸਲਾਂ ਦੇ ਖਰਚੇ ਵੀ ਪੂਰੇ ਨਹੀਂ ਹੋ ਰਹੇ, ਕਿਸਾਨਾਂ ਦੀ ਇਹ ਹਾਲਤ ਦੇਖਦੇ ਹੋਏ ਇੱਕ ਕੁਇੰਟਲ ਮਗਰ 500 ਰੁਪਏ ਬੋਨਸ ਦਿੱਤਾ ਜਾਵੇ। ਉਨ੍ਹਾਂ ਅੱਗੇ ਕਿਹਾ ਕਿ ਹੁਣ ਇਧਰ ਪੰਜਾਬ ਸਰਕਾਰ ਨੂੰ ਬਿਜਲੀ ਦੇ ਵੱਡੇ ਵੱਡੇ ਕੱਟ ਲਗਾਕੇ ਕਿਸਾਨਾਂ ਨੂੰ ਹੋਰ ਪ੍ਰੇਸ਼ਾਨ ਕਰ ਰਹੀ ਹੈ। ਬਿਜਲੀ ਨਾ ਆਉਣ ਕਾਰਨ ਖੇਤਾਂ ਵਿੱਚ ਖੜ੍ਹੀਆਂ ਫਸਲਾਂ ਸੁੱਕ ਰਹੀਆਂ ਹਨ। ਉਨ੍ਹਾਂ ਭਾਰਤ ਸਰਕਾਰ ਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਕਿਸਾਨਾਂ ਦੀ ਬਾਂਹ ਫੜ੍ਹੀ ਜਾਵੇ, ਨਹੀਂ ਤਾਂ ਆਉਣ ਵਾਲੇ ਸਮੇਂ ਵਿੱਚ ਨਤੀਜੇ ਕੁਝ ਹੋਰ ਭਿਆਨਕ ਹੋਣਗੇ। ਅੱਜ ਦੀ ਮੀਟਿੰਗ



ਉਕਤ ਤੋਂ ਇਲਾਵਾ ਗੁਰਜੀਤ ਸਿੰਘ ਗੜ੍ਹੀ ਸੀਨੀਅਰ ਮੀਤ ਪ੍ਰਧਾਨ, ਕੁਲਦੀਪ ਸਿੰਘ ਗੜ੍ਹੀ, ਜੋਰਾ ਸਿੰਘ ਗੜ੍ਹੀ, ਰਜਿੰਦਰ ਸਿੰਘ ਬਾਲਿਓਂ, ਹਰਜਿੰਦਰ ਸਿੰਘ ਹਰਿਓਂ, ਸੁਖਵਿੰਦਰ ਸਿੰਘ ਜਲਾਹ ਮਾਜਰਾ ਇਕਾਈ ਪ੍ਰਧਾਨ, ਲਵਪ੍ਰੀਤ ਸਿੰਘ ਬਾਲਿਓਂ, ਪਰਲਾਦ ਸਿੰਘ ਬਾਲਿਓਂ, ਅਨੂਪ ਸਿੰਘ ਹਰਿਓਂ, ਗੁਰਮੀਤ ਸਿੰਘ ਗੜ੍ਹੀ, ਸਨੀ ਗੜ੍ਹੀ, ਹਰਜਿੰਦਰ ਸਿੰਘ ਬਾਲਿਓਂ, ਗੁਰਵਿੰਦਰ ਸਿੰਘ ਮੁਸ਼ਕਾਬਾਦ, ਸੋਹਣਜੀਤ ਸਿੰਘ ਰਤੀਪੁਰ, ਓਮਕਾਰ ਸਿੰਘ ਸਲਾਣਾ ਬੇਟ, ਦਵਿੰਦਰ ਸਿੰਘ ਇਕਾਈ ਪ੍ਰਧਾਨ ਸਿਕੰਦਰਪੁਰ ਆਦਿ ਹਾਜ਼ਰ ਸਨ।

## ਸਾਲ 2022-23 ਲਈ ਵਣ ਮਡਲ ਦੀ ਸਮਰਾਲਾ ਰੇਂਜ ਦੀਆਂ ਸਟਰਿਪਾਂ ਤੋਂ ਅੰਬ ਤੇ ਜਾਮਣ ਦੇ ਫਲਾਂ ਦੀ ਨਿਲਾਮੀ 06 ਮਈ ਨੂੰ

**ਲੁਧਿਆਣਾ/ਸੁਖਚੈਨ ਮਹਿਰਾ-** ਵਣ ਮੰਡਲ ਅਫ਼ਸਰ ਲੁਧਿਆਣਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਣ ਮੰਡਲ ਦੀ ਸਮਰਾਲਾ ਰੇਂਜ ਦੀਆਂ ਸਟਰਿਪ ਤੋਂ ਸਾਲ 2022-23 ਲਈ ਅੰਬ ਅਤੇ ਜਾਮਣ ਦੇ ਫਲਾਂ ਦੀ ਨਿਲਾਮੀ 06 ਮਈ, 2022 ਨੂੰ ਵਣ ਰੇਂਜ ਦਫ਼ਤਰ ਸਮਰਾਲਾ ਵਿਖੇ ਕੀਤੀ ਜਾਵੇਗੀ। ਉਨ੍ਹਾਂ ਅੱਗੇ ਦੱਸਿਆ ਕਿ ਸਰਹੰਦ ਕੇਨਾਲ ਕੈਨਾਲ ਆਰ.ਡੀ. 110-125 ਖੱਬਾ ਪਾਸਾ, ਸਰਹੰਦ ਕੇਨਾਲ ਕੈਨਾਲ ਆਰ.ਡੀ. 130-143 ਦੋਵੇਂ ਪਾਸੇ ਅਤੇ ਸਰਹੰਦ ਕੇਨਾਲ ਕੈਨਾਲ ਆਰ.ਡੀ. 144-157 ਦੋਵੇਂ ਪਾਸੇ ਅੰਬ ਅਤੇ ਜਾਮਣ ਦੇ ਫਲਾਂ ਦੀ ਨਿਲਾਮੀ 06 ਮਈ, 2022 ਨੂੰ ਸਵੇਰੇ 11 ਵਜੇ ਦਫ਼ਤਰ ਸਮਰਾਲਾ ਰੇਂਜ ਵਿਖੇ ਕਰਵਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਚਾਹਵਾਨ ਵਿਅਕਤੀ ਨਿਲਾਮੀ ਦੀ ਮਿਤੀ ਤੋਂ ਪਹਿਲਾਂ ਮੌਕੇ @ਤੇ ਮਾਲ ਵੇਖ ਸਕਦੇ ਹਨ ਅਤੇ ਵਧੇਰੇ ਜਾਣਕਾਰੀ ਲਈ ਰੇਂਜ ਅਫ਼ਸਰ ਸਮਰਾਲਾ ਨਾਲ ਮੋਬਾਇਲ ਨੰਬਰ 95016-89123 @ਤੇ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਨਿਲਾਮੀ ਦੀਆਂ ਸ਼ਰਤਾਂ ਮੌਕੇ @ਤੇ ਸੁਣਾਈਆਂ ਜਾਣਗੀਆਂ ਅਤੇ ਪੂਰੀ ਰਕਮ ਮੌਕੇ @ਤੇ ਹੀ ਵਸੂਲ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਬੋਲੀ ਨੂੰ ਤੋੜਨ/ਮੋੜਨ ਜਾਂ ਰੱਦ ਕਰਨ ਦਾ ਪੂਰਾ ਅਧਿਕਾਰ ਵਿਭਾਗ ਕੋਲ ਹੋਵੇਗਾ ਅਤੇ ਬੋਲੀ ਦੀ ਰਕਮ ਸਮੇਤ ਇਨਕਮ ਟੈਕਸ ਮੌਕੇ @ਤੇ ਜਮ੍ਹਾਂ ਕਰਵਾਉਣੀ ਹੋਵੇਗੀ।

ਅਦਾਰਾ 'ਲੋਕ ਬਾਣੀ' ਵਿੱਚ ਛਾਪੀਆਂ ਜਾਂਦੀਆਂ ਖ਼ਬਰਾਂ, ਰਿਪੋਰਟਾਂ, ਲੇਖ, ਕਹਾਣੀਆਂ, ਕਵਿਤਾਵਾਂ ਅਤੇ ਹਰ ਕਿਸਮ ਦੇ ਇਸ਼ਤਿਹਾਰਾਂ ਵਿੱਚ ਦਿੱਤੀ ਗਈ ਸੂਚਨਾ, ਵਿਚਾਰ ਆਦਿ ਨਾਲ ਅਖ਼ਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ। ਇਸ ਅਖ਼ਬਾਰ ਵਿੱਚ ਛਪੇ ਇਸ਼ਤਿਹਾਰ (ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜ਼ਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ/ਸ਼ੁੱਭ ਚਿੰਤਕਾਂ ਨੂੰ ਬੇਨਤੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ 'ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਤੱਥਾਂ ਦੀ ਪੜਤਾਲ,ਪੁਸ਼ਟੀ ਕਰ ਲੈਣ। -ਸੰਪਾਦਕ

Daily Lok Bani (Punjabi) R.N.I. Punpun 29016,2008 Edior, Owner, Printer, Publisher, Amandeep Mehra Printed at Rachna Printers, Railway Road Jalandhar Place of Publication : 308 Sangam complex Milap Chowk, Jalandhar (India) , Contect No. : 0181-2211009, Fax : 2211009 , Email Id : lokbani08@gmail.com ,



## ਲੱਖਾਂ ਮੁਸਲਮਾਨਾਂ ਨੇ ਅਦਾ ਕੀਤੀ ਅਲਵਿਦਾ ਜੁੰਮੇ ਦੀ ਨਮਾਜ ਰਮਜ਼ਾਨ ਸ਼ਰੀਫ ਦਾ ਮਹੀਨਾ ਅੱਲਾਹ ਤਾਆਲਾ ਨਾਲ ਇਸ਼ਕ ਅਤੇ ਮੁਹੱਬਤ ਦਾ ਮਹੀਨਾ : ਮੌਲਾਨਾ ਉਸਮਾਨ

**ਲੁਧਿਆਣਾ/ਕਰਨ ਅਗਰਵਾਲ**

ਅੱਜ ਪਵਿੱਤਰ ਰਮਜਾਨ ਸ਼ਰੀਫ ਦੇ ਅਲਵਿਦਾ ਜੁੰਮੇ ਦੇ ਮੌਕੇ 'ਤੇ ਫੀਲਡ ਗੰਜ ਚੌਂਕ ਸਥਿਤ ਇਤਿਹਾਸਿਕ ਜਾਮਾ ਮਸਜਿਦ ਵਿੱਚ ਹਜਾਰਾਂ ਮੁਸਲਮਾਨਾਂ ਨੇ ਨਮਾਜ ਅਦਾ ਕੀਤੀ। ਨਮਾਜੀਆਂ ਦੀ ਗਿਣਤੀ ਨੂੰ ਵੇਖਦੇ ਹੋਏ ਸ਼ਾਹਪੁਰ ਰੋਡ 'ਤੇ ਨਮਾਜ ਪੜਣ ਦੇ ਵਿਸ਼ੇਸ਼ ਪ੍ਰਬੰਧ ਕੀਤੇ ਗਏ। ਇਸ ਮੌਕੇ 'ਤੇ ਸੰਬੋਧਿਤ ਕਰਦੇ ਹੋਏ ਪੰਜਾਬ ਦੇ ਸ਼ਾਹੀ ਇਮਾਮ ਮੌਲਾਨਾ ਉਸਮਾਨ ਰਹਿਮਾਨੀ ਲੁਧਿਆਣਵੀ ਨੇ ਕਿਹਾ ਕਿ ਰਮਜਾਨ ਸ਼ਰੀਫ ਦਾ ਮਹੀਨਾ ਅੱਲਾਹ ਤਾਆਲਾ ਨਾਲ ਇਸ਼ਕ ਅਤੇ ਮੁਹੱਬਤ ਦਾ ਮਹੀਨਾ ਹੈ। ਇਸ ਮੁਬਾਰਕ ਮਹੀਨੇ 'ਚ ਬੰਦਾ ਖੁਦਾ ਅਤੇ ਉਸਦੇ ਰਸੂਲ ਸਲੱਲਲਾਹੁ ਅਲੈਹੀਵਸੱਲਮ ਨਾਲ ਆਪਣੇ ਇਸ਼ਕ ਦਾ ਇਕਰਾਰ ਕਰਦੇ ਹੋਏ ਗੁਨਾਹਾਂ ਤੋਂ ਤੌਬਾ ਕਰਦਾ ਹੈ। ਸ਼ਾਹੀ ਇਮਾਮ ਮੌਲਾਨਾ ਉਸਮਾਨ ਰਹਿਮਾਨੀ ਲੁਧਿਆਣਵੀ ਨੇ ਕਿਹਾ ਕਿ ਰਮਜਾਨ ਦੇ ਕੁੱਝ ਰੋਜੇ ਬਾਕੀ ਨੇ ਤੇ ਸਾਨੂੰ ਚਾਹੀਦਾ ਹੈ ਕਿ ਇਸ ਸਮੇਂ ਦੀ ਖੂਬ ਕਦਰ ਕਰੀਏ ਅਤੇ ਜ਼ਿਆਦਾ ਤੋਂ ਜ਼ਿਆਦਾ ਇਬਾਦਤ 'ਚ ਲੱਗੇ ਰਹੀਏ। ਖੁੱਲੇ ਦਿਲੋਂ ਗਰੀਬਾਂ ਦੀ ਮਦਦ ਕਰੀਏ ਕਿਉਕਿ ਰੱਬ ਨੇ ਸਾਨੂੰ ਦੇਣ ਵਾਲਾ ਬਣਾਇਆ ਹੈ ਲੈਣ ਵਾਲਾ ਨਹੀਂ। ਮੌਲਾਨਾ ਉਸਮਾਨ ਨੇ ਕਿਹਾ ਕਿ ਆਪਸੀ ਰੰਜਿਸ਼ਾਂ ਨੂੰ ਖਤਮ ਕਰਕੇ ਇੱਕ-ਦੂਜੇ ਨਾਲ ਮੁਹੱਬਤ ਦਾ ਇਕਰਾਰ ਕਰੀਏ। ਉਹਨਾਂ ਕਿਹਾ ਕਿ ਮੁਸਲਮਾਨ ਇਸ ਅੱਗ ਵਰਦੀ ਗਰਮੀ 'ਚ ਵੀ ਤਕਰੀਬਨ 16 ਘੰਟੇ ਭੁੱਖਾ ਪਿਆਸਾ ਰਹਿ ਕੇ ਅਪਣੇ ਰੱਬ ਦੇ ਹੁਕਮ ਦਾ ਪਾਲਨ ਕਰਦਾ ਹੈ। ਵਰਣਨਯੋਗ ਹੈ ਕਿ ਅੱਜ ਪਵਿੱਤਰ ਰਮਜਾਨ ਸ਼ਰੀਫ ਦਾ ਆਖਰੀ ਜੁੰਮਾ ਸੀ। ਸ਼ਹਿਰ ਦੀ ਸਾਰੀਆਂ ਮਸਜਿਦਾਂ 'ਚ ਲੱਖਾਂ ਦੀ ਗਿਣਤੀ 'ਚ ਨਮਾਜੀ ਇਕੱਠੇ ਹੋਏ। ਸ਼ਾਹੀ ਇਮਾਮ ਮੌਲਾਨਾ ਉਸਮਾਨ ਰਹਿਮਾਨੀ ਲੁਧਿਆਣਵੀ ਨੇ ਦੱਸਿਆ ਕਿ ਸ਼ਹਿਰ ਦੀਆਂ ਵੱਖ-ਵੱਖ ਮਸਜਿਦਾਂ 'ਚ 5 ਲੱਖ ਤੋਂ ਵੱਧ ਮੁਸਲਮਾਨਾਂ ਨੇ ਅਲਵਿਦਾ ਜੁੰਮੇ ਦੀ ਨਮਾਜ ਅਦਾ ਕੀਤੀ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜੋਨ ਖਡੂਰ ਸਾਹਿਬ ਦੇ ਪਿੰਡ ਚੱਕ ਕਰੇਖਾਂ ਵਿਖੇ ਇਸਤਰੀ ਇਕਾਈ ਦਾ ਗਠਨ



**ਖਡੂਰ ਸਾਹਿਬ/ਜੱਜ ਕੰਡ**

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਜੋਨ ਖਡੂਰ ਸਾਹਿਬ ਦੇ ਅਧੀਨ ਆਉਂਦੇ ਪਿੰਡ ਚੱਕ ਕਰੇਖਾਂ ਵਿਖੇ ਜੋਨ ਪ੍ਰਧਾਨ ਦਿਆਲ ਸਿੰਘ ਮੀਆਵਿੰਡ, ਇਕਾਈ ਪ੍ਰਧਾਨ ਮਨਜੀਤ ਸਿੰਘ ਦੀ ਅਗਵਾਈ ਹੇਠ ਇਕ ਮੀਟਿੰਗ ਕੀਤੀ ਗਈ ਜਿਸ ਵਿੱਚ ਪਿੰਡ ਚੱਕ ਕਰੇਖਾਂ ਤੋ ਵੱਡੀ ਗਿਣਤੀ ਵਿੱਚ ਬੀਬੀਆਂ ਨੇ ਹਿੱਸਾ ਲਿਆ ਮੀਟਿੰਗ ਦੌਰਾਨ ਉਕਤ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਨੂੰ ਜੋ ਸਾਡੇ ਸਿਆਸੀ ਲੀਡਰਾਂ ਦੀ ਗੰਦੀ ਰਾਜਨੀਤੀ ਦੀ ਬਦੌਲਤ ਅਤੇ ਭ੍ਰਿਸਟ ਪ੍ਰਸ਼ਾਸਨ ਦੇ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਨਸ਼ਿਆਂ ਦੀ ਦਲਦਲ ਵਿੱਚ ਧੱਕ ਦਿੱਤਾ ਗਿਆ ਹੈ ਜਿਸ ਨਾਲ ਨਸ਼ੇ ਦੇ ਸੌਦਾਗਰ ਜੋ ਪਿਛਲੀਆਂ ਸਰਕਾਰਾਂ ਦੀ ਦੇਣ ਹਨ ਭਾਵੇਂ ਪੰਜਾਬ ਦੀ ਜਨਤਾ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਚੁਣੀ ਹੈ ਉਹ ਸ਼ਰੇਆਮ ਅਜੇ ਵੀ ਬੇਖੌਫ ਹੋ ਕੇ ਧੜਾਧੜ ਨਸ਼ੇ ਦਾ ਵਪਾਰ ਕਰ ਰਹੇ ਹਨ ਜਿਸ ਕਰਕੇ ਆਏ ਦਿਨ ਪਿੰਡਾਂ, ਸ਼ਹਿਰਾਂ ਅਤੇ ਕਸਬਿਆਂ ਵਿੱਚ ਨਸ਼ਿਆਂ ਦੀ ਓਵਰ ਡੋਜ ਨਾਲ ਸਾਡੇ ਬੱਚੇ ਮਰ ਰਹੇ ਹਨ ਜਿਸ ਕਰਕੇ ਪੁਲੀਸ ਪ੍ਰਸ਼ਾਸਨ ਕੁਝ ਵੀ ਨਹੀਂ ਕਰ ਰਿਹਾ ਵੱਡੇ ਸਮੱਗਲਰਾਂ ਨੂੰ ਫੜਨ ਦੀ ਬਜਾਏ ਨਸ਼ੇ ਕਰਨ ਵਾਲੇ ਨੌਜਵਾਨਾਂ ਨੂੰ ਫੜ ਕੇ ਜੇਲ੍ਹਾਂ ਅੰਦਰ ਸੁਟਿਆ ਜਾ ਰਿਹਾ ਹੈ ਜਿਸ ਨਾਲ ਮਾਪਿਆਂ ਦਾ ਜੀਣਾ ਦੁੱਭਰ ਹੋਇਆ ਪਿਆ ਹੈ ਇਸ ਲਈ ਆਉਣ ਵਾਲੇ ਸਮੇਂ ਵਿੱਚ ਜਥੇਬੰਦੀ ਪੁਲਿਸ ਪ੍ਰਸ਼ਾਸਨ ਅਤੇ ਸਰਕਾਰ ਦੇ ਖਿਲਾਫ ਵੱਡੇ ਪੱਧਰ ਤੇ ਐਕਸ਼ਨ ਲੈਣ ਜਾ ਰਹੀ ਹੈ ਇਸ ਪਿੰਡਾਂ ਵਿੱਚ ਵੱਡੀ ਪੱਧਰ ਤੇ ਕਿਸਾਨਾਂ ਅਤੇ ਮਜਦੂਰਾਂ ਦੀਆਂ ਕਮੇਟੀਆਂ ਦੇ ਨਾਲ ਨਾਲ ਬੀਬੀਆਂ ਦੀਆਂ ਵੀ ਕਮੇਟੀਆਂ ਦਾ ਗਠਨ ਕਰ ਕੇ ਪੰਜਾਬ ਦੀ ਜਨਤਾ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਉਨ੍ਹਾਂ ਕਿਹਾ ਕਿ ਜਿਥੇ ਨਸ਼ੇ ਦੇ ਸੌਦਾਗਰਾਂ ਨੂੰ ਨੱਥ ਪਾਈ ਜਾਵੇਗੀ ਉਥੇ ਮੋਦੀ ਸਰਕਾਰ ਵੱਲੋ ਪਿੰਡਾਂ ਵਿੱਚ ਚਿੱਪ ਵਾਲੇ ਬਿਜਲੀ ਦੇ ਪ੍ਰੀਪੇਡ ਮੀਟਰ ਜੋ ਅਧੀਕਾਰੀ ਲਾਉਣ ਆਉਣਗੇ ਤਾਂ ਡਟ ਕੇ ਵਿਰੋਧ ਕੀਤਾ ਜਾਵੇਗਾ ਪ੍ਰੀਪੇਡ ਮੀਟਰ ਕਿਸੇ ਵੀ ਕੀਮਤ ਤੇ ਨਹੀ ਲੱਗਣ ਦਿੱਤੇ ਜਾਣਗੇ। ਇਸ ਮੌਕੇ ਪਿੰਡ ਚੱਕ ਕਰੇਖਾਂ ਵਿੱਚ ਵੀ ਇਸਤਰੀ ਇਕਾਈ ਦਾ ਗਠਨ ਕੀਤਾ ਗਿਆ ਜਿਸ ਵਿਚ ਗੁਰਮੀਤ ਕੌਰ ਪ੍ਰਧਾਨ, ਬਲਜਿੰਦਰ ਕੌਰ ਸੀਨੀਅਰ ਮੀਤ ਪ੍ਰਧਾਨ, ਕੁਲਵਿੰਦਰ ਕੌਰ ਜਨਰਲ ਸਕੱਤਰ, ਸਰਬਜੀਤ ਕੌਰ ਖਜਾਨਚੀ, ਸਤਨਾਮ ਕੌਰ ਸਹਾਇਕ ਖ਼ਜ਼ਾਨਚੀ, ਕੁਲਵਿੰਦਰ ਕੌਰ ਸਹਾਇਕ ਸਕੱਤਰ, ਜਸਵਿੰਦਰ ਕੌਰ, ਸੰਦੀਪ ਕੌਰ, ਪਰਮਜੀਤ ਕੌਰ, ਦਵਿੰਦਰ ਕੌਰ, ਸਰਬਜੀਤ ਕੌਰ, ਪਲਵਿੰਦਰ ਕੌਰ, ਰਣਜੀਤ ਕੌਰ, ਸੰਧਿਆ ਕੌਰ, ਗੁਰਜਿੰਦਰ ਕੌਰ ਅਤੇ ਅਕਵਿੰਦਰ ਕੌਰ ਸਮੇਤ ਆਦਿ ਜਥੇਬੰਦੀ ਦੀ ਚੋਣ ਕੀਤੀ ਗਈ।ਇਸ ਮੌਕੇ ਪਿੰਡ ਦੇ ਕਿਸਾਨ ਮਜ਼ਦੂਰ ਅਤੇ ਜਥੇਬੰਦੀ ਦੇ ਆਗੂ ਪਾਖਰ ਸਿੰਘ ਲਾਲਪੁਰਾ ਅਤੇ ਪ੍ਰੈਸ ਸਕੱਤਰ ਨਵਤੇਜ ਸਿੰਘ ਏਕਲਗੱਡਾ ਵੀ ਹਾਜ਼ਰ ਸਨ।

## 30 ਅਪ੍ਰੈਲ ਨੂੰ ਲੋਹਾ ਮੰਡੀ ਵਿੱਚ ਪੈਂਦੇ ਸਲੱਮ ਏਰੀਏ ਵਿਚ ਲੱਗੇਗਾ ਮੁਫਤ ਮੈਡੀਕਲ ਕੈਂਪ

**ਬਟਾਲਾ/ਸੁਖਨਾਮ ਸਿੰਘ**

ਸਥਾਨਕ ਲੋਹਾ ਮੰਡੀ ਵਿੱਚ ਪੈਂਦੇ ਸਲੱਮ ਏਰੀਏ ਵਿਚ ਰਹਿੰਦੇ ਲੋਕਾਂ/ਮਰੀਜ਼ਾਂ ਦੀ ਸਹੂਲਤ ਲਈ ਜ਼ਿਲ੍ਹਾ ਰੈੱਡ ਸੁਸਾਇਟੀ, ਗੁਰਦਾਸਪੁਰ ਵੱਲੋਂ 30 ਅਪ੍ਰੈਲ ਨੂੰ ਸਵੇਰੇ 9 ਵਜੇ ਤੋਂ 11 ਵਜੇ ਤੱਕ ਮੁਫਤ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਗੁਰਦਾਸਪੁਰ ਜਨਾਬ ਮੁਹੰਮਦ ਇਸ਼ਫ਼ਾਕ



ਨੇ ਦੱਸਿਆ ਕਿ ਜ਼ਿਲ੍ਹਾ ਰੈੱਡ ਸੁਸਾਇਟੀ, ਗੁਰਦਾਸਪੁਰ ਅਤੇ ਸਿਹਤ ਵਿਭਾਗ ਵੱਲੋਂ ਸਾਂਝੇ ਤੌਰ 'ਤੇ ਲਗਾਏ ਜਾ ਰਹੇ ਇਸ ਮੈਡੀਕਲ ਕੈਂਪ ਵਿੱਚ ਮਾਤਾ ਸੁਲੱਖਣੀ ਜੀ ਸਿਵਲ ਹਸਪਤਾਲ ਬਟਾਲਾ ਦੇ ਮਾਹਿਰ ਡਾਕਟਰ ਮਰੀਜ਼ਾਂ ਦੀ ਜਾਂਚ ਕਰਨਗੇ ਅਤੇ ਉਨ੍ਹਾਂ ਨੂੰ ਮੁਫ਼ਤ ਦਵਾਈਆਂ ਦੇਣਗੇ। ਉਨ੍ਹਾਂ ਕਿਹਾ ਕਿ ਗਰੀਬ ਤੇ ਲੋੜਵੰਦ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹਾ ਰੈੱਡ ਸੁਸਾਇਟੀ ਵੱਲੋਂ ਇਹ ਕੈਂਪ ਹਰ ਹਫ਼ਤੇ ਸ਼ਨੀਵਾਰ ਨੂੰ ਲਗਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਬਟਾਲਾ ਸ਼ਹਿਰ ਦੇ ਲੋਕ ਇਨ੍ਹਾਂ ਮੈਡੀਕਲ ਕੈਂਪਾਂ ਦਾ ਲਾਭ ਉਠਾ ਸਕਦੇ ਹਨ।

## ਧਰਤੀ ਅਤੇ ਵਾਤਾਵਰਨ ਨੂੰ ਬਚਾਉਣ ਲਈ ਕਣਕ ਦੇ ਨਾੜ ਨੂੰ ਅੱਗ ਬਿਲਕੁਲ ਨਾ ਲਗਾਈ ਜਾਵੇ - ਖੇਤੀਬਾੜੀ ਮਹਿਕਮਾ

**ਬਟਾਲਾ/ਸੁਖਨਾਮ ਸਿੰਘ**

ਰਾਸ਼ਟਰੀ ਗਰੀਨ ਟ੍ਰਿਬਿਊਨਲ ਵੱਲੋਂ ਫਸਲਾਂ ਦੀ ਰਹਿੰਦ ਖੂਹੰਦ ਨੂੰ ਸਾੜਨ 'ਤੇ ਲਗਾਈ ਪਾਬੰਦੀ ਦੇ ਮੱਦੇਨਜ਼ਰ ਅਤੇ ਇਸ ਕਾਰਨ ਵਾਤਾਵਰਨ ਅਤੇ ਜ਼ਮੀਨ ਦੀ ਸਿਹਤ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਕਾਰਨ ਖੇਤੀਬਾੜੀ ਮਹਿਕਮੇ ਨੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਕਣਕ ਦੇ ਨਾੜ ਨੂੰ ਇਸ ਵਾਰ ਵੀ ਅੱਗ ਬਿਲਕੁਲ ਨਾ ਲਗਾਉਣ।



ਕਿਸਾਨਾਂ ਨੂੰ ਉਪਰੋਕਤ ਅਪੀਲ ਕਰਦਿਆਂ ਬਟਾਲਾ ਬਲਾਕ ਦੇ ਖੇਤੀਬਾੜੀ ਅਫ਼ਸਰ ਸ. ਸ਼ਾਹਬਾਜ਼ ਸਿੰਘ ਚੀਮਾ ਨੇ ਕਿਹਾ ਕਿ ਆਮ ਕਰਕੇ ਕਣਕ ਦੀ ਕਟਾਈ ਤੋਂ ਬਾਅਦ ਰੀਪਰ ਨਾਲ 80-90 ਫੀਸਦੀ ਨਾੜ ਦੀ ਤੂੜੀ ਬਣਾ ਲਈ ਜਾਂਦੀ ਹੈ ਅਤੇ ਬਹੁਤ ਘੱਟ ਨਾੜ ਦਾ ਹਿੱਸਾ ਖੇਤ ਵਿੱਚ ਬਚਦਾ ਹੈ, ਜਿਸ ਨੂੰ ਕਿਸਾਨਾਂ ਵੱਲੋਂ ਅੱਗ ਲਗਾ ਕੇ ਸਾੜ ਦਿੱਤਾ ਜਾਂਦਾ ਸੀ। ਉਨਾਂ ਕਿਹਾ ਕਿ ਨਾੜ ਨੂੰ ਅੱਗ ਲਗਾ ਕੇ ਸਾੜਣ ਨਾਲ ਬਹੁਤ ਸਾਰੀਆਂ ਜ਼ਹਿਰੀਲੀਆਂ ਗੈਸਾਂ ਜਿਵੇਂ ਕਾਰਬਨ ਡਾਈਆਕਸਾਈਡ, ਕਾਰਬਨ ਮੋਨੋਆਕਸਾਈਡ, ਨਾਈਟਰਸ ਆਕਸਾਈਡ ਆਦਿ ਪੈਦਾ ਹੁੰਦੀਆਂ ਹਨ, ਜਿਸ ਕਾਰਨ ਮਨੁੱਖਾਂ ਵਿੱਚ ਸਾਹ ਲੈਣ ਦੀ ਤਕਲੀਫ਼, ਅੱਖਾਂ ਵਿੱਚ ਜਲਣ ਅਤੇ ਚਮੜੀ ਦੇ ਰੋਗਾਂ ਦਾ ਖਤਰਾ ਪੈਦਾ ਹੁੰਦਾ ਹੈ। ਉਨਾਂ ਕਿਹਾ ਕਿ ਕਣਕ ਦੇ ਨਾੜ ਅੱਗ ਲਗਾ ਸਾੜਣ ਨਾਲ ਹਵਾ ਦਾ ਪ੍ਰਦੂਸ਼ਣ ਵਧ ਜਾਂਦਾ ਹੈ ਅਤੇ ਸਾਹ ਲੈਣਾ ਵੀ ਔਖਾ ਹੋ ਜਾਂਦਾ ਹੈ। ਇਸ ਨਾਲ ਮਿੱਤਰ ਕੀਟ ਮਰ ਜਾਂਦੇ ਹਨ ਅਤੇ ਸਾਡੀ ਜ਼ਮੀਨ ਦੀ ਉਪਜਾਊ ਸ਼ਕਤੀ ਨੂੰ ਵੀ ਭਾਰੀ ਨੁਕਸਾਨ ਹੁੰਦਾ ਹੈ।

ਖੇਤੀਬਾੜੀ ਅਧਿਕਾਰੀ ਸ. ਚੀਮਾ ਨੇ ਕਿਹਾ ਕਿ ਰੀਪਰ ਨਾਲ ਤੂੜੀ ਬਨਾਉਣ ਉਪਰੰਤ ਸੁਹਾਗਾ ਮਾਰ ਕੇ ਪਾਣੀ ਲਗਾ ਦੇਣਾ ਚਾਹੀਦਾ ਅਤੇ ਵੱਤਰ ਆਉਣ ਤੇ ਤਵੀਆਂ ਜਾਂ ਉਲਟਾਵੇਂ ਹੱਲ ਨਾਲ ਨਾੜ ਦੀ ਰਹਿੰਦ ਖੂੰਹਦ ਨੂੰ ਜ਼ਮੀਨ ਵਿੱਚ ਦਬਾ ਦੇਣਾ ਚਾਹੀਦਾ ਹੈ। ਉਨਾਂ ਕਿਹਾ ਕਿ ਜ਼ੀਰੋ ਡਰਿਲ ਨਾਲ ਵੀ ਖੇਤ ਨੂੰ ਬਿਨਾਂ ਵਾਹੇ ਜੰਤਰ ਦੀ ਬਿਜਾਈ ਕੀਤੀ ਜਾ ਸਕਦੀ ਹੈ। ਉਨਾਂ ਨੇ ਕਿਹਾ ਕਿ ਨੈਸ਼ਨਲ ਗਰੀਨ ਟ੍ਰਿਬਿਊਨਲ ਵਲੋਂ ਨਾੜ ਸਾੜਨ 'ਤੇ ਮੁਕੰਮਲ ਰੋਕ ਲਗਾਈ ਗਈ ਹੈ ਅਤੇ ਜੇਕਰ ਫਿਰ ਵੀ ਕੋਈ ਹੁਕਮਾਂ ਦੀ ਉਲੰਘਣਾ ਕਰਕੇ ਨਾੜ ਨੂੰ ਅੱਗ ਲਗਾਵੇਗਾ ਤਾਂ ਉਸ ਖਿਲਾਫ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਹੋਵੇਗੀ। ਖੇਤੀਬਾੜੀ ਅਧਿਕਾਰੀ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਨਾੜ ਨੂੰ ਅੱਗ ਬਿਲਕੁਲ ਨਾ ਲਗਾਉਣ ਬਲਕਿ ਆਪਣੇ ਖੇਤਾਂ ਦੇ ਸਾਰੇ ਨਾੜ ਦੀ ਤੂੜੀ ਬਣਾ ਕੇ ਬਜ਼ਾਰ ਵਿੱਚ ਚੰਗੇ ਭਾਅ 'ਤੇ ਵੇਚ ਸਕਦੇ ਹਨ। ਉਨਾਂ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਉਨਾਂ ਦੇ ਆਸ-ਪਾਸ ਕੋਈ ਕਿਸਾਨ ਖੇਤਾਂ ਵਿੱਚ ਨਾੜ ਨੂੰ ਅੱਗ ਲਗਾਉਂਦਾ ਹੈ ਤਾਂ ਇਸਦੀ ਸੂਚਨਾ ਤੁਰੰਤ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੂੰ ਦਿੱਤੀ ਜਾਵੇ।

## ਮਾਰੂ ਨਸ਼ਿਆ ਦੀ ਰੋਕਥਾਮ ਲਈ ਸਰਕਾਰ ਪੰਜਾਬ ਵਿੱਚ ਅਫੀਮ ਦੀ ਖੇਤੀ ਖੇਤੀ ਕਰਵਾਈ ਜਾਵੇ:- ਆਸ਼ੂ ਵਿਨਾਇਕ

**ਜੰਡਿਆਲਾ ਗੁਰੂ/ਜਸਪਾਲ ਸ਼ਰਮਾਂ:-** ਨਸ਼ਾ ਅਤੇ ਲੂੱਟਾਂ ਖੋਹਾਂ ਦੀ ਰੋਕ ਥਾਮ ਦਾ ਇਕੋ ਤੇ ਆਸਾਨ ਤਰੀਕਾ ਅਫੀਮ ਦੀ ਖੇਤੀ ਪੰਜਾਬ ਵਿਚ ਕਰਵਾਈ ਜਾਵੇ ਅਤੇ ਜੋ ਨਸ਼ੇ ਦੇ ਆਦੀ ਨੇ ਓਹਨਾਂ ਦੀ ਸ਼ਨਾਖਤ ਕਰਵਾ ਕੇ ਦਵਾਈ ਦੇ ਤੌਰ ਤੇ ਨਸ਼ਾ ਮੁਹਈਆ ਕਰਵਾਇਆ ਜਾਵੇ ਤਾਂ ਜੋ ਆਮ ਆਦਮੀ ਨੂੰ ਲੂੱਟਾਂ ਖੋਹਾ ਤੋ ਛੁਟਕਾਰ ਮਿਲ ਸਕੇ ਕਿਉਂ ਕਿ ਜਿਆਦਾ ਤਰ ਲੂੱਟਾਂ ਖੋਹਾਂ ਦਾ ਕਾਰਨ ਨਸ਼ਾ ਹੀ ਹੈ ਜਦੋਂ ਨਸ਼ਾ ਕਰਨ ਵਾਲੇ ਨੂੰ ਨਸ਼ਾ ਸਰਕਾਰ ਮੁਹਈਆ ਕਰਵਾਏਗੀ ਫਿਰ ਵੇਚਨ ਵਾਲੇ ਨਸ਼ਾ ਕਿਸ ਨੂੰ ਵੇਚਨਗੇ। ਇਹ ਵਿਚਾਰ ਜੰਡਿਆਲਾ ਗੁਰੂ ਦੇ ਵਾਰਡ ਨੰਬਰ 8 ਦੇ ਕੌਂਸਲਰ ਆਸ਼ੂ ਵਿਨਾਇਕ ਨੇ ਪੱਤਰਕਾਰਾਂ ਨਾਲ ਸਾਂਝੇ ਕੀਤੇ। ਉਹਨਾਂ ਕਿਹਾ ਕਿ ਇਸ ਨਾਲ ਨੋਜਵਾਨਾ ਦੀ ਸੰਥੈਟਿਕ ਡਰਗਸ ਨਾ ਲੈਣ ਕਰਕੇ ਜਾਨ ਦਾ ਖਤਰਾ ਵੀ ਘਟ ਜਾਵੇਗਾ ਅਤੇ ਇਸ ਦੇ ਨਾਲ ਨੋਜਵਾਨਾ ਨੂੰ ਅਵੇਅਰ ਵੀ ਕੀਤਾ ਜਾਵੇ ਅਤੇ ਓਹਨਾ ਦੇ ਰੋਜਗਾਰ ਦਾ ਵੀ ਸਰਕਾਰ ਇੰਤਜਾਮ ਕਰੇ ਕਿਸੇ ਨਾ ਕਿਸੇ ਕੰਮ ਵਿਚ ਰੁੱਜੇ ਹੋਣ ਕਾਰਨ ਹੋਲੀ ਹੋਲੀ ਨਸ਼ੇ ਦੀ ਦਲਦਲ ਵਿਚੋ ਕੱਡਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਵੈਸੇ ਨਸ਼ੇ ਤਾਂ ਸਾਰੇ ਵੀ ਮਾਰੇ ਹੁੰਦੇ ਹਨ ਪਰ ਅਫੀਮ ਦਾ ਨਸ਼ਾ ਹੋਰਨਾਂ ਨਸ਼ਿਆ ਵਾਂਗ ਇੰਨਾ ਘਾਤਕ ਨਹੀਂ ਹੈ। ਆਸ਼ੂ ਵਿਨਾਇਕ ਨੇ ਕਿਹਾ ਕਿ ਜਿਹੜੇ ਲੋਕ ਲੰਮੇ ਸਮੇਂ ਤੋਂ ਨਸ਼ਿਆ ਦਾ ਸੇਵਨ ਕਰਦੇ ਆ ਰਹੇ ਹਨ ਉਹ ਹਟ ਤਾਂ ਸਕਦੇ ਨਹੀਂ ਹਨ ਜੇਕਰ ਸਰਕਾਰੀ ਉਨ੍ਹਾਂ ਨੂੰ ਦਵਾਈ ਦੇ ਤੌਰ ਥੋੜੀ ਥੋੜੀ ਅਫੀਮ ਦੇ ਦੇਵੇ ਤਾਂ ਇਸ ਵਿੱਚ ਕੋਈ ਮਾੜੀ ਗੱਲ ਵੀ ਨਹੀਂ ਹੋ ਸਕਦੀ, ਬਾਕੀ ਸਰਕਾਰ ਦੀ ਮਰਜ਼ੀ।



# ਵਿਧਾਇਕ ਸ਼ੈਰੀ ਕਲਸੀ ਦੇ ਯਤਨਾ ਸਦਕਾ ਡੇਰਾ ਰੋਡ ਰੇਲਵੇ ਪੁੱਲ ਦੇ ਥੱਲੇ ਦੁਕਾਨਦਾਰਾਂ, ਸਥਾਨਕ ਨਿਵਾਸੀਆਂ ਅਤੇ ਰਾਹਗੀਰਾਂ ਨੂੰ ਵੱਡੀ ਰਾਹਤ ਮਿਲੀ



**ਬਟਾਲਾ/ਸੁਖਨਾਮ ਸਿੰਘ**

ਵਿਧਾਨ ਸਭਾ ਹਲਕਾ ਬਟਾਲਾ ਦੇ ਵਿਧਾਇਕ ਸ੍ਰੀ ਅਮਨ ਸ਼ੇਰ ਸਿੰਘ ਕਲਸੀ ਦੇ ਯਤਨਾ ਸਦਕਾ ਸਥਾਨਕ ਡੇਰਾ ਰੋਡ ਰੇਲਵੇ ਪੁੱਲ ਦੇ ਥੱਲੇ ਦੋਵਾਂ ਪਾਸਿਆਂ ਦੀਆਂ ਸੜਕਾਂ ਦੇ ਦੁਕਾਨਦਾਰਾਂ, ਸਥਾਨਕ ਨਿਵਾਸੀਆਂ ਅਤੇ ਰਾਹਗੀਰਾਂ ਨੂੰ ਵੱਡੀ ਰਾਹਤ ਮਿਲੀ ਹੈ। ਵਿਧਾਇਕ ਸ਼ੈਰੀ ਕਲਸੀ ਦੀਆਂ ਹਦਾਇਤਾਂ ’ਤੇ ਨਗਰ ਨਿਗਮ ਬਟਾਲਾ ਵੱਲੋਂ ਪੁੱਲ ਦੇ ਹੇਠਾਂ ਦੋਵੇਂ ਪਾਸੇ ਸਰਵਿਸ ਲੇਨ ਨੂੰ ਬਣਾਉਣ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ। ਇਸ ਸੜਕ ਦੀ ਮੁਰੰਮਤ ’ਤੇ 42.85 ਲੱਖ ਰੁਪਏ ਦੀ ਲਾਗਤ ਆਵੇਗੀ।

ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪਿਛਲੇ ਕਈ ਸਾਲਾਂ ਤੋਂ ਡੇਰਾ ਬਾਬਾ ਨਾਨਕ ਰੋਡ ’ਤੇ ਬਣੇ ਰੇਲਵੇ ਪੁੱਲ ਦੇ ਹੇਠਾਂ ਫਾਟਕ ਦੇ ਦੋਵੇਂ ਪਾਸੇ ਜੋ ਸੜਕਾਂ ਹਨ ਉਨ੍ਹਾਂ ਦੀ ਹਾਲਤ ਏਨੀ ਕੁ ਤਰਸਯੋਗ ਸੀ ਕਿ ਲੋਕਾਂ ਦਾ ਲੰਘਣਾਂ ਮੁਹਾਲ ਹੋਇਆ ਪਿਆ ਸੀ। ਇਸ ਰੋਡ ਦੇ ਦੁਕਾਨਦਾਰ ਅਤੇ ਸਥਾਨਕ ਨਿਵਾਸੀ ਲੰਮੇ ਸਮੇਂ ਤੋਂ ਇਸ ਸੜਕ ਨੂੰ ਬਣਾਉਣ ਦੀ ਮੰਗ ਕਰ ਰਹੇ ਸਨ ਪਰ ਪਿਛਲੀਆਂ ਸਰਕਾਰਾਂ ਨੇ ਲੋਕਾਂ ਦੀ ਇਸ ਜਾਇਜ ਮੰਗ ਨੂੰ ਵੀ ਜਾਣਬੁੱਝ ਕੇ ਪੂਰਾ ਨਹੀਂ ਕੀਤਾ ਸੀ। ਸ਼ੈਰੀ ਕਲਸੀ ਨੇ ਕਿਹਾ ਕਿ ਉਹ ਲੋਕਾਂ ਦੀ ਇਸ ਮੁਸ਼ਕਲ ਤੋਂ ਭਲੀਭਾਂਤ ਜਾਣੂ ਸਨ ਅਤੇ ਉਨ੍ਹਾਂ ਨੇ ਨਗਰ ਨਿਗਮ ਨੂੰ ਫੌਰੀ ਤੌਰ ’ਤੇ ਇਹ ਸੜਕ ਬਣਾਉਣ ਦੀਆਂ ਹਦਾਇਤਾਂ ਦਿੱਤੀਆਂ ਸਨ। ਉਨ੍ਹਾਂ ਕਿਹਾ ਕਿ ਬੜੀ ਖੁਸ਼ੀ ਦੀ ਗੱਲ ਹੈ ਕਿ ਬੀਤੀ ਸ਼ਾਮ ਇਸ ਸੜਕ ਦੀ ਮੁਰੰਮਤ ਸ਼ੁਰੂ ਹੋ ਗਈ ਹੈ ਅਤੇ ਅਗਲੇ ਇੱਕ-ਦੋ ਦਿਨਾਂ ਵਿੱਚ ਇਹ ਕੰਮ ਮੁਕੰਮਲ ਹੋ ਜਾਵੇਗਾ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਬਟਾਲਾ ਸ਼ਹਿਰ ਦੇ ਸਰਬਪੱਖੀ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਸ਼ਹਿਰ ਵਿੱਚ ਸੀਵਰੇਜ ਪਾਉਣ ਦਾ ਕੰਮ 80 ਫੀਸਦੀ ਤੋਂ ਜਿਆਦਾ ਮੁਕੰਮਲ ਹੋ ਗਿਆ ਹੈ ਅਤੇ ਜਿਨ੍ਹਾਂ ਸੜਕਾਂ ਤੇ ਗਲੀਆਂ ਵਿੱਚ ਸੀਵਰੇਜ ਪੈ ਗਿਆ ਹੈ ਜਲਦੀ ਹੀ ਓਥੇ ਨਵੀਆਂ ਸੜਕਾਂ ਤੇ ਗਲੀਆਂ ਬਣਾ ਦਿੱਤੀਆਂ ਜਾਣਗੀਆਂ। ਇਸ ਮੌਕੇ ਨਗਰ ਨਿਗਮ ਦੇ ਐਕਸੀਅਨ ਰਮੇਸ਼ ਭਾਟੀਆ, ਐੱਸ.ਡੀ.ਓ. ਰਵਿੰਦਰ ਸਿੰਘ ਕਲਸੀ, ਐੱਮ.ਸੀ. ਸਰਦੂਲ ਸਿੰਘ, ਐੱਮ.ਸੀ. ਬਲਵਿੰਦਰ ਸਿੰਘ ਮਿੰਟਾ, ਐੱਮ.ਸੀ. ਰਾਜੇਸ਼ ਤੁਲੀ, ਯਸਪਾਲ ਚੌਹਾਨ, ਗੁਰਪ੍ਰੀਤ ਸਿੰਘ, ਮਾਣਕ ਮਹਿਤਾ, ਉਪਦੇਸ਼ ਕੁਮਾਰ ਸਮੇਤ ਸ਼ਹਿਰ ਦੇ ਹੋਰ ਮੋਹਤਬਰ ਵੀ ਮੌਜੂਦ ਸਨ।

# ਵਿਧਾਇਕ ਕੁਲਵੰਤ ਸਿੰਘ ਸਿੱਧੂ ਵੱਲੋਂ ਵਾਰਡ ਨੰ: 42 ’ਚ ਸੜ੍ਹਕ ਨਿਰਮਾਣ ਕਾਰਜ ਦਾ ਉਦਘਾਟਨ



**ਲੁਧਿਆਣਾ/ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ਼ ਭਾਂਬਰੀ**

ਹਲਕਾ ਆਤਮ ਨਗਰ ਤੋਂ ਵਿਧਾਇਕ ਸ.ਕੁਲਵੰਤ ਸਿੰਘ ਸਿੱਧੂ ਵੱਲੋਂ ਅੱਜ ਵਾਰਡ ਨੰਬਰ 42 ਅਧੀਨ ਰਾਧਾ ਸੁਆਮੀ ਰੋਡ, ਧੂਰੀ ਲਾਈਨ ਦੇ ਪਿੱਛੇ ਕਰੀਬ 56 ਲੱਖ ਰੁਪਏ ਦੀ ਲਾਗਤ ਨਾਲ ਬਣਨ ਜਾ ਰਹੀ ਸੜ੍ਹਕ ਦੇ ਨਿਰਮਾਣ ਕਾਰਜ਼ ਦਾ ਉਦਘਾਟਨ ਕੀਤਾ ਗਿਆ।

ਇਸ ਮੌਕੇ ਉਨ੍ਹਾਂ ਨਾਲ ਨਗਰ ਨਿਗਮ ਦੇ ਐਕਸੀਅਨ ਸ੍ਰੀ ਸ਼ਾਂਤੀ ਸਰੂਪ, ਐਸ.ਡੀ.ਓ. ਸ.ਤਰਨਜੀਤ ਸਿੰਘ, ਜੇ.ਈ. ਸ੍ਰੀ ਅਸੀਮ ਕੁਮਾਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾਵਾਸੀ ਵੀ ਮੌਜੂਦ ਸਨ। ਮੀਡੀਆ ਨੂੰ ਸੰਬੋਧਨ ਕਰਦਿਆਂ ਵਿਧਾਇਕ ਸ. ਕੁਲਵੰਤ ਸਿੰਘ ਸਿੱਧੂ ਨੇ ਦੱਸਿਆ ਕਿ ਇਸ ਪ੍ਰੋਜੈਕਟ ਤਹਿਤ ਲਗਭਗ ਡੇਢ ਕਿਲੋਮੀਟਰ ਸੜ੍ਹਕ ਦਾ ਨਿਰਮਾਣ ਕੀਤਾ ਜਾਵੇਗਾ ਜਿਸ @ਤੇ ਕਰੀਬ 56 ਲੱਖ ਰੁਪਏ ਦੀ ਲਾਗਤ ਆਵੇਗੀ। ਉਨ੍ਹਾ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕਰਦਿਆਂ ਸਪੱਸ਼ਟ ਕੀਤਾ ਕਿ ਨਿਰਮਾਣ ਕਾਰਜ਼ ਤੈਅ ਸਮੇਂ ਸੀਮਾ ਵਿੱਚ ਮੁਕੰਮਲ ਕੀਤਾ ਜਾਵੇ। ਉਨ੍ਹਾ ਕਿਹਾ ਕਿ ਸੜ੍ਹਕ ਦੇ ਨਿਰਮਾਣ ਵਿੱਚ ਵਰਤੇ ਜਾਣ ਵਾਲ ਮਟੀਰੀਅਲ ਵਿੱਚ ਕੋਈ ਖਾਮੀ ਨਹੀਂ ਹੋਣੀ ਚਾਹੀਦੀ, ਬੇਨਿਯਮੀ ਪਾਏ ਜਾਣ @ਤੇ ਸਬੰਧਤ ਅਧਿਕਾਰੀਆਂ ਖਿਲਾਫ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਵਿਧਾਇਕ ਸਿੱਧੂ ਨੇ ਕਿਹਾ ਕਿ ਸੂਬੇ ਵਿੱਚ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਲੋਕਾਂ ਦੀ ਸਰਕਾਰ ਵੱਲੋਂ ਹਰ ਗਲੀ, ਸੜਕ ਨੂੰ ਇੱਕ-ਇੱਕ ਕਰਕੇ ਪੱਕਾ ਕੀਤਾ ਜਾਵੇਗਾ ਅਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਪਹਿਲ ਦੇ ਆਧਾਰ @ਤੇ ਮੁਹੱਈਆ ਕਰਵਾਈਆਂ ਜਾਣਗੀਆਂ।

# ਬਿਨਾ ਕਾਰਨ ਦਿਤੇ ਗਨਮੈਨ ਲੋੜਵੰਦ ਥਾਣਿਆ ਵਿਚ ਤੈਨਾਤ ਕੀਤੇ ਜਾਣ : ਜਥੇਦਾਰ ਜੁਗਨੂੰ



**ਕਪੂਰਥਲਾ/ਪਰਮਜੀਤ ਸੰਨੀ**

ਪੰਜਾਬ ਵਿਚ ਆਮ ਆਦਮੀ ਦੀ ਸਰਕਾਰ ਬਣਦੇਆ ਹੀ ਪੰਜਾਬ ਦੇ ਮੁਖ ਮੰਤਰੀ ਭਗਵੰਤ ਮਾਨ ਨੇ ਸਖ਼ਤ ਕਾਰਵਾਈ ਕਰਕੇ ਸਾਰੇ ਪੰਜਾਬ ਦੇ ਸਾਰੇ ਲੀਡਰਾਂ ਸਾਬਕਾ ਮੰਤਰੀਆ ਤੇ ਐਮ ਐਲ ਏ ਦੀ ਸੁਰੱਖਿਆ ਵਿਚ ਵੱਡੀ ਕਟੌਤੀ ਕਰ ਤਕਰੀਬਨ ਸਾਰੇ ਗਨਮੈਨ ਵਾਪਿਸ ਲਏ ਪਰ ਹਾਲੇ ਵੀ ਕਪੂਰਥਲਾ ਹਲਕੇ ਵਿਚ ਕੁਝ ਅਖੌਤੀ ਆਗੂ ਆਪਣੇ ਆਪ ਨੂੰ ਬਿਨਾਂ ਕਿਸੇ ਖਤਰੇ ਦੇ ਤੇ ਬਿਨਾਂ ਕਿਸੇ ਕਾਰਨ ਫੋਕੀ ਸੋਹਰਤ ਤੇ ਰੋਹਬ ਦਿਖਾਉਣ ਲਈ ਹੇਠਲੇ ਪੱਧਰ ਤੇ ਗਨਮੈਨ ਲੈ ਕਿ ਸ਼ਰੇਆਮ ਘੁੰਮ ਰਹੇ ਹਨ ਅਜਿਹੇ ਪੁਲਿਸ ਮੁਲਾਜਮ ਦੀ ਪਹਿਚਾਣ ਕਰਕੇ ਗਨਮੈਨਾ ਨੂੰ ਤਰੁੰਤ ਲੋੜਵੰਦ ਥਾਨਿਆ ਵਿਚ ਤੈਨਾਤ ਕਰਨ ਲਈ ਐੱਸ ਐੱਸ ਪੀ ਕਪੂਰਥਲਾ ਨੂੰ ਜ਼ੋਰਦਾਰ ਅਪੀਲ ਕਰਦਿਆ ਸ਼੍ਰੋਮਣੀ ਅਕਾਲੀ ਦਲ ਦੇ ਰਾਜਸੀ ਮਾਮਲਿਆ ਕਮੇਟੀ ਪੀ ਏ ਸੀ ਦੇ ਮੇਂਬਰ ਤੇ ਮੁੱਖ ਬੁਲਾਰੇ ਜਥੇਦਾਰ ਇੰਦਰਜੀਤ ਸਿੰਘ ਜੁਗਨੂੰ ਨੇ ਕਿਹਾ ਸਿਰਫ ਮਜੂਦਾ ਸਰਕਾਰੀ ਸਾਵਧਾਨਿਕ ਉਹਦਿਆ ਤੇ ਤੈਨਾਤ ਤੇ ਲੋੜਵੰਦ ਆਗੂਆਂ ਨੂੰ ਹੀ ਪੁਲਿਸ ਸੁਰੱਖਿਆ ਮਹੁੱਹਿਆ ਕਰਵਾਣੀ ਚਾਹੀਦੀ ਹੈ ਕੇਵਲ ਰੁਤਬਾ ਦਿਖਾਉਣ ਲਈ ਪੁਲਿਸ ਮੁਲਾਜਮਾ ਦੀ ਦੁਰਵਰਤੋਂ ਨਹੀ ਹੋਣੀ ਚਾਹੀਦੀ ਓਨਾ ਕਿਹਾ ਕਿ ਸੱਤਾਧਾਰੀ ਪਾਰਟੀ ਦੀ ਸਰਕਾਰ ਦੇ ਕੁਝ ਛੋਟੇ ਮੋਟੋ ਲੀਡਰ ਲੋਕਲ ਪੱਧਰ ਤੇ ਪੁਲਿਸ ਸੁਰੱਖਿਆ ਲੈ ਕਿ ਆਪਣੇ ਹੀ ਮੁਖ ਮੰਤਰੀ ਪੰਜਾਬ ਤੇ ਡੀ ਜੀ ਪੀ ਸੁਰੱਖਿਆ ਪੰਜਾਬ ਦੇ ਦਾਵੇਆਂ ਦੀ ਫੂਕ ਕੱਢ ਰਹੇ ਹਨ।

# ਹਲਕਾ ਧਰਮਕੋਟ ਨੂੰ ਤਿੰਨ ਫਾਇਰ ਬ੍ਰਿਗੇਡ ਗੱਡੀਆਂ ਅਤੇ ਫਾਇਰ ਸਟੇਸ਼ਨ ਮਨਜ਼ੂਰ ਕਰਾਉਣ ਲਈ ਲਾਡੀ ਢੋਸ ਦਾ ਧੰਨਵਾਦ-ਸੁੱਖ ਗਿੱਲ,ਆਪ ਆਗੂ ਗੁਰਮੀਤ ਮਖੀਜਾ



**ਮੋਗਾ/ਧਰਮਕੋਟ/ਦਵਿੰਦਰ ਸਿੰਘ ਬਿੱਟੂ**

ਭਾਰਤੀ ਕਿਸਾਨ ਯੂਨੀਅਨ ਪੰਜਾਬ ਦੇ ਯੂਥ ਵਿੰਗ ਜ਼ਿਲਾ ਪ੍ਰਧਾਨ ਸੁੱਖ ਗਿੱਲ ਅਤੇ ਸੀਨੀਅਰ ਆਪ ਆਗੂ ਗੁਰਮੀਤ ਮੁਖੀਜਾਂ ਨੇ ਕਿਹਾ ਕੇ ਅਸੀਂ ਬਹੁਤ ਧੰਨਵਾਦੀ ਹਾਂ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦਾ ਜਿਨਾਂ ਨੇ ਪਿਛਲੇ ਦਿਨੀ ਹਲਕੇ ਵਿੱਚ ਅੱਗ ਲੱਗਣ ਦੀਆਂ ਵਾਰਦਾਤਾਂ ਨੂੰ ਮੁੱਖ ਰੱਖਦਿਆਂ ਹੋਇਆਂ ਹਲਕਾ ਧਰਮਕੋਟ ਵਿੱਚ ਫਾਇਰ ਸਟੇਸ਼ਨ,ਤਿੰਨ ਫਾਇਰ ਬਿਰਗੇਡ ਗੱਡੀਆਂ ਅਤੇ ਫਾਇਰ ਦੀ ਪੂਰੀ ਟੀਮ ਧਰਮਕੋਟ ਚ ਸਥਾਪਿਤ ਕਰਵਾਉਣ ਲਈ ਸਰਦਾਰ ਭਗਵੰਤ ਮਾਨ ਮੁੱਖ ਮੰਤਰੀ ਪੰਜਾਬ ਕੋਲ ਇਹ ਮੁੱਦਾ ਗੰਭੀਰਤਾ ਨਾਲ ਉਠਾ ਕੇ ਕੁਝ ਦਿਨਾਂ ਵਿੱਚ ਹੀ ਮਨਜ਼ੂਰੀ ਲੈ ਲਈ,ਸੁੱਖ ਗਿੱਲ ਅਤੇ ਸੀਨੀਅਰ ਆਗੂ ਗੁਰਮੀਤ ਮੁਖੀਜਾਂ ਨੇ ਬੋਲਦਿਆਂ ਕਿਹਾ ਕਿ ਉਹ ਵੀ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਦਵਿੰਦਰਜੀਤ ਸਿੰਘ ਲਾਡੀ ਢੋਸ ਦਾ ਇਸ ਮੰਗ ਨੂੰ ਮੰਨਣ ਤੇ ਦਿਲੋਂ ਧੰਨਵਾਦ ਕਰਦੇ ਹ ਨ , । ਦਵਿੰਦਰਜੀਤ ਸਿੰਘ ਲਾਡੀ ਢੋਸ ਨੇ ਕੁਝ ਹੀ ਦਿਨਾਂ ਵਿਚ ਇਸ ਕੰਮ ਨੂੰ ਨੇਪਰੇ ਚਾੜ੍ਹਿਆ ਹੈ। ਉਸ ਦੇ ਲਈ ਹਲਕਾ ਧਰਮਕੋਟ ਦੇ ਸਮੂੰਹ ਹਲਕਾ ਨਿਵਾਸੀਆਂ ਨੇ ਦਵਿੰਦਰਜੀਤ ਸਿੰਘ ਲਾਡੀ ਢੋਸ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਨ ਉਨ੍ਹਾਂ ਨੇ ਹਲਕਾ ਧਰਮਕੋਟ ਦੀ ਬਹੁਤ ਚਿਰ ਤੋਂ ਲਟਕਦੀ ਹੋਈ ਇਸ ਮੰਗ ਨੂੰ ਕੁਝ ਹੀ ਦਿਨਾਂ ਵਿਚ ਪੂਰਾ ਕੀਤਾ ਹੈ।ਇਸ ਮੌਕੇ ਸੁੱਖ ਗਿੱਲ ਅਤੇ ਸੀਨੀਅਰ ਆਗੂ ਗੁਰਮੀਤ ਸਿੰਘ ਮੁਖੀਜਾ ਨੇ ਦਵਿੰਦਰਜੀਤ ਸਿੰਘ ਲਾਡੀ ਢੋਸ,ਮੁੱਖ ਮੰਤਰੀ ਪੰਜਾਬ ਸ੍: ਭਗਵੰਤ ਮਾਨ ਅਤੇ ਇਲਾਕਾ ਨਿਵਾਸੀਆਂ ਨੂੰ ਵਧਾਈ ਦਿੱਤੀ!